ਮਾਘ (ਸੰਮਤ ਨਾਨਕਸ਼ਾਹੀ ੫੫੧)
ਜਨਵਰੀ 2020

2/- ਰੁਪਏ
Vol. 92. Issue 1. January 2020

ਮਾਸਿਕ

# ਗੁਰਦੁਆਰਾ ਗਜ਼ਟ



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਦਾ ਦ੍ਰਿਸ਼।



ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਜੀ ਤੇ ਬਾਬਾ ਫਤਹਿ ਸਿੰਘ ਜੀ ਤੇ ਮਾਤਾ ਗੁਜਰ ਕੌਰ ਜੀ ਦੇ
ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਏ ਗਏ ਨਗਰ ਕੀਰਤਨ ਦੀ ਆਰੰਭਤਾ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ
ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ।

ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

| | |
|---|---|
| ਮਾਘ | ਨਾਨਕਸ਼ਾਹੀ ਸੰਮਤ ੫੫੧ |
| ਅੰਕ 1 | ਜਿਲਦ 92 |
| ਜਨਵਰੀ | 2020 |

**ਸੰਪਾਦਕ :** ਮਨਜੀਤ ਸਿੰਘ
**ਐਸੋਸੀਏਟ ਸੰਪਾਦਕ :** ਹਰਭਜਨ ਸਿੰਘ 'ਵਕਤਾ'

**ਸਹਾਇਤਾ**

| ਦੇਸ਼ | ਵਿਦੇਸ਼ |
|---|---|
| ਸਾਲਾਨਾ 20/- | ਸਾਲਾਨਾ 500/- |
| ਲਾਈਫ਼ 200/- | (ਹਵਾਈ ਡਾਕ) |

***Website : www.sgpc.net***
***E-mail : gurdwaragazette@gmail.com***
***info@sgpc.net***
***Phone: 0183-255 3956-60, Ext. 254***

## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇੱਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।

ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-68/10258 ਮਿਤੀ 20-6-67 ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

***ਪ੍ਰਤੀ ਕਾਪੀ 2/-ਰੁਪਏ***

## ਤਤਕਰਾ

| ਲੇਖ | ਪੰਨਾ |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰ ਮਰਯਾਦਾ | 4 |
| ਇਤਿਹਾਸਕ ਦਿਹਾੜੇ | 5 |
| ਗੁਰਬਾਣੀ ਵਿਚਾਰ | 6 |
| ਸੰਪਾਦਕੀ | 7 |
| ਸ੍ਰੀ ਮੁਕਤਸਰ ਸਾਹਿਬ ਦੀ ਲਾਸਾਨੀ ਜੰਗ *-ਭਾਈ ਗੋਬਿੰਦ ਸਿੰਘ ਲੌਂਗੋਵਾਲ* | 9 |
| ਮਾਨਵਤਾ ਦੇ ਗੁਰੂ: ਸ੍ਰੀ ਗੁਰੂ ਗੋਬਿੰਦ ਸਿੰਘ ਜੀ *-ਡਾ. ਰੂਪ ਸਿੰਘ* | 11 |
| ਅਟੁੱਟ ਜਜ਼ਬੇ ਦੀ ਉਦਾਹਰਨ: ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸ *-ਪ੍ਰੋ. ਕਿਰਪਾਲ ਸਿੰਘ ਬਡੂੰਗਰ* | 22 |
| ਦੁਨੀਆ ਦੇ ਮਹਾਨ ਵਿਦਵਾਨਾਂ ਦੀਆਂ ਨਜ਼ਰਾਂ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ *-ਬੀਬੀ ਪ੍ਰਕਾਸ਼ ਕੌਰ* | 26 |
| ਸ਼੍ਰੋਮਣੀ ਕਮੇਟੀ ਖ਼ਬਰਨਾਮਾ | 29 |
| ਹਿਸਾਬ-ਕਿਤਾਬ | 63 |

### English Section

| | |
|---|---|
| Historical Events | 67 |
| Asht Ratnas- Eight Eminent Sikhs *- S. Surjit Singh 'Gandhi'* | 68 |
| Sikh Reference Library... *-S. Bagicha Singh* | 72 |
| Sikhs of Shivnagar, Vaishali (Bihar) *-S. Jagmohan Singh Gill* | 78 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰ ਮਰਯਾਦਾ

## ਮਹੀਨਾ ਮਾਘ

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * ਆਸਾ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਤੱਕ ਸਵੇਰੇ |

* ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ।

| | |
|---|---|
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

*ਸਕੱਤਰ,*
*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ-੧੪੩੦੦੬*
*ਫੋਨ : ੦੦੯੧-੧੮੩-੨੫੫੩੯੫੭,੫੮,੫੯*

# ੧੬ ਜਨਵਰੀ ਤੋਂ ੧੫ ਫਰਵਰੀ ਤਕ ਦੇ ਇਤਿਹਾਸਕ ਦਿਹਾੜੇ

| | |
|---|---|
| ੧੬ ਜਨਵਰੀ | ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ। (੧੬-੧-੧੬੩੦) |
| ੧੭ ਜਨਵਰੀ | ਸਰਕਾਰ ਨੇ ਗੁਰਦੁਆਰਾ ਸੈਂਟਰਲ ਬੋਰਡ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋਂ ਪ੍ਰਵਾਨ ਕਰ ਲਿਆ। (੧੭-੧-੧੯੨੭) |
| ੧੮ ਜਨਵਰੀ | ਮਹਾਰਾਜਾ ਰਣਜੀਤ ਸਿੰਘ ਦਾ ਛੋਟਾ ਸਪੁੱਤਰ ਸ. ਸ਼ੇਰ ਸਿੰਘ ਰਾਜ-ਗੱਦੀ 'ਤੇ ਬੈਠਾ। (੧੮-੧-੧੮੪੧) |
| ੧੯ ਜਨਵਰੀ | ਸਿੱਖਾਂ ਨੇ ਚਾਬੀਆਂ ਦਾ ਮੋਰਚਾ ਜਿੱਤਿਆ ਤੇ ਸਰਕਾਰ ਨੇ ਚਾਬੀਆਂ ਸਿੱਖਾਂ ਨੂੰ ਸੌਂਪੀਆਂ। (੧੯-੧-੧੯੨੨) |
| ੨੨ ਜਨਵਰੀ | ਅਦਾਲਤ ਨੇ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬਲਬੀਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕੇਸ 'ਚ ਮੌਤ ਦੀ ਸਜ਼ਾ ਸੁਣਾਈ। (੨੨-੧-੧੯੮੬) |
| ੨੪ ਜਨਵਰੀ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ੧੨੯ ਮੈਂਬਰਾਂ ਅਤੇ ਇਕ ਲੱਖ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜਾਬੀ ਸੂਬੇ ਦੀ ਪ੍ਰਾਪਤੀ ਲਈ ਜਾਨਾਂ ਵਾਰਨ ਦਾ ਪ੍ਰਣ ਕੀਤਾ। (੨੪-੧-੧੯੬੦) |
| ੨੫ ਜਨਵਰੀ | ਸਿੱਖਾਂ ਦਾ ਇਕ ਜੱਥਾ ਤਰਨ ਤਾਰਨ ਵਿਖੇ ਪੁੱਜਾ ਅਤੇ ਮਹੰਤ ਦੇ ਕਿਰਾਏ ਦੇ ਬੰਦਿਆਂ ਨੇ ਸਿੱਖਾਂ 'ਤੇ ਹਮਲਾ ਕਰ ਦਿੱਤਾ, ਜਿਸ ਨਾਲ ਭਾਈ ਹਜ਼ਾਰਾ ਸਿੰਘ, ਭਾਈ ਹੁਕਮ ਸਿੰਘ ਅਤੇ ਕਈ ਹੋਰ ਸਿੰਘ ਸਖ਼ਤ ਜ਼ਖ਼ਮੀ ਹੋਏ। (੨੫-੧-੧੯੨੧) |
| ੨੬ ਜਨਵਰੀ | ਬਾਬਾ ਦੀਪ ਸਿੰਘ ਜੀ ਦਾ ਜਨਮ ਭਾਈ ਭਗਤ ਸਿੰਘ ਦੇ ਗ੍ਰਹਿ ਮਾਤਾ ਜਿਊਣੀ ਜੀ ਦੀ ਕੁੱਖੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਪਹੂਵਿੰਡ ਵਿਖੇ ਹੋਇਆ। (੨੬-੧-੧੬੮੨) |
| ੩੦ ਜਨਵਰੀ | ਭਾਈ ਹਕੀਕਤ ਰਾਏ ਨੂੰ ਸ਼ਹੀਦ ਕੀਤਾ ਗਿਆ। (੩੦-੧-੧੭੪੨) |
| ੩੧ ਜਨਵਰੀ | ਸਿੱਖਾਂ ਦੇ ਧਾਰਮਿਕ ਚਿੰਨ੍ਹ ਕਿਰਪਾਨ 'ਤੇ ਲੱਗੀ ਪਾਬੰਦੀ ਵਾਪਸ ਲਈ ਗਈ ਅਤੇ ਇੱਕ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਕਿ ਕਿਰਪਾਨ ਹਥਿਆਰ ਨਹੀਂ ਹੈ। (੩੧-੧-੧੯੩੬) |
| ੪ ਫਰਵਰੀ | ਵਜਾਊਕੋਟ (ਗੁਰਦਾਸਪੁਰ) ਦਾ ਭਾਈ ਹੁਕਮ ਸਿੰਘ ਜੋ ੨੫ ਜਨਵਰੀ ੧੯੨੧ ਨੂੰ ਤਰਨਤਾਰਨ ਵਿਖੇ ਜ਼ਖ਼ਮੀ ਹੋ ਗਿਆ ਸੀ, ਅਕਾਲ ਚਲਾਣਾ ਕਰ ਗਿਆ। (੪-੨-੧੯੨੧) |
| ੧੦ ਫਰਵਰੀ | ਅੰਗਰੇਜ਼ਾਂ ਤੇ ਸਿੱਖਾਂ ਵਿਚ ਸਭਰਾਵਾਂ ਦੀ ਲੜਾਈ ਵਿਚ ਲਾਲ ਸਿਹੁੰ, ਤੇਜ ਸਿਹੁੰ ਅਤੇ ਗੁਲਾਬਸਿਹੁੰ ਡੋਗਰੇ ਦੀ ਗ਼ੱਦਾਰੀ ਦੇ ਕਾਰਨ ਸਿੱਖਾਂ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਅਤੇ ਮਹਾਨ ਜਰਨੈਲ ਸ. ਸ਼ਾਮ ਸਿੰਘ ਅਟਾਰੀਵਾਲਾ ਸ਼ਹੀਦ ਹੋ ਗਏ। (੧੦-੨-੧੮੪੬) |
| ੧੫ ਫਰਵਰੀ | 'ਸ਼੍ਰੋਮਣੀ ਅਕਾਲੀ ਦਲ' ਨੇ ੧੯੩੯ ਨੂੰ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿਚ ਹੂੰਝਾ-ਫੇਰ ਜਿੱਤ ਪ੍ਰਾਪਤ ਕੀਤੀ। (੧੫-੨-੧੯੩੯) |

■

**ਗੁਰਬਾਣੀ ਵਿਚਾਰ:**

# ਮਾਘਿ ਮਜਨੁ ਸੰਗਿ ਸਾਧੂਆ...

*ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥*
*ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥*
*ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ ॥*
*ਕਾਮਿ ਕਰੋਧਿ ਨ ਮੋਹਿਐ ਬਿਨਸੈ ਲੋਭੁ ਸੁਆਨੁ ॥*
*ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥*
*ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥*
*ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥*
*ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥*
*ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥*

(ਪੰਨਾ ੧੩੫)

ਮਾਘ ਵਿਚ (ਮਾਘੀ ਵਾਲੇ ਦਿਨ) ਲੋਕ ਪ੍ਰਯਾਗ ਆਦਿਕ ਤੀਰਥਾਂ 'ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਹੇ ਭਾਈ! ਤੂੰ ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਨ੍ਹਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ (ਨਿਮਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ਼ (ਤੇਰੇ ਮਨ ਤੋਂ) ਲਹਿ ਜਾਏਗੀ, ਤੇਰੇ ਮਨ ਵਿੱਚੋਂ ਅਹੰਕਾਰ ਦੂਰ ਹੋ ਜਾਏਗਾ।

(ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ, ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ-ਦਰ 'ਤੇ ਭਟਕਦਾ ਹੈ)। ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਵੀ ਸ਼ੋਭਾ ਕਰਦਾ ਹੈ। ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ)।

ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤ) ਦਿੰਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ।

ਹੇ ਨਾਨਕ! ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਨ੍ਹਾਂ ਤੋਂ ਸਦਕੇ ਹਾਂ। ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤ ਦਿੰਦਾ ਹੈ) ॥੧੨॥

*ਸੰਪਾਦਕੀ...*

# ਸ੍ਰੀ ਮੁਕਤਸਰ ਸਾਹਿਬ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ..

ਸਿੱਖ ਤਵਾਰੀਖ਼ ਵਿਚ ਸ੍ਰੀ ਮੁਕਤਸਰ ਸਾਹਿਬ ਦੇ ਸਥਾਨ 'ਤੇ ਚਾਲੀ ਮੁਕਤਿਆਂ ਨਾਲ ਸਬੰਧਤ ਟੁੱਟੀ-ਗੰਢੀ ਦਾ ਪ੍ਰਸੰਗ ਬਹੁਤ ਅਹਿਮ ਹੈ। ਇਹ ਖ਼ਿਦਰਾਣੇ ਦੀ ਢਾਬ 'ਤੇ ਹੋਈ ਜੰਗ ਸਮੇਂ ਚਾਲੀ ਸਿੰਘਾਂ ਦੇ ਜੰਗ ਵਿਚ ਜੂਝਦਿਆਂ ਸ਼ਹੀਦੀ ਪ੍ਰਾਪਤ ਕਰਕੇ ਮੁਕਤਿਆਂ ਦੀ ਉਪਾਧੀ ਪ੍ਰਾਪਤ ਕਰਨ ਦੀ ਯਾਦ ਕਰਵਾਉਂਦਾ ਹੈ। ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਪਾਏ ਘੇਰੇ ਸਮੇਂ ਕੁਝ ਸਿੱਖ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਬੇਦਾਵਾ ਲਿਖ ਕੇ ਦੇ ਗਏ ਸਨ। ਇਸ ਬੇਦਾਵੇ ਦੇ ਕਾਰਨ ਭਾਵੇਂ ਕੁਝ ਵੀ ਬਣੇ ਹੋਣ ਪਰ ਜਦੋਂ ਇਹ ਸਿੰਘ ਆਪੋ-ਆਪਣੇ ਘਰੀਂ ਪੁੱਜੇ ਤਾਂ ਝਬਾਲ ਨਿਵਾਸੀ ਮਾਤਾ ਭਾਗ ਕੌਰ ਜੀ ਦੇ ਬਚਨਾਂ ਨੇ ਇਨ੍ਹਾਂ ਦੀ ਮਾਨਸਿਕਤਾ ਨੂੰ ਹਲੂਣਿਆ। ਸਿੱਖ ਇਤਿਹਾਸ ਵਿਚ ਉਸ ਬੀਬੀ ਨੂੰ ਮਾਈ ਭਾਗੋ ਦੇ ਨਾਮ ਨਾਲ ਯਾਦ ਕੀਤਾ ਜਾਂਦਾ ਹੈ। ਇਤਿਹਾਸ ਅਨੁਸਾਰ ਭਾਈ ਮਹਾਂ ਸਿੰਘ ਦੀ ਅਗਵਾਈ ਵਿਚ ਇਹ ਸਿੰਘ ਮਾਲਵੇ ਵਿਚ ਸਥਿਤ 'ਖ਼ਿਦਰਾਣੇ' ਦੇ ਸਥਾਨ 'ਤੇ ਪੁੱਜ ਕੇ ਦੁਸ਼ਮਣ ਫ਼ੌਜ ਨਾਲ ਟੱਕਰ ਲੈਂਦਿਆਂ ਸ਼ਹੀਦ ਹੋਏ ਅਤੇ ਗੁਰੂ ਜੀ ਦੀਆਂ ਅਸੀਸਾਂ ਦੇ ਪਾਤਰ ਬਣੇ। ਸ਼ਾਇਦ ਇਹ ਸੰਸਾਰ ਦੇ ਇਤਿਹਾਸ ਅੰਦਰ ਪਹਿਲੀ ਅਲੌਕਿਕ ਘਟਨਾ ਹੈ ਕਿ ਕਿਸੇ ਨੇ ਆਪਣੇ ਪ੍ਰਾਣ ਭੇਟਾ ਕਰ ਕੇ ਆਪਣੇ ਗੁਰੂ ਦੇ ਸਨਮੁਖ ਆਪਣੀ ਭੁੱਲ ਬਖ਼ਸ਼ਾਈ ਹੋਵੇ। ਇਨ੍ਹਾਂ ਸਿੰਘਾਂ ਦੇ ਪਿਆਰ ਤੇ ਲਾਸਾਨੀ ਕੁਰਬਾਨੀ ਤੋਂ ਪ੍ਰਸੰਨ ਹੋ ਕੇ ਗੁਰੂ ਜੀ ਨੇ ਜੋ ਬਚਨ ਕਹੇ, ਉਸ ਸਬੰਧੀ 'ਸੂਰਜ ਪ੍ਰਕਾਸ਼' ਗ੍ਰੰਥ ਅੰਦਰ ਭਾਈ ਸੰਤੋਖ ਸਿੰਘ ਜੀ ਲਿਖਦੇ ਹਨ:

*ਅਬਿ ਤੇ ਨਾਮ ਮੁਕਤਿਸਰ ਹੋਇ।*
*ਖਿਦਰਾਣਾ ਇਸ ਕਹੈ ਨ ਕੋਇ।*
*ਇਸ ਥਲ ਮੁਕਤਿ ਭਏ ਸਿਖ ਚਾਲੀ।*
*ਜੇ ਨਿਸ਼ਪਾਪ ਘਾਲ ਬਹੁ ਘਾਲੀ।*

ਗੁਰੂ ਜੀ ਨੇ ਇਨ੍ਹਾਂ ਸਿੰਘਾਂ ਨੂੰ ਚਾਲੀ ਮੁਕਤਿਆਂ ਦਾ ਖ਼ਿਤਾਬ ਦਿੰਦਿਆਂ ਖ਼ਿਦਰਾਣੇ ਦੀ ਢਾਬ ਨੂੰ ਮੁਕਤਸਰ ਬਣਾ ਦਿੱਤਾ, ਜਿਸ ਨੂੰ ਅਸੀਂ ਅੱਜ ਸ੍ਰੀ ਮੁਕਤਸਰ ਸਾਹਿਬ ਦੇ ਨਾਮ ਨਾਲ ਯਾਦ ਕਰਕੇ ਸ਼ਰਧਾ ਤੇ ਸਤਿਕਾਰ ਭੇਟ ਕਰਦੇ ਹਾਂ। ਇਸ ਸਾਕੇ ਨੂੰ ਖ਼ਾਲਸਾ ਪੰਥ ਵਿਚ 'ਟੁੱਟੀ ਗੰਢੀ' ਵਜੋਂ ਵੀ ਪ੍ਰਵਾਨ ਕੀਤਾ ਗਿਆ ਹੈ ਅਤੇ ਹਰ ਸਾਲ ਮਾਘ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਸਿੱਖ ਪੰਥ ਇਸ ਨੂੰ ਵੱਡੀ ਪੱਧਰ 'ਤੇ ਮਨਾਉਂਦਾ ਹੈ। ਇਨ੍ਹਾਂ ਮੁਕਤਿਆਂ ਨੂੰ ਸਿੱਖ ਪੰਥ ਹਰ ਰੋਜ਼ ਅਰਦਾਸ ਵਿਚ ਵੀ ਯਾਦ ਕਰਦਾ ਹੈ। ਸਿੱਖ ਪੰਥ ਦੇ ਇਹ ਮਾਹਨ ਸ਼ਹੀਦ ਕੌਮ ਦਾ ਸਰਮਾਇਆ ਹਨ।

ਭਾਈ ਮਹਾਂ ਸਿੰਘ ਦੀ ਅਗਵਾਈ ਵਿਚ ਸ਼ਹੀਦ ਹੋਏ ਇਹ ਸਿੰਘ, ਉਹ ਸਪੁੱਤਰ ਸਨ ਜਿਹੜੇ ਗੁਰੂ ਨਾਲੋਂ ਟੁੱਟ ਕੇ ਵੀ ਅੰਦਰੋਂ ਨਹੀਂ ਸਨ ਟੁੱਟੇ ਸਕੇ। ਉਨ੍ਹਾਂ ਅੰਦਰ ਗੁਰੂ-ਪਿਆਰ ਦੀ ਕਸਕ ਬਣੀ ਹੋਈ ਸੀ। ਉਸ ਪ੍ਰੀਤ ਦੀ ਖਿੱਚ ਕਾਰਨ ਉਹ ਗੁਰੂ ਸਾਹਿਬ ਤੋਂ ਆਪਣੀਆਂ ਜ਼ਿੰਦਗੀਆਂ ਕੁਰਬਾਨ ਕਰ ਗਏ। ਗੁਰੂ ਜੀ ਨੇ ਸ਼ਹੀਦ ਸਿੰਘਾਂ ਦੇ ਸੀਸ ਗੋਦ ਵਿਚ ਲੈ ਕੇ ਉਨ੍ਹਾਂ ਨੂੰ ਪੰਜ ਹਜ਼ਾਰੀ, ਦਸ ਹਜ਼ਾਰੀ ਆਦਿ ਦਾ ਖ਼ਿਤਾਬ ਦੇ ਕੇ ਇਨ੍ਹਾਂ ਦਾ ਲੋਕ-ਪ੍ਰਲੋਕ ਸੁਹੇਲਾ ਕੀਤਾ। ਇਸ ਪਾਵਨ ਧਰਤੀ 'ਤੇ ਚਾਲੀ ਮੁਕਤਿਆਂ ਨੇ ਲਹੂ-ਭਿੱਜੇ ਇਤਿਹਾਸ ਦੀ ਜੋ ਇਬਾਰਤ ਲਿਖੀ ਉਹ ਇਸ ਸੰਸਾਰ ਦੇ ਦਲੇਰ ਅਤੇ ਸੰਘਰਸ਼ੀ ਲੋਕਾਂ ਲਈ ਚਾਨਣ ਮੁਨਾਰਾ ਹੈ। ਉਨ੍ਹਾਂ ਦੀ ਕੁਰਬਾਨੀ ਮਨੁੱਖ ਨੂੰ ਜ਼ਿੰਦਗੀ ਦੇ ਸੰਘਰਸ਼ ਵਿਚ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਅਤੇ ਹੌਂਸਲਾ ਦਿੰਦੀ ਰਹੇਗੀ।

ਅੱਜ ਦੇ ਸੰਦਰਭ ਵਿਚ ਚਾਲੀ ਮੁਕਤਿਆਂ ਦੇ ਇਤਿਹਾਸਕ ਪ੍ਰਸੰਗ ਨੂੰ ਆਪਣੀ ਯਾਦ ਵਿਚ ਲਿਆਉਂਦਿਆਂ ਇਸ ਗੱਲ ਦੀ ਵੱਡੀ ਲੋੜ ਹੈ ਕਿ ਅਸੀਂ ਵੀ ਆਪਣਾ ਆਪਾ ਗੁਰੂ ਨੂੰ ਸਮਰਪਿਤ ਕਰੀਏ। ਖ਼ਾਸਕਰ ਸਿੱਖੀ ਸਰੂਪ ਨੂੰ ਤਿਲਾਂਜਲੀ ਦੇ ਰਹੀ ਸਾਡੀ ਨੌਜਵਾਨੀ ਨੂੰ ਇਸ ਦਿਨ ਨੂੰ ਸਾਹਮਣੇ ਰੱਖ ਕੇ ਆਪਣਾ ਮੰਥਨ ਜ਼ਰੂਰ ਕਰਨਾ ਚਾਹੀਦਾ ਹੈ ਅਤੇ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਵੀ ਜਾਣੇ-ਅਣਜਾਣੇ ਵਿਚ ਜੋ ਬੇਦਾਵਾ ਗੁਰੂ ਨੂੰ ਦਿੱਤਾ ਹੋਇਆ ਹੈ, ਉਹ ਪੜਵਾਉਣਾ ਹੈ। ਇਹ ਸਭ ਤਾਂ ਹੀ ਸੰਭਵ ਹੈ ਜੇਕਰ ਅਸੀਂ ਗੁਰੂ ਹੁਕਮਾਂ 'ਤੇ ਪਹਿਰਾ ਦੇ ਕੇ ਸਿੱਖੀ ਦੀ ਪਹਿਚਾਣ ਕੇਸਾਂ ਅਤੇ ਦਸਤਾਰ ਨੂੰ ਪਿਆਰ ਕਰਦਿਆਂ ਇਸ ਨੂੰ ਸੰਭਾਲਣ ਲਈ ਸੇਧਤ ਹੋਵਾਂਗੇ। ■


**ਫ਼ਾਰਮ IV ਰੂਲ ੮**

| | |
|---|---|
| ੧ ਛਪਣ ਦਾ ਅਸਥਾਨ | ਸ੍ਰੀ ਅੰਮ੍ਰਿਤਸਰ |
| ੨ ਛਪਣ ਦਾ ਸਮਾਂ | ਹਰ ਮਹੀਨੇ ਦੀ ੧੫-੧੬ ਤਾਰੀਖ |
| ੩ ਮੁਦ੍ਰਕ ਦਾ ਨਾਂ | ਮਨਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੪ ਪ੍ਰਕਾਸ਼ਕ ਦਾ ਨਾਂ | ਮਨਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੫ ਸੰਪਾਦਕ | ਮਨਜੀਤ ਸਿੰਘ |
| ਕੌਮੀਅਤ | ਭਾਰਤੀ |
| ਪਤਾ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |
| ੬ ਮਾਲਕ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ। |

ਮੈਂ ਮਨਜੀਤ ਸਿੰਘ ਸੰਪਾਦਕ, ਘੋਸ਼ਣਾ ਕਰਦਾ ਹਾਂ ਕਿ ਜਿਥੋਂ ਤਕ ਮੈਨੂੰ ਪਤਾ ਹੈ, ਉਪਰ ਦਿੱਤੀ ਜਾਣਕਾਰੀ ਸਹੀ ਹੈ।

ਸਹੀ/-ਮਨਜੀਤ ਸਿੰਘ

# ਸ੍ਰੀ ਮੁਕਤਸਰ ਸਾਹਿਬ ਦੀ ਲਾਸਾਨੀ ਜੰਗ

*-ਭਾਈ ਗੋਬਿੰਦ ਸਿੰਘ ਲੌਂਗੋਵਾਲ**

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਜਿੰਨੀਆਂ ਵੀ ਜੰਗਾਂ ਲੜੀਆਂ ਉਹ ਧਰਮ, ਸੱਚ ਤੇ ਹੱਕ ਦੀ ਖਾਤਰ ਸੰਘਰਸ਼ ਵਜੋਂ ਸਨ। ਸ੍ਰੀ ਮੁਕਤਸਰ ਸਾਹਿਬ ਦੇ ਅਸਥਾਨ 'ਤੇ ਗੁਰੂ ਸਾਹਿਬ ਨੇ ਮੁਗਲ ਸਾਮਰਾਜ ਨਾਲ ਆਖਰੀ ਤੇ ਫੈਸਲਾਕੁੰਨ ਯੁੱਧ ਕਰਕੇ ਭਾਰਤ ਭਰ ਵਿੱਚੋ ਜ਼ੁਲਮੀ ਮੁਗਲ ਰਾਜ ਦੀਆਂ ਜੜ੍ਹਾਂ ਪੁੱਟ ਦਿਤੀਆਂ। ਇਸ ਜੰਗ ਸਮੇਂ ਹੋਏ ਸ਼ਹੀਦਾਂ ਦੀ ਯਾਦ ਵਿਚ ਹਰ ਸਾਲ ਮਾਘੀ ਦੇ ਦਿਹਾੜੇ ਮੌਕੇ ਸੰਗਤਾਂ ਵੱਡੀ ਗਿਣਤੀ ਵਿਚ ਸ੍ਰੀ ਮੁਕਤਸਰ ਸਾਹਿਬ ਵਿਖੇ ਪੁੱਜਦੀਆਂ ਹਨ ਅਤੇ ਗੁਰੂ-ਘਰ ਨਤਮਸਤਕ ਹੋ ਕੇ ਆਪਣੇ ਮਹਾਨ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦੀਆਂ ਹਨ।

ਇਤਿਹਾਸ ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸ੍ਰੀ ਅਨੰਦਪੁਰ ਸਾਹਿਬ ਛੱਡਣ ਤੋਂ ਬਾਅਦ ਚਮਕੌਰ ਸਾਹਿਬ ਤੋਂ ਮਾਛੀਵਾੜੇ, ਆਲਮਗੀਰ, ਦੀਨਾ, ਕਾਂਗੜ ਤੋਂ ਹੁੰਦੇ ਹੋਏ ਕੋਟ ਕਪੂਰੇ ਪੁੱਜੇ। ਉੱਧਰ ਮੁਗਲ ਸੈਨਾ ਵੀ ਗੁਰੂ ਜੀ ਦਾ ਪਿੱਛਾ ਕਰ ਰਹੀ ਸੀ। ਇਥੋਂ ਗੁਰੂ ਜੀ ਖਿਦਰਾਣੇ ਦੀ ਢਾਬ ਪੁੱਜੇ। ਦੂਸਰੇ ਪਾਸੇ ਮਾਈ ਭਾਗ ਕੌਰ ਦੀ ਅਗਵਾਈ ਹੇਠ ੪੦ ਸਿੰਘਾਂ ਦਾ ਜਥਾ ਗੁਰੂ ਜੀ ਦੀ ਭਾਲ ਵਿਚ ਖਿਦਰਾਣੇ ਦੀ ਢਾਬ ਤੇ ਪੁੱਜਿਆ। ਇਹ ਉਹ ਸਿੰਘ ਸਨ ਜੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਜੀ ਨੂੰ ਬੇਦਾਵਾ ਲਿਖ ਕੇ ਦੇ ਗਏ ਸਨ। ਉਹਨਾਂ ਨੂੰ ਖਬਰ ਮਿਲੀ ਸੀ ਕਿ ਮੁਗਲ ਸੈਨਾ ਗੁਰੂ ਜੀ ਤੇ ਹਮਲਾ ਕਰਨ ਲਈ ਰਾਮੋਆਣੇ ਵੱਲੋਂ ਆ ਰਹੀ ਹੈ। ਗੁਰੂ ਜੀ ਨੇ ਆਪਣਾ ਦਰਬਾਰ ਟਿੱਬੇ 'ਤੇ ਲਗਾਇਆ ਹੋਇਆ ਸੀ। ਯੁੱਧ ਅੰਮ੍ਰਿਤ ਵੇਲੇ ਸ਼ੁਰੂ ਹੋਇਆ। ੪੦ ਸਿੰਘਾਂ ਨੇ ਅਜਿਹੀ ਰਣਨੀਤੀ ਅਪਣਾਈ ਕਿ ਇਕ ਇਕ ਸਿੰਘ ਹੀ ਟਾਕਰੇ ਤੇ ਅੱਗੇ ਜਾਵੇ। ਉਸ ਦੇ ਪਿਛੇ ਪੰਜ ਹੋਰ, ਉਸ ਦੀ ਸਹਾਇਤਾ ਲਈ ਨਿਕਲਣ। ਗੁਰੂ ਜੀ ਸਾਰਾ ਯੁੱਧ ਦੇਖ ਰਹੇ ਸਨ। ਗੁਰੂ ਜੀ ਤੀਰ ਛੱਡਦੇ ਰਹੇ ਤਾਂ ਕਿ ਦੁਸ਼ਮਣਾਂ ਨੂੰ ਭਾਜੜ ਪਈ ਰਹੇ। ਸਿੱਖਾਂ ਦੇ ਹੁਣ ਪਾਣੀ ਤੇ ਕਬਜਾ ਹੋਣ ਕਰਕੇ ਦੁਸ਼ਮਣਾ ਦਾ ਟਿਕਾਣਾ ਅਸੰਭਵ ਸੀ। ਗੁਰੂ ਸਾਹਿਬ ਜਦ ਖ਼ੁਦ ਸਿੰਘਾਂ ਸਮੇਤ ਟਿੱਬੀ ਵਾਲੀ ਥਾਂ ਤੋਂ ਹੇਠਾਂ ਆਏ ਤਾਂ ਸਿੰਘਾਂ ਦੇ ਵਾਰ ਅੱਗੇ ਤੇ ਤ੍ਰੇਹ ਦੀ ਮਾਰ ਕਾਰਨ ਦੁਸ਼ਮਣ ਫੌਜਾਂ ਭੱਜ ਉਠੀਆਂ ਅਤੇ ਖਾਲਸੇ ਨੂੰ ਜਿੱਤ ਪ੍ਰਾਪਤ ਹੋਈ।

ਗੁਰੂ ਜੀ ਸਿੰਘਾਂ ਸਮੇਤ ਯੁੱਧ ਅਸਥਾਨ 'ਤੇ ਪਹੁੰਚੇ। ਉਨ੍ਹਾਂ ਨੇ ਦੇਖਿਆ ਕਿ ਉਹ ੪੦ ਸਿੰਘ ਜੋ ਕਿ ਅਨੰਦਪੁਰ ਵਿਖੇ ਉਨ੍ਹਾਂ ਨੂੰ ਬੇਦਾਵਾ ਦੇ ਕੇ ਚਲੇ ਗਏ ਸਨ ਉਹ ਵੀ ਸ਼ਹਾਦਤ ਪ੍ਰਾਪਤ ਕਰ ਚੁੱਕੇ ਹਨ। ਗੁਰੂ ਜੀ ਹਰ ਸਿੱਖ ਕੋਲ ਜਾਂਦੇ ਮੂੰਹ ਸਾਫ ਕਰਦੇ ਤੇ ਸੀਸ ਗੋਦ ਵਿਚ ਰੱਖ ਕੇ ਪਿਆਰ ਕਰਦੇ ਤੇ ਕਾਰਨਾਮੇ ਸੁਣ ਕੇ ਬਖਸ਼ਿਸ਼ਾਂ ਕਰਦੇ ਕਿ ਇਹ ਮੇਰਾ ਸਿੱਖ ਪੰਜ ਹਜ਼ਾਰੀ ਹੈ, ਇਹ ਦਸ ਹਜ਼ਾਰੀ ਤੇ ਇਹ ਤੀਹ ਹਜ਼ਾਰੀ। ਜਿਤਨੇ ਕਦਮ ਮੋਰਚੇ ਤੋਂ ਅੱਗੇ ਵੱਧ ਕੇ ਸ਼ਹੀਦੀ ਪਾਈ ਉਤਨਾ ਹੀ ਮਨਸਬ ਬਖਸਦੇ। ਅਖੀਰ ਭਾਈ ਰਾਇ ਸਿੰਘ ਦੇ ਪੁੱਤਰ ਭਾਈ ਮਹਾਂ ਸਿੰਘ ਪਾਸ ਪਹੁੰਚੇ। ਭਾਈ ਮਹਾਂ ਸਿੰਘ ਦਾ ਮੁਖੜਾ ਸਾਫ ਕਰਕੇ ਸੀਸ ਗੋਦ ਵਿਚ ਰਖਿਆ ਤੇ ਮੂੰਹ ਵਿਚ ਪਾਣੀ ਪਾ ਕੇ ਛਾਤੀ ਨਾਲ ਲਾ ਕੇ ਆਖਣ ਲੱਗੇ ਭਾਈ ਮਹਾਂ ਸਿੰਘ ਤੁਸੀਂ ਸਿੱਖੀ ਦੀ ਲਾਜ ਰੱਖ ਲਈ ਹੈ ਤੇ ਆਪਣੀਆਂ ਸ਼ਹਾਦਤਾਂ ਦੇ ਕੇ ਦੁਸ਼ਮਣਾ ਦੇ ਦੰਦ ਖੱਟੇ ਕੀਤੇ ਹਨ ਜੋ ਚਾਹੇ ਮੰਗ ਲਉ। ਮਹਾਂ ਸਿੰਘ ਨੇ ਕਿਹਾ ਦਸਮੇਸ਼ ਪਿਤਾ ਜੀ ਕੋਈ ਮੰਗ ਨਹੀਂ ਦਰਸ਼ਨਾਂ ਦੀ ਸਿੱਕ ਸੀ ਹੋ ਗਏ, ਕਿਸੇ ਵਸਤੂ ਦੀ ਲੋੜ ਨਹੀਂ। ਨਹੀਂ ਪਿਆਰੇ-ਮਹਾਂ ਸਿੰਘ ਜੀ ਕੁਝ ਹੋਰ ਮੰਗ। ਭਾਈ ਮਹਾਂ

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਸਿੰਘ ਨੇ ਕਿਹਾ ਪਾਤਸ਼ਾਹ ਜੇ ਤੁਠੇ ਹੋ ਤਾਂ ਉਹ ਕਾਗਜ ਦਾ ਟੁਕੜਾ (ਬੇਦਾਵਾ) ਪਾੜ ਦਿਉ। ਗੁਰੂ ਜੀ ਨੇ ਉਹ ਕਾਗਜ਼ ਦਾ ਟੁਕੜਾ ਜੇਬ ਵਿਚੋਂ ਕੱਢਿਆਂ ਤੇ ਫਾੜ ਦਿਤਾ। ਇਸ ਤੋਂ ਬਾਅਦ ਭਾਈ ਮਹਾਂ ਸਿੰਘ ਨੇ ਵੀ ਪ੍ਰਾਣ ਤਿਆਗ ਦਿੱਤੇ। ਗੁਰੂ ਜੀ ਨੇ ਇਨ੍ਹਾਂ ੪੦ ਸਿੰਘਾਂ ਦਾ ਆਪਣੇ ਹੱਥੀ ਸੰਸਕਾਰ ਕੀਤਾ ਤੇ ਮੁਕਤਿਆਂ ਦੀ ਉਪਾਧੀ ਬਖਸ਼ਿਸ਼ ਕੀਤੀ ਤੇ ਇਸ ਧਰਤੀ ਨੂੰ ਮੁਕਤੀ ਦਾ ਵਰ ਦਿੱਤਾ। ਇਨ੍ਹਾਂ ਅਮਰ ਸ਼ਹੀਦਾਂ ਦੀ ਅਦੁੱਤੀ ਕੁਰਬਾਨੀ ਸਦਕਾਂ ਇਸ ਥਾਂ ਨੂੰ 'ਖਿਦਰਾਣੇ ਤੋਂ ਮੁਕਤਸਰ' ਦਾ ਖਿਤਾਬ ਬਖਸ਼ਿਆ।

ਵਰਤਮਾਨ ਸਮੇਂ ਵਿਚ ਸਾਨੂੰ ਸ੍ਰੀ ਮੁਕਤਸਰ ਸਾਹਿਬ ਦੇ ਸ਼ਹੀਦਾਂ ਤੋਂ ਪ੍ਰੇਰਨਾ ਲੈਣ ਦੀ ਵੱਡੀ ਲੋੜ ਹੈ। ਹੱਕਸੱਚ ਲਈ ਅਤੇ ਜ਼ੁਲਮ ਦੇ ਖਿਲਾਫ ਸੰਘਰਸ਼ਸ਼ੀਲ ਰਹਿਣਾ ਇਹ ਜੰਗ ਦਾ ਸੁਨੇਹਾ ਹੈ। ਇਹ ਸਾਡਾ ਵਿਰਸਾ ਹੈ, ਜਿਸ ਨੇ ਸਾਨੂੰ ਅਗਵਾਈ ਦੇਣੀ ਹੈ। ਧਰਮ ਦੀਆਂ ਉਚੀਆਂ-ਸੁਚੀਆਂ ਕਦਰਾਂ ਕੀਮਤਾਂ, ਨੈਤਿਕ ਗੁਣਾ, ਗੁਰਮਤਿ ਰਹਿਣੀ, ਇਤਿਹਾਸ ਦੇ ਸ਼ਾਨਾਮਤੇ ਵਰਕੇ ਅਤੇ ਜੀਵਨ ਪ੍ਰਤੀ ਅੰਮ੍ਰਿਤਮਈ ਫਲਸਫਾ ਨੌਜਵਾਨਾਂ ਅਤੇ ਬੱਚਿਆਂ ਨੂੰ ਸਹੀ ਦਿਸ਼ਾ ਦੇ ਸਕਦਾ ਹੈ। ਸਾਡੇ ਮਹਾਨ ਸ਼ਹੀਦ ਇਕ ਜੀਵਨ ਫਲਸਫਾ ਹਨ, ਨੌਜਵਾਨੀ ਅਤੇ ਬੱਚਿਆਂ ਲਈ ਅਗਵਾਈ ਹਨ, ਹੱਕ-ਸੱਚ ਦੇ ਗਵਾਹ ਹਨ, ਦ੍ਰਿੜਤਾ ਅਤੇ ਸੂਰਮਤਾਈ ਦੀ ਮੂਰਤ ਹਨ, ਚੜਦੀ ਕਲਾ ਦੇ ਪ੍ਰਗਟਾਵੇ ਦਾ ਜਲੌਅ ਹਨ। ਇਸੇ ਲਈ ਉਨ੍ਹਾਂ ਦਾ ਜੀਵਨ ਸੁਚੱਜੇ ਆਚਰਨ ਲਈ ਆਦਰਸ਼ ਹੈ। ਅੱਜ ਇਹ ਵੱਡੀ ਜਰੂਰਤ ਹੈ ਕਿ ਅਸੀਂ ਆਪਣਾ ਸਵੈ ਮੰਥਨ ਕਰੀਏ ਅਤੇ ਕੌਮ ਦੇ ਭਵਿੱਖ ਭਾਵ ਅਗਲੀ ਪੀੜ੍ਹੀ ਨੂੰ ਆਪਣੀ ਵਿਰਾਸਤ ਅਤੇ ਇਤਿਹਾਸ ਨਾਲ ਜੋੜਨ ਲਈ ਉਪਰਾਲੇ ਕਰੀਏ। ਸੋ ਆਓ, ਆਪਣੇ ਮਹਾਨ ਸ਼ਹੀਦਾਂ ਦੀ ਦੇਣ ਨੂੰ ਯਾਦ ਕਰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣੀਏ ਅਤੇ ਹੱਕ, ਸੱਚ ਦੀ ਪਹਿਰੇਦਾਰੀ ਲਈ ਅੱਗੇ ਆਈਏ।

■

## ਗੁਰਪੁਰਬਾਂ ਸਮੇਂ ਸਜਾਏ ਜਾਂਦੇ ਜਲੌ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਹੇਠ ਲਿਖੇ ਗੁਰਪੁਰਬਾਂ 'ਤੇ ਜਲੌ ਸਜਾਏ ਜਾਂਦੇ ਹਨ, ਦੀਪਮਾਲਾ ਤੇ ਆਤਿਸ਼ਬਾਜ਼ੀ ਕੀਤੀ ਜਾਂਦੀ ਹੈ:

* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਨਾਨਕ ਦੇਵ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਰਾਮਦਾਸ ਜੀ
* ਗੁਰਗੱਦੀ ਦਿਵਸ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
* ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ
* ਪਹਿਲਾ ਪ੍ਰਕਾਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ

*ਜਲੌ ਦਾ ਸਮਾਂ: ਸਵੇਰੇ ੯ ਤੋਂ ੧੨ ਵਜੇ ਦੁਪਹਿਰ ਤੀਕ।*

# ਮਾਨਵਤਾ ਦੇ ਗੁਰੂ: ਸ੍ਰੀ ਗੁਰੂ ਗੋਬਿੰਦ ਸਿੰਘ ਜੀ

*-ਡਾ. ਰੂਪ ਸਿੰਘ**

ਬਾਦਸ਼ਾਹ ਦਰਵੇਸ਼, ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਰੂਹਾਨੀ ਪ੍ਰਤਿਭਾ ਨੂੰ ਬਿਆਨ ਕਰਨਾ ਅਕੱਥ ਨੂੰ ਕਥਣ ਦੇ ਤੁੱਲ ਹੈ। ਇਹ ਇਵੇਂ ਹੀ ਹੈ ਜਿਵੇਂ ਮਘਦੇ ਸੂਰਜ ਦੀ ਕੈਮਰੇ ਨਾਲ ਤਸਵੀਰ ਲੈਣਾ। ਦਿਬ-ਦੈਵੀ ਸ਼ਖ਼ਸੀਅਤਾਂ ਦੇ ਦਰਸ਼ਨ ਸੰਸਾਰਿਕ ਅੱਖਾਂ ਨਾਲ ਨਹੀਂ ਕੀਤੇ ਜਾ ਸਕਦੇ, ਨਾ ਹੀ ਇਹਨਾਂ ਨੂੰ ਪ੍ਰਚਲਤ ਧਾਰਮਿਕ, ਸਮਾਜਿਕ ਤੇ ਸੰਸਾਰਿਕ ਸ਼ਬਦਾਵਲੀ 'ਚ ਬਿਆਨ ਕੀਤਾ ਜਾ ਸਕਦਾ ਹੈ। ਮਹਾਂਕਵੀ ਸੰਤੋਖ ਸਿੰਘ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨਾਂ ਬਾਰੇ ਲਿਖਦੇ ਹਨ : ਦੁਰਨਰਿੱਖ ਦਰਸ਼ਨ ਸਤਿਗੁਰ ਕੇ ਭਗਵਤ ਗੀਤਾ ਅਨੁਸਾਰ ਜਦ ਅਰਜਨ ਨੇ ਭਗਵਾਨ ਕ੍ਰਿਸ਼ਨ ਦੇ ਸ਼ੁਧ ਸਰੂਪ ਦੇ ਦਰਸ਼ਨ ਕਰਨ ਲਈ ਤਮੰਨਾ ਜ਼ਾਹਿਰ ਕੀਤੀ, ਤਦ ਭਗਵਾਨ ਕ੍ਰਿਸ਼ਨ ਨੇ ਸਪੱਸ਼ਟ ਕੀਤਾ ਕਿ ਰੂਹਾਨੀ ਅੱਖਾਂ ਹੀ ਰੂਹਾਨੀ ਰੂਹਾਂ ਦੇ ਦੀਦਾਰ ਕਰ ਸਕਦੀਆਂ ਹਨ।

*ਦਿਵਯਮ ਦਦਾਮਿ ਤੇ ਚਕਸ਼ੂ।* (੧੧-੮)

ਗੁਰਮਤਿ ਵਿਚਾਰਧਾਰਾ ਅਨੁਸਾਰ 'ਅਕਾਲ ਪੁਰਖ', 'ਪ੍ਰਭੂ-ਪਰਮਾਤਮਾ' ਤੇ 'ਗੁਰੂ-ਜੋਤਿ' 'ਜਨਮ-ਮਰਨ' ਤੋਂ ਰਹਿਤ ਹੈ। ਜੋਤਿ ਸਦੀਵੀ ਹੋਣ ਕਰਕੇ ਸਮੇਂ-ਸਥਾਨ ਦੀਆਂ ਸੀਮਾਵਾਂ ਤੋਂ ਸੁਤੰਤਰ ਹੈ। ਇਹੀ ਕਾਰਣ ਹੈ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਗੁਰੂ ਖਾਲਸਾ-ਪੰਥ ਤੇ ਗੁਰੂ-ਗ੍ਰੰਥ ਜੋਤਿ ਰੂਪ ਵਿੱਚ ਪ੍ਰਗਟ ਹੋਣ ਦੇ ਪ੍ਰਮਾਣਕ, ਸਮਕਾਲੀ-ਸਾਰਥਕ ਅਨੇਕਾਂ ਹਵਾਲੇ ਮਿਲਦੇ ਹਨ। ਭਾਈ ਗੁਰਦਾਸ ਜੀ ਗੁਰੂ ਨਾਨਕ ਜੋਤਿ ਦੇ ਪ੍ਰਗਟ ਹੋਣ ਨੂੰ 'ਸਤਿਗੁਰ ਨਾਨਕ ਪ੍ਰਗਟਿਆ', 'ਵਡਾ ਪੁਰਖੁ ਪਰਗਟਿਆ ਕਲਿਜੁਗਿ ਅੰਦਰਿ ਜੋਤਿ ਜਗਾਈ', ਸ੍ਰੀ ਗੁਰੂ ਅਰਜਨ ਦੇਵ ਜੀ 'ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ', ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਭਾਈ ਗੁਰਦਾਸ ਦੂਜਾ 'ਵਹ ਪ੍ਰਗਟਿਓ ਮਰਦ ਅਗੰਮੜਾ ਵਰੀਆਮ ਇਕੇਲਾ' ਅਤੇ ਸਰਬ ਲੋਹ ਗ੍ਰੰਥ ਵਿਚ ਖਾਲਸਾ ਪੰਥ ਬਾਰੇ 'ਪ੍ਰਗਟਿਓ ਖਾਲਸਾ ਪ੍ਰਮਾਤਮ ਕੀ ਮੌਜ' ਤੇ ਅਖੀਰ ਸ਼ਬਦ-ਗੁਰੂ, ਦਸਾਂ ਪਾਤਸ਼ਾਹੀਆਂ ਦੀ ਜੋਤਿ ਨੂੰ 'ਪ੍ਰਗਟ ਗੁਰਾਂ ਕੀ ਦੇਹਿ' ਦੇ ਰੂਪ ਵਿੱਚ ਬਿਆਨ ਕੀਤਾ ਗਿਆ, ਜਿਸ ਨੂੰ 'ਸਭ ਸਿਖਨ ਕੋ ਹੁਕਮ ਹੈ', ਦੇ ਰੂਪ 'ਚ ਮੰਨਿਆ ਜਾਂਦਾ ਹੈ। ਅਸੀਂ ਗੁਰੂ-ਸਾਹਿਬਾਨ ਬਾਰੇ ਜੋ ਸੰਸਾਰਿਕ ਸ਼ਬਦਾਵਲੀ 'ਚ ਬਿਆਨ ਕਰਨ ਦਾ ਯਤਨ ਕਰਦੇ ਹਾਂ ਉਹ ਸਥੂਲ-ਸਰੂਪ ਸਰੀਰ ਦਾ ਬਿਆਨ ਹੁੰਦਾ ਹੈ, ਅਦਿਖ ਗੁਰੂ-ਜੋਤਿ ਦਾ ਨਹੀਂ। ਉਪਰੋਕਤ ਸੰਖੇਪ ਵਿਵਰਣ ਤੋਂ ਸਪੱਸ਼ਟ ਹੈ ਕਿ ਗੁਰੂ-ਜੋਤਿ ਪ੍ਰਕਾਸ਼ਮਾਨ-ਪ੍ਰਗਟ ਹੁੰਦੀ ਹੈ ਜੋ ਜਨਮ-ਮਰਨ ਤੋਂ ਰਹਿਤ ਹੈ। ਗੁਰਬਾਣੀ ਸਪੱਸ਼ਟ ਕਰਦੀ ਹੈ :

*ਗੋਬਿੰਦ ਲੋਕ ਨਹੀ ਜਨਮਿ ਮਰਹਿ॥* (ਪੰਨਾ ੨੧੧)

ਬਾਲ ਗੋਬਿੰਦ ਰਾਏ ਨੇ ਆਦਿ ਗੁਰੂ, ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤ ਸੁਹਾਵੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਤੇ ਮਾਤਾ ਗੁਜਰੀ ਜੀ ਦੇ ਘਰ ਪ੍ਰਗਟ ਹੋ ਬਾਲ ਵਰੇਸ ਦੇ ਅਗੰਮੀ ਕੌਤਕ ਕੀਤੇ। ਮਾਤਾ ਗੁਜਰੀ ਜੀ ਦੀ ਨਿਗਰਾਨੀ 'ਚ ਆਉਣ ਵਾਲੇ ਸਮੇਂ ਦੇ ਹਾਣੀ ਬਣਨ ਲਈ ਸਿਖਿਆ ਪ੍ਰਾਪਤ ਕੀਤੀ। ਮਸਨੂਈ ਜੰਗੀ ਅਭਿਆਸ ਕੀਤੇ, ਸਮੇਂ ਦੀ ਬਾਦਸ਼ਾਹੀ ਦਾ ਬਾਲ ਅਵਸਥਾ ਸਮੇਂ ਬਾਗੀ ਸੁਰ 'ਚ ਮੂੰਹ ਚੜਾ ਖਿੱਲੀ ਉਡਾਈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਮੂਲ ਨਾਂ 'ਗੋਬਿੰਦ ਰਾਇ'

**ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਹੈ। ਗੋਬਿੰਦ ਦਾ ਅਰਥ-ਭਾਵ ਸਰਵਕਾਲੀ, ਸਮੇਂ ਸਥਾਨ ਤੋਂ ਸੁਤੰਤਰ ਹਰੀ ਪਰਮਾਤਮਾ ਹੈ। ਕੋਸ਼ਾਂ ਵਿਚ ਵੀ ਗੋਬਿੰਦ ਦਾ ਸ਼ਾਬਦਿਕ ਅਰਥ ਵਾਹਿਗੁਰੂ, ਪ੍ਰਿਥਵੀ-ਪਾਲਕ, ਕਰਤਾਰ, ਪਾਰਬ੍ਰਹਮ, ਗੁਣਾਂ ਦਾ ਸਮੁੰਦ੍ਰ ਆਦਿ ਕੀਤੇ ਮਿਲਦੇ ਹਨ। ਗੁਰਬਾਣੀ ਇਨ੍ਹਾਂ ਅਰਥਾਂ ਨੂੰ ਸਪਸ਼ਟ ਕਰਦੀ ਹੈ :

*ਪਾਰਬ੍ਰਹਮ ਪਰਮੇਸੁਰ ਗੋਬਿੰਦ॥ ਕ੍ਰਿਪਾ ਨਿਧਾਨ ਦਇਆਲ ਬਖਸੰਦ॥* *(ਪੰਨਾ ੨੮੩)*
*ਸਭੁ ਗੋਬਿੰਦੁ ਹੈ ਸਭੁ ਗੋਬਿੰਦੁ ਹੈ ਗੋਬਿੰਦ ਬਿਨੁ ਨਹੀ ਕੋਈ॥* *(ਪੰਨਾ ੪੮੫)*
*ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ॥* *(ਪੰਨਾ ੩੭੮)*
*ਦੁਸਟ ਹਰਨਾ ਸ੍ਰਿਸਟ ਕਰਨਾ ਦਯਾਲ ਲਾਲ ਗੋਬਿੰਦ॥* *(ਸ੍ਰੀ ਦਸਮ ਗ੍ਰੰਥ)*

'ਰਾਇ' ਸ਼ਬਦ ਦੇ ਸ਼ਾਬਦਿਕ ਅਰਥ-ਸੰਗਯਾ ਦੇ ਰੂਪ 'ਚ ਰਾਜਾ, ਅਮੀਰ, ਮਾਲਕ, ਪ੍ਰਭੂ, ਵਾਹਿਗੁਰੂ, ਕਰਤਾਰ, ਪਾਰਬ੍ਰਹਮ ਕੀਤੇ ਮਿਲਦੇ ਹਨ। ਗੁਰਬਾਣੀ ਦੇ ਪਾਵਨ ਉਪਦੇਸ਼ ਹਨ:

*ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ॥* *(ਪੰਨਾ ੨੫੫)*
*ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ॥* *(ਪੰਨਾ ੨੫੬)*
*ਆਪੁ ਤਜਹੁ ਗੋਬਿੰਦ ਭਜਹੁ ਸਰਨਿ ਪਰਹੁ ਹਰਿ ਰਾਇ॥* *(ਪੰਨਾ ੨੯੮)*
*ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ॥* *(ਪੰਨਾ ੩੭੫)*
*ਅੰਤਰਿ ਰਾਮ ਰਾਇ ਪ੍ਰਗਟੇ ਆਇ॥* *(ਪੰਨਾ ੧੧੪੧)*

'ਗੋਬਿੰਦ ਰਾਇ' ਦੇ ਅਗੇਤਰ-ਪਿਛੇਤਰ ਵਿਸ਼ੇਸ਼ਣ ਜਿਤਨੇ ਮਰਜ਼ੀ ਸ਼ਰਧਾ-ਭਾਵਨਾ, ਸਤਿਕਾਰ ਨਾਲ ਲਗਾ ਦੇਈਏ, ਆਪਣੇ ਮਨ ਦੀ ਤਸੱਲੀ ਹੋ ਜਾਵੇਗੀ ਪਰ 'ਗੋਬਿੰਦ' ਦੇ ਗੁਣਾਂ ਦਾ ਗਾਇਨ, ਅਕਥ ਕਥਾ ਕਥੀ ਨ ਜਾਇ ਦੀ ਅਵਸਥਾ ਹੈ। ਗੋਬਿੰਦ ਸ਼ਬਦ ਦਾ ਕੋਈ ਬਦਲ ਨਹੀਂ। ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਫੁਰਮਾਣ ਹੈ:

*ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ॥*
*ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ॥* *(ਪੰਨਾ ੪੮੭)*

ਗੋਬਿੰਦ ਨਾਮ 'ਚ ਐਸੀ ਸ਼ਕਤੀ ਹੈ ਕਿ ਭਗਤ ਨਾਮਦੇਵ ਜਿਸਨੂੰ ਅੱਧੀ ਦਮੜੀ ਦਾ ਨਹੀਂ ਸਨ ਮੰਨਦੇ ਉਹੀ ਗੋਬਿੰਦ ਗੋਬਿੰਦ ਕਰਦਿਆਂ 'ਗੋਬਿੰਦ' ਰੂਪ ਹੋ ਲਖੀਣਾ ਭਾਵ ਲੱਖਾਂ ਦਾ ਹੋ ਗਿਆ, ਅਮੋਲਕ-ਅਮਰ ਹੋ ਗਿਆ। ਲੋਕ ਉਸ ਦੇ ਨਾਮ ਨਾਲ ਜੁੜ ਗਏ। ਦੂਸਰੇ ਪਾਸੇ ਅਸੀਂ ਤਕਦੇ ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਨਾਮ ਦਾ 'ਗੋਬਿੰਦ' ਸ਼ਬਦ ਉਸ ਹੀ ਨਿਰੰਕਾਰੀ ਜੋਤਿ ਦੇ ਅਰਥਾਂ, ਭਾਵਾਂ ਤੇ ਭਾਵਨਾ 'ਚੋਂ ਵਰਤਿਆ ਗਿਆ ਹੈ। ਗੋਬਿੰਦ ਦੇ ਬਿਸਰਨ ਨਾਲ ਤਾਂ ਆਤਮਿਕ ਮੌਤ ਹੈ-''ਮਰਣੰ ਬਿਸਰਣੰ ਗੋਬਿੰਦਹ॥''

ਦਸਮੇਸ਼ ਪਿਤਾ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪਟਨੇ ਦੀ ਧਰਤੀ 'ਤੇ ਪ੍ਰਗਟ ਹੋਏ ਇਹ ਇਕ ਪ੍ਰਤੱਖ ਪ੍ਰਮਾਣ ਹੈ :

*ਤਹੀ ਪ੍ਰਕਾਸ ਹਮਾਰਾ ਭਯੋ॥ ਪਟਨਾ ਸਹਰ ਬਿਖੈ ਭਵ ਲਯੋ॥*
*(ਬਚਿਤ੍ਰ ਨਾਟਕ, ਅਧਿ: ੭)*

*ਵਹ ਪ੍ਰਗਟਿਓ ਪੁਰਖ ਭਗਵੰਤ ਰੂਪ ਗੁਰ ਗੋਬਿੰਦ ਸੂਰਾ।...*
*ਉਹੁ ਗੁਰੂ ਗੋਬਿੰਦ ਹੋਇ ਪ੍ਰਗਟਿਓ ਦਸਵਾਂ ਅਵਤਾਰਾ।* *(ਭਾਈ ਗੁਰਦਾਸ ਦੂਜਾ)*

ਜਨਮ-ਮਰਨ ਸੰਸਾਰੀ ਲੋਕਾਈ ਵਾਸਤੇ ਹੈ ਜੋ ਵਿਕਾਰਾਂ ਤੋਂ ਨਿਰਲੇਪ ਨਹੀਂ ਹੋ ਸਕਦੇ ਪਰ ਰੂਹਾਨੀ ਪਾਤਸ਼ਾਹ, ਰੱਬੀ ਨੂਰ-ਨਿਰੰਕਾਰੀ ਤੇ ਪਰਉਪਕਾਰੀ ਹੈ। ਗੁਰੂ ਸਰਵਕਾਲੀ, ਸਰਵਪੱਖੀ-ਸਰਬਗੁਣ ਸੰਪੰਨ, ਸਮੇਂ-ਸਥਾਨ ਦੀਆਂ ਸੀਮਾਵਾਂ ਤੋਂ ਸੁਤੰਤਰ ਹੁੰਦਾ ਹੈ। ਗੁਰੂ ਅਗਿਆਨਤਾ ਦੇ ਹਨੇਰੇ ਨੂੰ ਦੂਰ ਕਰਨ ਵਾਸਤੇ ਗਿਆਨ ਪ੍ਰਕਾਸ਼ਕ, ਗਿਆਨ ਦਾ ਬ੍ਰਹਿਮੰਡੀ ਸੂਰਜ ਹੈ, ਜੋ ਪਵਨ-ਗੁਰੂ ਪਾਣੀ-ਪਿਤਾ ਦੇ ਸਿਧਾਂਤ ਅਨੁਸਾਰ

ਸਮਸਤ ਸੰਸਾਰ ਲਈ ਅਗਿਆਨ ਵਿਨਾਸ਼ਕ-ਪ੍ਰਕਾਸ਼ ਦਾ ਅਮੁਕ ਸਰੋਤ ਹੈ। ਇਨ੍ਹਾਂ ਅਰਥਾਂ ਵਿਚ ਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕਿਸੇ ਧਰਮ, ਜਾਤੀ, ਕੌਮ, ਖੇਤਰ ਤੀਕ ਸੀਮਤ ਨਹੀਂ ਉਹ ਸਮੁੱਚੀ ਕਾਇਨਾਤ ਲਈ ਕੁਦਰਤੀ ਧਰਮ ਗੁਰੂ ਹਨ ਜਿਨ੍ਹਾਂ ਨੂੰ ਅਸੀਂ ਮਾਨਵਤਾ ਦੇ ਗੁਰੂ ਵਜੋਂ ਦੇਖਣ ਦਾ ਯਤਨ ਕਰ ਰਹੇ ਹਾਂ। ਬਾਦਸ਼ਾਹ-ਦਰਵੇਸ਼ ਸ਼ੁਭ ਕਰਮਨ ਤੇ ਕਬਹੂੰ ਨਾ ਟਰੋਂ ਦੀ ਅਰਦਾਸ ਅਕਾਲ ਪੁਰਖ ਦੇ ਦਰ 'ਤੇ ਕਰਦਿਆਂ, ਨਿਸਚੈ ਕਰਿ ਅਪਨੀ ਜੀਤ ਕਰਨ ਦੇ ਦ੍ਰਿੜ੍ਹ ਵਿਸਵਾਸ਼ੀ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਕੋਈ ਸਾਨੀ ਨਹੀਂ, ਕੋਈ ਬਦਲ ਨਹੀਂ, ਕਵੀ ਅੱਲਾ ਯਾਰ ਖਾਂ ਜੋਗੀ ਦੇ ਸ਼ਬਦਾਂ 'ਚ :

*ਕਰਤਾਰ ਕੀ ਸੁਗੰਦ ਹੈ, ਨਾਨਕ ਕੀ ਕਸਮ ਹੈ।*
*ਜਿਤਨੀ ਭੀ ਹੋ ਗੋਬਿੰਦ ਕੀ ਤਾਰੀਫ਼ ਵੁਹ ਕਮ ਹੈ।* *(ਸ਼ਹੀਦਾਨਿ ਵਫ਼ਾ)*

ਸਾਈਂ ਭੀਖਣ ਸ਼ਾਹ ਨੇ ਲੋਕਾਈ ਨੂੰ ਪ੍ਰਤੱਖ ਕਰਨ ਲਈ ਪੂਰਬ ਵੱਲ ਸਿਜਦਾ ਕੀਤਾ, ਪਟਨੇ ਸ਼ਹਿਰ ਜਾ ਕੇ ਗੁਰੂ-ਜੋਤਿ ਦੇ ਦਰਸ਼ਨ ਕਰ ਸਪੱਸ਼ਟ ਕੀਤਾ ਕਿ ਗੁਰਦੇਵ-ਪਿਤਾ ਧਰਮ, ਜਾਤੀ ਜਾਂ ਖੇਤਰ ਨਾਲ ਸੰਬੰਧਿਤ ਨਹੀਂ ਸਗੋਂ ਮਨੁੱਖਤਾ ਨੂੰ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ ਦਾ ਸੰਦੇਸ਼ ਦੇਣ ਆਏ ਹਨ। ਫ਼ਤਹਿ ਚੰਦ ਮੈਣੀ, ਸ਼ਿਵ ਦੱਤ ਦੇ ਸ਼ੰਕਿਆਂ ਨੂੰ ਨਿਵਿਰਤ ਕਰ ਸ਼ਸਤ੍ਰ ਤੇ ਸ਼ਾਸਤ੍ਰ ਵਿਦਿਆ ਦੀ ਪ੍ਰਾਰੰਭਕ ਵਿਦਿਆ ਹਾਸਲ ਕਰ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਨੰਦਪੁਰ ਸਾਹਿਬ ਨੂੰ ਰਵਾਨਾ ਹੋਏ।

ਅਨੰਦਪੁਰ ਸਾਹਿਬ ਦੀ ਪਾਵਨ-ਪਵਿੱਤਰ ਧਰਤ ਸੁਹਾਵੀ 'ਤੇ ਹੀ ਚਾਰੇ ਸਾਹਿਬਜ਼ਾਦੇ ਅੰਗਮੀ ਕੌਤਕ ਕਰਦੇ ਹਨ। ਮਾਤਾ ਜੀਤੋ ਜੀ ਦਾ ਅਕਾਲ ਚਲਾਣਾ ਵੀ ਇੱਥੇ ਹੀ ਹੁੰਦਾ ਹੈ। ਦਰਦਮੰਦ, ਦੁਖੀ ਤੇ ਆਜ਼ਜ ਬ੍ਰਾਹਮਣ, ਕ੍ਰਿਪਾ ਰਾਮ ਦੀ ਅਗਵਾਈ 'ਚ ਆਪਣੇ ਧਰਮ-ਕਰਮ ਇਜ਼ਤ-ਆਬਰੂ ਲਈ ਅਧੀਨਗੀ ਨਾਲ ਬੇਨਤੀ ਕਰਦੇ ਹਨ ਤਾਂ ਦਸਮ ਪਾਤਸ਼ਾਹ ਹੀ ਪ੍ਰਵਾਨ ਚੜ੍ਹਾਉਂਦੇ ਹਨ। ਨੌਂ ਸਾਲ ਦੀ ਉਮਰ 'ਚ ਗੁਰੂ ਪਿਤਾ, ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਹਿੰਦੂ ਧਰਮ ਦੀ ਹੋਂਦ ਨੂੰ ਬਚਾਉਣ ਲਈ ਸ਼ਹਾਦਤ ਵਾਸਤੇ ਤੋਰਨਾ, ਸਵੈ-ਵਿਸ਼ਵਾਸ, ਸਿਦਕ ਭਰੋਸੇ ਦਾ ਸ਼ਿਖਰ ਸੀ। ਭਾਈ ਜੈਤਾ ਜੀ ਤੋਂ ਸ਼ਹੀਦ ਗੁਰੂ-ਪਿਤਾ, ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪਾਵਨ ਸੀਸ ਪ੍ਰਾਪਤ ਕਰ, ਪਿਆਰੇ-ਗੁਰਸਿੱਖ ਨੂੰ ਪਿਆਰ ਗਲਵਕੜੀ 'ਚ ਲੈ ਕੇ ਬਖਸ਼ਿਸ਼ ਕਰਦੇ ਹਨ ਰੰਘਰੇਟੇ ਗੁਰੂ ਕੇ ਬੇਟੇ। ਮਾਖੋਵਾਲ ਚੱਕ ਨਾਨਕੀ ਦੀ ਛੋਟੀ ਜਿਹੀ ਨਗਰੀ ਨੂੰ ਬ੍ਰਹਿਮੰਡੀ ਖਾਲਸੇ ਦੇ ਪ੍ਰਗਟ ਅਸਥਾਨ ਦੇ ਰੂਪ 'ਚ ਤਖ਼ਤ, ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਜੋਂ ਵਿਸ਼ਵ ਪ੍ਰਸਿੱਧੀ ਪ੍ਰਾਪਤ ਹੋਈ। ਮਸਨੂਈ ਜੰਗਾਂ ਤੇ ਧਰਮ ਯੁੱਧ ਦੀ ਤਿਆਰੀ ਲਈ ਕਿਲ੍ਹੇ ਉਸਾਰੇ ਗਏ।

ਸਾਹ-ਸਤਹੀਨ ਹੋਏ ਭਾਰਤੀਆਂ, ਮੁਰਦਾ-ਨਿਤਾਣੇ ਲੋਕਾਂ 'ਚ ਸਾਹਸ-ਸ਼ਕਤੀ ਨੂੰ ਪੈਦਾ ਕਰਨ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਕੇਸਗੜ੍ਹ ਦੀਆਂ ਪਹਾੜੀਆਂ 'ਤੇ ਕੇਸਰੀ ਪਰਚਮ ਝੁਲਾਏ, ਰਣਜੀਤ ਨਗਾਰੇ 'ਤੇ ਚੋਟਾਂ ਲਗਵਾਈਆਂ। ਘੋੜ-ਸਵਾਰੀ ਤੇ ਸ਼ਸਤਰ-ਵਿਦਿਆ ਲਈ ਮਸਨੂਈ ਜੰਗਾਂ-ਯੁੱਧਾਂ, ਫ਼ਤਹਿ ਦੇ ਜੈਕਾਰਿਆਂ ਨਾਲ ਧਰਮ ਯੁੱਧ ਲਈ ਚਾਉ-ਹੁਲਾਸ ਪੈਦਾ ਕੀਤਾ। ਇਹ ਸਭ ਕੁਝ ਸਦੀਆਂ ਤੋਂ ਗੁਲਾਮ ਭਾਰਤੀਆਂ ਲਈ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਵਲੋਂ ਸਖ਼ਤ ਮਨ੍ਹਾ ਕੀਤਾ ਸੀ। ਸਾਹਿਬੇ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬੁਜ਼ਦਿਲਾਂ 'ਚ ਬਹਾਦਰੀ ਪੈਦਾ ਕਰਨ ਲਈ ਬੀਰ-ਰਸੀ ਸਾਹਿਤ ਸਿਰਜਣਾ ਕੀਤੀ ਤੇ ਕਰਵਾਈ। ਖਾਲਸਈ ਫ਼ਤਹਿ ਦੇ ਬੋਲਾਂ ਤੇ ਜੰਗੀ ਜੈਕਾਰਿਆਂ ਨਾਲ ਪਹਾੜੀਆਂ ਗੂੰਜ ਉਠੀਆਂ। ਬਿਨ ਕਰਤਾਰ ਨ ਕਿਰਤਮ ਮਾਨੋ ਦੇ ਧਾਰਨੀ ਗੁਰੂ ਪਿਤਾ ਜੀ ਦੇ ਨਿਰਦੇਸ਼ਾਂ ਅਨੁਸਾਰ ਸ਼ਸਤਰਾਂ ਦੇ ਪੁਜਾਰੀ, ਸੁਤੰਤਰਤਾ, ਸਵੈਮਾਣ ਦੀ ਸ਼ਕਤੀ ਨਾਲ ਮਾਲਾ-ਮਾਲ ਸਿੰਘਾਂ ਨੇ ਸਰੂਪ ਤੇ ਸ਼ਖ਼ਸੀ ਪੂਜਾ ਨੂੰ ਮੁਕੰਮਲ ਰੂਪ 'ਚ ਨਕਾਰ ਦਿੱਤਾ। ਸ਼ੂਦਰ ਨੂੰ ਸਮਾਜਿਕ ਬਰਾਬਰੀ ਦਾ ਅਧਿਕਾਰ ਨਹੀਂ ਸੀ ਉਸ ਨੂੰ ਸਤਿਗੁਰਾਂ ਨੇ ਸਿੱਖ

ਸ਼ਹਿਨਸ਼ਾਹ ਬਣਾ ਦਿੱਤਾ:

*ਨਾਮ ਗਰੀਬ ਨਿਵਾਜ ਹਮਾਰਾ। ਹੈ ਜਗ ਮੇਂ ਪ੍ਰਸਿਧ ਅਪਾਰਾ।*
*ਸੋ ਸਫਲਾ ਜਗ ਮੈ ਤਬ ਥੈ ਹੈਂ। ਲਘੁ ਜਾਤਨ ਕੋ ਬਡਪਨ ਦੈ ਹੈਂ।*
*ਜਿਨ ਕੀ ਜਾਤਿ ਔਰ ਕੁਲ ਮਾਂਹੀ, ਸਰਦਾਰੀ ਨਹਿ ਭਈ ਕਦਾਹੀਂ।...*
*ਇਨ ਹੀ ਕੋ ਸਰਦਾਰ ਬਨਾਵੋਂ, ਤਬੈ ਗੋਬਿੰਦ ਸਿੰਘ ਨਾਮ ਸਦਾਵੋਂ।*

*(ਪੰਥ ਪ੍ਰਕਾਸ਼, ਗਿ· ਗਿਆਨ ਸਿੰਘ)*

*ਜੁੱਧ ਜਿਤੇ ਇਨਹੀ ਕੇ ਪ੍ਰਸਾਦਿ ਇਨਹੀ ਕੇ ਪ੍ਰਸਾਦਿ ਸੁ ਦਾਨ ਕਰੇ॥...*
*ਇਨਹੀ ਕੀ ਕ੍ਰਿਪਾ ਕੇ ਸਜੇ ਹਮ ਹੈ ਨਹੀ ਮੋ ਸੇ ਗਰੀਬ ਕਰੋਰ ਪਰੇ॥*

*(ਸ੍ਰੀ ਦਸਮ ਗ੍ਰੰਥ, ਪੰਨਾ ੭੧੬)*

ਖੇਰੂੰ-ਖੇਰੂੰ ਹੋਈ ਸਮਾਜਿਕ ਸ਼ਕਤੀ ਨੂੰ ਇਕੱਤਰ ਕਰ ਸੂਰਬੀਰ ਬਚਨ ਕੇ ਬਲੀ ਸੂਰਮੇ ਸਰਦਾਰ ਬਣਾਏ। ਇਸ ਕਾਰਜ ਵਾਸਤੇ ਵਿਦਵਾਨ-ਸਾਹਿਤਕਾਰ ਤੇ ਕਵੀ ਬੁਲਾਏ ਗਏ। ਇਸ ਮਨੋਰਥ ਨੂੰ ਗੁਰੂ ਜੀ ਇੰਝ ਸਪੱਸ਼ਟ ਕਰਦੇ ਹਨ :

*ਧੰਨਿ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿੱਤ ਮੈ ਜੁਧੁ ਬਿਚਾਰੈ॥* *(ਕ੍ਰਿਸ਼ਨਵਤਾਰ)*

ਅਨੰਦਪੁਰ ਸਾਹਿਬ ਤੋਂ ਗੁਰਦੇਵ ਪਿਤਾ ਸ਼ਹਿਰ ਪਾਂਵਟੇ ਦੀ ਸੁਧ ਲੈਂਦੇ ਹਨ। ਰੁਝੇਵਿਆਂ, ਯੁੱਧਾਂ, ਕਸ਼ਟਾਂ ਦੇ ਸਮੇਂ ਵੀ ਕਾਵਿ-ਰਚਨਾ ਕਰਦੇ ਰਹੇ। ੫੨ ਕਵੀਆਂ ਦੀ ਸ਼ਾਹਦੀ ਤਾਂ ਬਹੁਤ ਸਾਰੇ ਇਤਿਹਾਸਕ ਹਵਾਲੇ ਭਰਦੇ ਹਨ, ਜਿਨ੍ਹਾਂ ਨੂੰ ਗੁਰਦੇਵ ਤਨਖ਼ਾਹ ਤੋਂ ਇਲਾਵਾ-ਬੇਨਜ਼ੀਰ ਇਨਾਮਾਂ ਨਾਲ ਨਿਵਾਜਦੇ ਸਨ। ਗੁਰੂ ਦਰਬਾਰ ਵਿਚ ਵੱਡੀ ਗਿਣਤੀ ਵਿਚ ਵਿਦਵਾਨ, ਕਵੀ, ਲਿਖਾਰੀ, ਮੁਨਸ਼ੀ, ਮੁਸੱਦੀ ਤੇ ਹੋਰ ਸਿੱਖ ਸੇਵਾਦਾਰ ਸਨ। ਦੇਹਰਾ ਮਸੀਤ ਨੂੰ ਵੱਖ-ਵੱਖ ਧਰਮ ਮੰਦਰ ਮੰਨਣ ਵਾਲੇ, ਪੁਰਾਣ-ਕੁਰਾਣ ਦੇ ਸੰਦੇਸ਼ 'ਤੇ ਅਮਲ ਕਰਨ ਵਾਲੇ ਉਨ੍ਹਾਂ ਦੇ ਸ਼ਰਧਾਲੂ, ਸੇਵਕ, ਮੁਰੀਦ ਤੇ ਸ਼ਹੀਦ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਤੇਗ਼ਾਂ ਨਾਲ ਕਲਮਾਂ ਘੜੀਆਂ, ਜਿਨ੍ਹਾਂ ਐਸਾ ਬੀਰ ਰਸ ਸਾਹਿਤ ਪੈਦਾ ਕੀਤਾ, ਜਿਸ ਨੇ ਬੁਜ਼ਦਿਲਾਂ-ਕਾਇਰਾਂ 'ਚ ਬੀਰਤਾ-ਬਹਾਦਰੀ ਦੇ ਬੀਜ ਬੋਏ ਕਿ ਸਵਾ-ਸਵਾ ਲੱਖ ਨਾਲ ਇਕੱਲੇ ਲੜ ਗਏ। ਇਹ ਵੇਰਵੇ ਦਰਬਾਰੀ ਕਵੀਆਂ ਦੀਆਂ ਰਚਨਾਵਾਂ ਤੋਂ ਵੀ ਮਿਲਦੇ ਹਨ।

ਪਾਉਂਟੇ ਦੀ ਧਰਤੀ 'ਤੇ ਨਿਵਾਸ ਕਰਦਿਆਂ ਭੰਗਾਣੀ ਯੁੱਧ ਵਿਚ ਜਿੱਤ ਪ੍ਰਾਪਤ ਕਰਕੇ ਭਈ ਜੀਤ ਮੇਰੀ ਕ੍ਰਿਪਾ ਕਾਲ ਕੇਰੀ ਦਾ ਨਾਅਰਾ ਬੁਲੰਦ ਕੀਤਾ। ਨੀਵੀਂ ਜਾਤ ਦੇ ਕਹੇ ਜਾਂਦੇ ਸ਼ੂਦਰਾਂ ਨੂੰ ਪਿਆਰ ਗਲਵਕੜੀ ਵਿਚ ਲੈ ਕੇ ਸੂਰਮੇ ਸ਼ੇਰ ਹੋਣ ਦਾ ਮਾਣ ਦਿੱਤਾ। ਇਸਲਾਮਿਕ ਅਸੂਲਾਂ ਦੇ ਧਾਰਣੀ ਪੀਰ ਬੁੱਧੂ ਸ਼ਾਹ ਵੱਲੋਂ ਆਪਣੇ ਸਪੁੱਤਰ, ਮੁਰੀਦ ਗੁਰੂ ਜੀ ਤੋਂ ਕੁਰਬਾਨ ਕਰਨੇ ਕਿਸੇ ਕਰਾਮਾਤ ਤੋਂ ਘੱਟ ਨਹੀਂ ਸੀ। ਪੀਰ ਬੁੱਧੂ ਸ਼ਾਹ ਸ਼ਕਲਾਂ-ਸਰੀਰਾਂ ਦੇ ਪੁਜਾਰੀ ਨਹੀਂ ਕੇਵਲ ਇਕ ਅੱਲ੍ਹਾ ਨੂੰ ਮੰਨਣ ਵਾਲੇ ਸਨ। ਉਹ ਬ੍ਰਹਿਮੰਡੀ ਧਰਮ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਮਨ-ਬਚਨ-ਕਰਮ ਕਰਕੇ ਸਮਰਪਿਤ ਹੋਏ ਪ੍ਰੇਮ ਖੇਲਣ ਕਾ ਚਾਉ ਦੀ ਖੇਡ ਖੇਡਦੇ ਹਨ। ਕਲਗੀਧਰ ਦੇ ਸ਼ਸਤਰ ਦੀਨ-ਦੁਖੀ ਦੀ ਰੱਖਿਆ ਢਾਲ ਤੇ ਜਾਬਰਾਂ-ਜ਼ਾਲਮਾਂ ਵਾਸਤੇ ਕਾਲ ਸਨ। ਅਕਾਲ ਪੁਰਖ ਵੱਲੋਂ ਬਖਸ਼ਿਸ਼ਾਂ ਕਾਰਣ ਅੱਗੋਂ ਜੋ ਅੜਦਾ ਸੀ ਸੋ ਝੜਦਾ ਸੀ। ਜੋ ਸ਼ਰਨ ਆਉਂਦਾ ਉਸਨੂੰ ਗਲੇ ਨਾਲ ਲਗਾਉਂਦੇ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਦੇ ਨਾਲ ਤਨ, ਮਨ ਤੋਂ ਜੁੜਦੇ ਨਿਮਾਣੇ, ਨਿਤਾਣੇ, ਗਰੀਬੜੇ ਕਮਜ਼ੋਰ ਕਿਰਸਾਨ ਸੇਵਕ ਤੋਂ ਸਿਕਦਾਰ-ਸਿਰਦਾਰ ਬਣਾਉਣ ਦੀ ਸਮਰੱਥਾ ਸੀ।

ਤਖ਼ਤ, ਸ੍ਰੀ ਕੇਸਗੜ੍ਹ ਸਾਹਿਬ (ਅਨੰਦਪੁਰ ਸਾਹਿਬ) ਦੇ ਪਾਵਨ ਅਸਥਾਨ 'ਤੇ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਖੰਡੇ ਦੀ ਧਾਰ 'ਤੇ ਚਲਣ ਵਾਲੀ ਖੜਗਧਾਰੀ ਕੌਮ ਸਿਰਜੀ। ਫਿਰ ਆਪ ਉਨ੍ਹਾਂ ਪਾਸੋਂ ਅੰਮ੍ਰਿਤ ਦਾਤ ਪ੍ਰਾਪਤ ਕਰ ਪੰਥ ਨੂੰ ਗੁਰੂ-ਪੰਥ ਦੀ ਸਰਵਉਚ ਪਦਵੀ-ਖਿਤਾਬ ਪ੍ਰਦਾਨ ਕੀਤਾ। ਭਰਮ ਭੇਖ ਤੋਂ ਨਿਆਰੇ

ਖਾਲਸੇ ਨੂੰ ਗੁਰਦੇਵ ਆਪਣਾ ਗੁਰੂ ਤਸਵਰ ਕਰਦੇ ਹਨ :

*ਖ਼ਾਲਸਾ ਖਾਸ ਕਹਾਏ ਸੋਈ, ਜਾ ਕੇ ਹਿਰਦੇ ਭਰਮ ਨ ਹੋਈ।*
*ਭਰਮ ਭੇਖ ਤੇ ਰਹੇ ਨਿਆਰਾ, ਸੋ ਖਾਲਸਾ, ਸਤਿਗੁਰੂ ਹਮਾਰਾ।* *(ਗੁਰ ਸੋਭਾ)*
*ਖਾਲਸਾ ਮੇਰੋ ਸਤਿਗੁਰ ਪੂਰਾ। ਖਾਲਸਾ ਮੇਰੋ ਸ੍ਵਜਨ ਸੂਰਾ।...*
*ਯਾ ਮਹਿ ਰੰਚ ਨ ਮਿਥਿਆ ਭਾਖੀ। ਪਾਰਬ੍ਰਹਮ ਗੁਰ ਨਾਨਕ ਸਾਖੀ।* *(ਸਰਬ ਲੋਹ)*

ਗੁਰਬਾਣੀ ਦੇ ਪਾਵਨ ਉਪਦੇਸ਼ 'ਮਿਰਤਕ ਕਉ ਪਾਇਓ ਤਨਿ ਸਾਸਾ' ਦੇ ਗੁਰੂ ਬਚਨ ਨੂੰ ਅਮਲ 'ਚ ਪ੍ਰਗਟ ਕਰਦਿਆਂ ਗੁਲਾਮ ਮਾਨਸਿਕਤਾ ਦੀ ਥਾਂ ਸ੍ਵੈ-ਵਿਸ਼ਵਾਸ, ਭਰੋਸੇ, ਸੁਤੰਤਰਤਾ ਸਿੱਖ ਸੋਚ ਹੋਂਦ-ਹਸਤੀ ਤੇ ਵਿਲੱਖਣ ਪਹਿਚਾਣ, ਜਗਦੀ-ਜ਼ਮੀਰ ਵਾਲੇ ਬਾਣੀ-ਬਾਣੇ ਦੇ ਧਾਰਨੀ ਸੂਰਬੀਰ ਬਚਨ ਕੇ ਬਲੀ ਸਿੰਘਾਂ (ਸ਼ੇਰਾਂ) ਦਾ ਪੰਥ ਪ੍ਰਗਟ ਕੀਤਾ, ਜਿਹੜਾ ਕਦੇ ਵੀ ਸਮੇਂ-ਸਥਾਨ ਤੇ ਸੱਤਾ ਨਾਲ ਸਮਝੌਤਾ ਕਰਕੇ ਕਿਸੇ ਕਿਸਮ ਦੀ ਗੁਲਾਮੀ, ਪ੍ਰਾਧੀਨਤਾ ਪ੍ਰਵਾਨ ਨਾ ਕਰੇ। ਸ੍ਰ· ਰਤਨ ਸਿੰਘ ਭੰਗੂ ਦੇ ਸ਼ਬਦਾਂ 'ਚ :

*ਕਿਸ ਹੂੰ ਕੀ ਇਹ ਕਾਣ ਨ ਧਰਹੈਂ। ਰਾਜ ਕਰੈਂ ਇਕੈ ਲਰ ਮਰਹੈਂ।*

ਵਿਅਕਤੀ ਵਿਸ਼ੇਸ਼, ਰਾਜਾਸ਼ਾਹੀ, ਸੰਸਾਰਿਕ ਬਾਦਸ਼ਾਹੀ ਦੀ ਜੈ-ਜੈ ਕਾਰ ਦੇ ਵਿਰੁੱਧ ਬਗਾਵਤੀ ਸੁਰ ਨੂੰ ਬੁਲੰਦ ਕਰਨ ਤੇ ਖਾਲਸਾ ਹੋਆ ਖ਼ੁਦ-ਖ਼ੁਦਾ ਦੀ ਭਾਵਨਾ ਨੂੰ ਪ੍ਰਚੰਡ ਕਰਨ ਲਈ ਖਾਲਸਾ ਜੀ ਬੋਲਿਆਂ ਦੇ ਰੂਪ ਵਿਚ ਸੰਬੋਧਨੀ ਬੋਲਾ :

*ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥*

ਬੋਲਣ ਦਾ ਆਦੇਸ਼ ਕੀਤਾ। ਇਸ ਦੇ ਨਾਲ ਗੁਰਸਿੱਖਾਂ ਵਿਚ ਜਿੱਥੇ ਸ੍ਵੈ-ਵਿਸ਼ਵਾਸ ਪੈਦਾ ਹੋਇਆ ਉਥੇ ਅਕਾਲ ਪੁਰਖ ਵਾਹਿਗੁਰੂ ਦੀ ਸ਼ਰਵ-ਸ਼ਕਤੀ ਸੰਪੰਨ ਹੋਣ ਨੂੰ ਸਮਰਪਿਤ ਭਾਵਨਾ ਤੇ ਵਿਸ਼ਵਾਸ ਪਰਪੱਕ ਹੋਇਆ। ਇਹ ਸੰਬੋਧਨੀ ਬੋਲਾ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਦੀ ਬ੍ਰਹਿਮੰਡੀ ਚੇਤਨਾ ਨੂੰ ਪ੍ਰਗਟ ਕਰਦਾ ਹੈ ਜੋ ਕਿਸੇ ਕੌਮ, ਧਰਮ, ਖਿੱਤੇ, ਬਾਦਸ਼ਾਹ ਪਾਸੋਂ ਆਸ ਨਹੀਂ ਕੀਤੀ ਜਾ ਸਕਦੀ ਜੋ ਮਾਨਵਤਾ ਦੇ ਗੁਰੂ ਦੇ ਗੁਣ ਨੂੰ ਰੂਪਮਾਨ ਕਰਦੀ ਹੈ।

ਲੈਨਿਨ ਨੇ ਜੋ ਸਮਾਜਵਾਦ ਰੂਸ ਵਿੱਚ ੧੯੧੭ ਈ 'ਚ ਸਥਾਪਤ ਕੀਤਾ, ਉਸ ਦੇ ਬੀਜ ੨੧੮ ਸਾਲ ਪਹਿਲਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸ੍ਰੀ ਅਨੰਦਪੁਰ ਦੀ ਧਰਤੀ 'ਤੇ ਬੀਜੇ ਸਨ। ਇਸ ਦੀ ਗਵਾਹੀ ਸੰਸਾਰ ਪ੍ਰਸਿੱਧ ਇਤਿਹਾਸਕਾਰ ਆਰਨੋਲਡ ਟਾਇਨਬੀ ਨੇ ਆਪਣੇ ਮਹਾਂ-ਗ੍ਰੰਥ 'ਹਿਸਟਰੀ ਆਫ਼ ਦਾ ਵਰਲਡ' ਵਿੱਚ ਦਿੱਤੀ ਹੈ, ਕਿ ਲੈਨਿਨ ਦੀ ਕਮਿਊਨਿਸਟ ਪਾਰਟੀ ਦਾ ਪੂਰਵਜ਼, ਗੁਰੂ ਗੋਬਿੰਦ ਸਿੰਘ ਦਾ ਖ਼ਾਲਸਾ ਹੈ ਅਤੇ ਇਹ ਪਾਰਟੀ ਸ੍ਵੈ-ਉਤਪਤੀ ਦੀ ਪਦਵੀ ਦੀ ਅਧਿਕਾਰੀ ਨਹੀਂ। ('ਰਾਜ ਕਰੇਗਾ ਖਾਲਸਾ', ਸਿਰਦਾਰ ਕਪੂਰ ਸਿੰਘ, ਪੰਨਾ ੬੬)

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੰਸਾਰ ਵਿੱਚ ਇਹ ਸਥਾਪਿਤ ਤੇ ਸਾਬਤ ਕਰ ਦਿੱਤਾ ਕਿ ਹਲਤ-ਪਲਤ ਸੰਵਾਰਨ ਲਈ ਮੀਰੀ-ਪੀਰੀ, ਭਗਤੀ-ਸ਼ਕਤੀ, ਗਿਆਨ ਤੇ ਸੱਤਾ ਦਾ ਸੁਖਾਵਾਂ ਸੁਮੇਲ ਜ਼ਰੂਰੀ ਹੈ। ਖਾਲਸਾ-ਪੰਥ ਨੂੰ ਪ੍ਰਗਟ ਕਰਨਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਭ ਤੋਂ ਵੱਡੀ ਕਰਾਮਾਤ ਸੀ, ਜਿਸ ਕਰਕੇ ਗਰੀਬ ਸਿੱਖਨ ਨੂੰ ਪਾਤਸ਼ਾਹੀ ਪ੍ਰਾਪਤ ਹੋਈ। ਵਹਿਮਾਂ-ਭਰਮਾਂ ਦਾ ਨਾਸ਼ ਕਰਨ ਵਾਸਤੇ ਖੰਡੇ ਬਾਟੇ ਦੀ ਪਾਹੁਲ ਛਕਾ ਕੇ ਊਚ-ਨੀਚ, ਗਰੀਬ-ਅਮੀਰ, ਚੇਲੇ-ਗੁਰੂ ਦੀ ਇਕਸਾਰਤਾ ਤੇ ਇਕਸੁਰਤਾ ਕਾਇਮ ਕੀਤੀ।

ਘਰ-ਘਰ ਦੇਵੀ-ਦੇਵਤਿਆਂ, ਵੱਖ-ਵੱਖ ਰੂਪਾਂ 'ਚ ਮੰਨਣ ਵਾਲੀ ਗੁਲਾਮੀ ਦੀ ਆਦੀ ਹੋ ਚੁੱਕੀ ਭਾਰਤੀ ਲੋਕਾਈ ਵਿਚ ਦੈਵੀ ਏਕਤਾ, ਮਨੁੱਖੀ ਸਮਾਨਤਾ ਦਾ ਬੀਜ ਵੀ ਗੁਰੂ ਜੀ ਨੇ ਹੀ ਬੋਇਆ। ਪਹਿਲੀ ਵਾਰ ਸੁਤੰਤਰ ਸਿੱਖ ਸੋਚ-ਹੋਂਦ ਹਸਤੀ ਤੇ ਪਹਿਚਾਨ ਵਾਲਾ ਖਾਲਸਾ ਰੂਪੀ ਬੋਹੜਨੁਮਾ ਦਰੱਖਤ ਪੈਦਾ ਕੀਤਾ ਜਿਹੜਾ ਹਰ ਤਰ੍ਹਾਂ ਦੇ ਹਾਲਾਤਾਂ, ਜਬਰ-ਜ਼ੁਲਮ ਦੀਆਂ ਹਨੇਰੀਆਂ-ਝੱਖੜਾਂ ਦਾ ਮੁਕਾਬਲਾ ਕਰਦਾ ਹੋਇਆ ਵੀ ਵਿਸ਼ਵ

ਭਰ ਵਿਚ ਸੱਚ, ਸੰਜਮ, ਸਹਿਜ, ਸੰਤੋਖ ਦਾ ਧਾਰਣੀ ਹੋ ਸੁਤੰਤਰਤਾ, ਸਾਦਗੀ ਦੀ ਖੁਸ਼ਬੋਈ ਬਖੇਰ ਰਿਹਾ ਹੈ। ਅਵਤਾਰਵਾਦ ਦਾ ਖੰਡਨ ਕਰਦਿਆਂ ਗੁਰਦੇਵ ਪਿਤਾ ਨੇ ਸਪੱਸ਼ਟ ਕੀਤਾ :

*ਆਦਿ ਅੰਤਿ ਏਕੈ ਅਵਤਾਰਾ॥ ਸੋਈ ਗੁਰੂ ਸਮਝਿਯਹੁ ਹਮਾਰਾ॥* *(ਬੇਨਤੀ ਚੌਪਈ)*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਭਰਮ-ਭੇਖ-ਪਾਖੰਡ ਦਾ ਬਾਖੂਬੀ ਖੰਡਨ ਕੀਤਾ ਹੈ। ਜਿਸ ਦੇਸ਼ ਵਿਚ ਮੰਦਰ ਢਾਹੇ ਜਾ ਰਹੇ ਸਨ ਤੇ ਮਸਜਿਦਾਂ ਉਸਾਰੀਆਂ ਜਾ ਰਹੀਆਂ ਸਨ ਮੂਰਤੀਆਂ ਦੇ ਵੱਟੇ ਬਣਾ ਕੇ ਮਾਸ ਤੋਲਣ ਲਈ ਵਰਤੀਆਂ ਜਾ ਰਹੀਆਂ ਸਨ, ਘੋੜ-ਸਵਾਰੀ, ਦਸਤਾਰ ਦੀ ਮਨਾਹੀ ਸੀ ਉਸ ਸਮੇਂ ਮੰਦਰ-ਮਸੀਤ ਇਕ ਕਹਿਣਾ, ਪੂਜਾ ਤੇ ਨਿਮਾਜ਼ ਨੂੰ ਇਕ ਮੰਨਣਾ ਕਰਾਮਾਤ ਤੋਂ ਘੱਟ ਨਹੀਂ। ਅਕਾਲ ਪੁਰਖ ਨੂੰ ਇਕ ਮੰਨਣ-ਮੰਨਵਾਉਣ ਵਾਲੇ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬ੍ਰਹਿਮੰਡੀ ਦ੍ਰਿਸ਼ਟੀ ਦੇ ਦਰਸ਼ਨ-ਦੀਦਾਰ ਕਰੋ :

*ਦੇਹਰਾ ਮਸੀਤ ਸੋਈ ਪੂਜਾ ਔ ਨਿਵਾਜ ਓਈ ਮਾਨਸ ਸਬੈ ਏਕ ਪੈ ਅਨੇਕ ਕੋ ਭ੍ਰਮਾਉ ਹੈ॥*
*ਦੇਵਤਾ ਅਦੇਵ ਜੱਛ ਗੰਧ੍ਰਬ ਤੁਰਕ ਹਿੰਦੂ ਨਿਆਰੇ ਨਿਆਰੇ ਦੇਸਨ ਕੇ ਭੇਸ ਕੋ ਪ੍ਰਭਾਉ ਹੈ॥*
*ਏਕੈ ਨੈਨ ਏਕੈ ਕਾਨ ਏਕੈ ਦੇਹ ਏਕੈ ਬਾਨ ਖਾਕ ਬਾਦ ਆਤਸ ਔ ਆਬ ਕੋ ਰਲਾਉ ਹੈ॥*
*ਅਲਹ ਅਭੇਖ ਸੋਈ ਪੁਰਾਨ ਔ ਕੁਰਾਨ ਓਈ ਏਕ ਹੀ ਸਰੂਪ ਸਭੈ ਏਕ ਹੀ ਬਨਾਉ ਹੈ॥*

*(ਅਕਾਲ ਉਸਤਤਿ)*

ਮਜ਼੍ਹਬਾਂ, ਦੇਸ਼ਾਂ, ਜਾਤਾਂ-ਪਾਤਾਂ, ਰੰਗਾਂ, ਨਸਲਾਂ ਦੇ ਬੇਸ਼ੁਮਾਰ ਝਗੜਿਆਂ ਨੂੰ ਨਕਾਰਦਿਆਂ-ਨਬੇੜਦਿਆਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮਾਨਵਤਾ ਦੇ ਗੁਰੂ ਰੂਪ 'ਚ ਸਦੀਵੀ ਸੰਦੇਸ਼ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਰਾਹੀਂ ਦ੍ਰਿੜ੍ਹ ਕਰਵਾਇਆ। ਸਮਾਜਿਕ ਨਾ ਬਰਾਬਰੀ, ਜਾਤਾਂ-ਪਾਤਾਂ, ਵਹਿਮਾਂ-ਭਰਮਾਂ ਦਾ ਖੰਡਨ ਕਰਨ ਵਾਸਤੇ ਸਮਾਜਿਕ ਚੇਤਨਾ, ਸਮਾਜਿਕ ਕੁਰੀਤੀਆਂ ਨੂੰ ਖਾਲਸੇ ਦੇ ਰੂਪ 'ਚ ਖਤਮ ਕੀਤਾ। 'ਜਬੈ ਬਾਣ ਲਾਗ੍ਯੋ, ਤਬੈ ਰੋਸ ਜਾਗ੍ਯੋ' ਕਹਿਣ ਵਾਲੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਬਹੁਤ ਸਾਰਾ ਸਮਾਂ ਧਰਮ ਯੁੱਧਾਂ ਵਿਚ ਬੀਤਿਆ। ਇਕ ਵੀ ਯੁੱਧ ਜ਼ਰ, ਜ਼ੋਰੂ ਤੇ ਜ਼ਮੀਨ ਵਾਸਤੇ ਨਹੀਂ ਲੜਿਆ ਗਿਆ। ਨੀਲੇ ਦੇ ਸ਼ਾਹ ਸਵਾਰ, ਪ੍ਰਸ਼ਾਦੀ ਹਾਥੀਆਂ ਨੂੰ ਪਿਆਰ ਕਰਨ ਵਾਲੇ, ਤਾਜ਼, ਬਾਜ਼, ਸ਼ਸਤਰਾਂ ਦੇ ਧਾਰਨੀ ਦਸਮੇਸ਼ ਪਿਤਾ, ਨਾ ਸਾਜੋ ਨਾ ਬਾਜੋ··· ਦੀ ਅਵਸਥਾ 'ਚ ਵੀ ਔਰੰਗਜ਼ੇਬ ਦੀ ਮਰ ਚੁੱਕੀ ਜ਼ਮੀਰ ਨੂੰ ਜਗਾਉਣ ਵਾਸਤੇ ਅਦੁੱਤੀ ਅਨੋਖੀ ਜੁਰਤ ਦਿਖਾਈ। ਸ਼ਹਿਨਸ਼ਾਹ ਔਰੰਗਜ਼ੇਬ ਨੂੰ ਉਸ ਦੀ ਅਸਲੀਅਤ ਤੋਂ ਜਾਣੂ ਕਰਾਉਂਦਿਆਂ ਤਾੜਨਾ ਕਰਦੇ ਹਨ ਕਿ ਸੰਸਾਰੀ ਤੌਰ 'ਤੇ ਤੂੰ ਬਾਦਸ਼ਾਹ ਤਾਂ ਹੈਂ ਪਰ ਸੱਚਾਈ ਤੇ ਇਨਸਾਫ ਤੋਂ ਕੋਹਾਂ ਦੂਰ ਹੈਂ। ਤੈਨੂੰ ਨਾ ਅੱਲ੍ਹਾ ਤਾਲਾ 'ਤੇ ਅਤੇ ਨਾ ਹੀ ਹਜ਼ਰਤ ਮੁਹੰਮਦ 'ਤੇ ਯਕੀਨ-ਭਰੋਸਾ ਹੈ:

*ਸ਼ਹਿਨਸ਼ਾਹਿ ਔਰੰਗਜ਼ੇਬ ਆਲਮੀਂ॥*
*ਕਿ ਦਾਰਾਇ ਦੌਰ ਅਸਤੁ ਦੂਰ ਅਸਤ ਦੀਂ॥੯੪॥*
*ਨ ਸਾਹਿਬ ਸ਼ਨਾਸੀ ਨ ਮਹੰਮਦ ਯਕੀਂ॥੪੬॥* *(ਜ਼ਫ਼ਰਨਾਮਾ)*

ਚਮਕੌਰ ਦੀ ਕੱਚੀ ਗੜ੍ਹੀ 'ਚ ਮੌਤ ਨਾਲ ਮਖੌਲਾਂ ਕਰਨ ਵਾਲੇ ਹਮਸ਼ਕਲ ਸੂਰਮੇ ਭਾਈ ਸੰਗਤ ਸਿੰਘ ਜੀ ਦੇ ਸੀਸ 'ਤੇ ਕਲਗੀ ਸਜਾਉਂਦੇ ਹਨ। ਯੁੱਧ ਦੇ ਮੈਦਾਨ ਵਿਚ ਵੀ 'ਸਭੇ ਸਾਝੀਵਾਲ ਸਦਾਇਨ' ਦਾ ਉਪਦੇਸ਼ ਦ੍ਰਿੜ ਕਰਵਾਇਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਵਹਾਰਕ ਤੌਰ 'ਤੇ ਵੀ ਵਿਲੱਖਣ ਧਾਰਮਿਕ ਆਗੂ ਹਨ ਜੋ ਯੁੱਧ ਦੇ ਮੈਦਾਨ ਵਿਚ ਆਸਾ ਕੀ ਵਾਰ ਦਾ ਕੀਰਤਨ ਕਰ ਸਕਦੇ ਹਨ। ਫਿਰ ਵੀ ਅਡੋਲਤਾ ਤੱਕੋ ਪਾਵਨ-ਪਵਿੱਤਰ ਇਤਿਹਾਸਕ ਪਿਆਰੀ ਅਨੰਦਪੁਰੀ ਨੂੰ ਛੱਡਣ, ਸਰਸਾ ਨਦੀ 'ਤੇ ਪਏ ਵਿਛੋੜੇ ਦੇ ਦਰਦ, ਚਮਕੌਰ ਦੇ ਅਸਾਵੇਂ ਯੁੱਧ ਪੁੱਤਰਾਂ ਤੋਂ ਪਿਆਰੇ ਤਿੰਨ ਪਿਆਰਿਆਂ, ਸਾਹਿਬਜ਼ਾਦਿਆਂ, ਮਾਤਾ ਗੁਜਰੀ ਜੀ ਦੀ ਸ਼ਹਾਦਤ, ਲਾਡਲੇ

ਸਿੰਘਾਂ ਦਾ ਸਦੀਵੀ ਵਿਛੋੜਾ, ਮਾਛੀਵਾੜੇ ਦੀ ਧਰਤੀ 'ਤੇ ਸ਼ਾਹਾਂ ਦਾ ਸੁਲਤਾਨ ਕੰਡਿਆਲੀ ਧਰਤੀ ਨੂੰ ਸੱਥਰ ਬਣਾਉਣ ਉਪਰੰਤ ਵੀ ਮਿਤ੍ਰ ਪਿਆਰੇ ਨੂੰ ਯਾਦ ਕਰ ਉਚਾਰਣ ਕਰਦੇ ਹਨ 'ਮਿਤ੍ਰ ਪਿਆਰੇ ਨੂੰ ਹਾਲੁ ਮੁਰੀਦਾਂ ਦਾ ਕਹਣਾ' ਇਹ ਅਵਸਥਾ ਹੈ ਮੁਖ ਤੇ ਹਰਿ ਚਿਤ ਮੈ ਜੁਧ ਬਿਚਾਰੈ। ਕਦੇ ਵੀ ਅਕਾਲ ਪੁਰਖ ਨੂੰ ਸ਼ਿਕਵਾ ਸ਼ਿਕਾਇਤ ਨਹੀਂ ਕਰਦੇ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਭਾਈ ਨੰਦ ਲਾਲ ਸਪੱਸ਼ਟ ਕਰਦੇ ਹਨ ਕਿ ਉਹ ਅਬਿਨਾਸ਼ੀ ਤਖ਼ਤ 'ਤੇ ਬਿਰਾਜਮਾਨ ਸਰਬਪੱਖੀ ਸ਼ਖ਼ਸੀਅਤ ਦੇ ਮਾਲਕ ਹਨ, ਜਿਨ੍ਹਾਂ ਦੀਆਂ ਸਿੱਖਿਆਵਾਂ ਦਾ ਵਰਤਾਰਾ ਨੌਂ ਤਬਕਾਂ ਵਿਚ ਵਰਤਦਾ ਹੈ। ਤਿੰਨਾਂ ਲੋਕਾਂ, ਸਭ ਦਿਸ਼ਾਵਾਂ ਦੇ ਲੋਕ ਉਨ੍ਹਾਂ ਦੇ ਦਰਸ਼ਨਾਂ ਨੂੰ ਤਰਸਦੇ ਹਨ। ਲੱਖਾਂ ਈਸ਼ਰ, ਬਹ੍ਰਮਾ, ਅਰਸ਼-ਕੁਰਸ਼ ਉਸ ਦੀ ਸ਼ਰਨ ਵਿਚ ਆਉਣਾ ਲੋਚਦੇ ਹਨ। ਅਣਗਿਣਤ ਧਰਤ-ਅਕਾਸ਼ ਉਨ੍ਹਾਂ ਦੇ ਗੁਲਾਮ ਹਨ, ਸੈਂਕੜੇ ਹਜ਼ਾਰਾਂ ਚੰਨ-ਸੂਰਜ ਉਨ੍ਹਾਂ ਦਾ ਸਿਰੋਪਾਓ ਪਹਿਨਣਹਾਰੇ ਹਨ:

*ਕਸਤਰੀ ਜ਼ਿ ਸਮਾਨਿ ਗੁਰੂ ਗੋਬਿੰਦ ਸਿੰਘ॥*
*ਰੋਜ਼ਾ ਦੀਨ ਖਾਸਿ ਗੁਰੂ ਗੋਬਿੰਦ ਸਿੰਘ॥*
*ਲਾਅਲ ਸਮੇਂ ਗੁਲਾਮਿ ਗੁਰੂ ਗੋਬਿੰਦ ਸਿੰਘ॥* *(ਭਾਈ ਨੰਦ ਲਾਲ)*

ਸਮਕਾਲੀ ਵਿਦਵਾਨ ਭਾਈ ਨੰਦ ਲਾਲ ਜੀ ਗੁਰੂ ਗੋਬਿੰਦ ਸਿੰਘ ਦੀ ਸ਼ਖ਼ਸੀਅਤ ਬਿਆਨ ਕਰਨ ਤੋਂ ਅਸਮਰੱਥਾ ਪ੍ਰਗਟ ਕਰਦੇ ਹਨ। ਬਾਦਸ਼ਾਹ-ਦਰਵੇਸ਼ ਹੱਕ-ਹੱਕ ਆਦੇਸ਼, ਸ਼ਹਿਨਸ਼ਾਹ, ਕਹਿ ਸਤਿਕਾਰ ਕਰਦੇ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਦੇ ਇਕ ਵਾਲ ਤੋਂ ਦੋ ਜਹਾਨ-ਕੁਰਬਾਨ ਕਰਨ ਨੂੰ ਉਤਾਵਲੇ ਹਨ।

*ਦੀਨ ਦੁਨੀਆ ਦਰ ਕਮੰਦੇ ਆ ਪਰੀ ਰੁਖਸਾਰਿਮਾ,*
*ਹਰ ਦੋ ਆਲਮ, ਕੀਮਤੇ ਬਨ ਤਾਰ ਮੂਏ ਯਾਰਿਮਾ॥*

ਭਾਈ ਨੰਦ ਲਾਲ ਜੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਲਾਮ ਸਗ-ਕੂਕਰ ਸਦਵਾਉਣ 'ਚ ਮਾਣ ਮਹਿਸੂਸ ਕਰਦਾ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਿੱਖ ਸਦਵਾਉਣ ਵਾਲੇ ਨੂੰ ਆਪਣੇ ਗੁਰੂ ਪ੍ਰਤੀ ਸਮਰਪਣ ਭਾਵਨਾ ਤੇ ਸਥਿਤੀ ਬਾਰੇ ਸੋਚਣਾ ਪਵੇਗਾ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਆਪਣੇ ਸੱਚੇ-ਸੁੱਚੇ ਸਿੱਖ/ ਸੇਵਾ-ਸਿਮਰਨ, ਸੰਤੋਖ, ਸਹਿਜ ਦੇ ਧਾਰਨੀ ਸਿੱਖਾਂ ਵਾਸਤੇ ਪਹਿਰੇਦਾਰੀ ਕਰਨ ਤੇ ਪਰਿਵਾਰ ਨੂੰ ਵਾਰਦੇ ਹਨ। ਭਾਈ ਨੰਦ ਲਾਲ ਜੀ ਵਰਗੇ ਵਿਦਵਾਨ ਕਵੀ-ਸਾਹਿਤਕਾਰ, ਭਾਈ ਘਨਈਆ ਵਰਗੀਆਂ ਸੇਵਾ-ਸਿਮਰਨ ਨੂੰ ਸਮਰਪਿਤ ਸ਼ਖ਼ਸੀਅਤਾਂ ਬਿਖੜੇ ਤੋਂ ਬਿਖੜੇ ਸਮੇਂ ਵੀ ਸਦੀਵੀ ਖਿੜਾਓ ਦਾ ਪ੍ਰਗਟਾਅ ਕਰਦੀਆਂ ਹਨ। ਭਾਈ ਘਨਈਆ ਜੀ ਜੰਗ ਦੇ ਮੈਦਾਨ ਵਿਚ ਦੋਸਤਾਂ-ਦੁਸ਼ਮਣਾਂ ਤੱਕ ਪਾਣੀ ਨਹੀਂ ਪਿਲਾਉਂਦੇ। ਉਹ ਤਾਂ ਹਰੇਕ 'ਚ ਮਾਨਵਤਾ ਦੇ ਗੁਰੂ, ਗੁਰੂ ਗੋਬਿੰਦ ਸਿੰਘ ਨੂੰ ਤੱਕਦੇ ਹਨ। ਜਾਹਰ ਪੀਰ, ਪੀਰ ਬੁੱਧੂ ਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਆਪਣਾ ਮੁਕਤੀ ਦਾਤਾ ਮੰਨਦੇ, ਸ਼ਿਵਦੱਤ ਵਰਗੇ ਬ੍ਰਾਹਮਣ ਨੂੰ ਵੀ ਆਪ 'ਤੇ ਹੀ ਭਰੋਸਾ ਸੀ। ਨਿਹੰਗ ਖਾਂ, ਗਨੀ ਖਾਂ, ਨਬੀ ਖਾਂ, ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਨੂੰ ਖੁਦਾ ਰੂਪ ਜਾਣ ਐਵੇਂ ਨਹੀਂ ਸੱਚ ਨਾਲੋਂ ਪਵਿੱਤਰ ਝੂਠ ਬੋਲਦੇ ਹਨ। ਮਾਈ ਭਾਗੋ ਐਵੇਂ ਨਹੀਂ ਬੁਜ਼ਦਿਲਾਂ ਨੂੰ ਬੀਰਤਾ-ਬਹਾਦਰੀ ਪ੍ਰਦਾਨ ਕਰਦੀ। ਭਾਈ ਬੀਰ ਸਿੰਘ-ਧੀਰ ਸਿੰਘ ਐਵੇਂ ਨਹੀਂ ਗੋਲੀ ਦਾ ਨਿਸ਼ਾਨਾ ਬਨਣ ਲਈ ਛਾਤੀ ਤਾਣਦੇ। ਧਰਮ ਬਦਲੀ ਦੀ ਜਬਰ-ਜ਼ੁਲਮ ਦੀ ਕਹਾਣੀ ਨੂੰ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਰੋਕਦੇ ਹਨ। ਸਾਈਂ ਬੁੱਲੇ ਸ਼ਾਹ ਦੇ ਸ਼ਬਦਾਂ 'ਚ:

*ਨ ਕਹੋ ਅਬ ਕੀ ਨ ਕਹੋ ਤਬ ਕੀ ਬਾਤ ਕਹੂੰ ਮੈਂ ਜਬ ਕੀ,*
*ਅਗਰ ਨ ਹੋਤੇ ਗੁਰੂ ਗੋਬਿੰਦ ਸਿੰਘ ਸੁੰਨਤ ਹੋਤੀ ਸਭ ਕੀ।*

ਸਮੇਂ ਦਾ ਬਾਦਸ਼ਾਹ ਔਰੰਗਜ਼ੇਬ ਇਕ ਹੀ ਇਸਲਾਮੀ ਰਾਜ ਸਤਾ ਦੀ ਸਥਾਪਤੀ ਕਰਨੀ ਚਾਹੁੰਦਾ ਹੈ ਜਿਸ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਕੁਦਰਤੀ, ਧਰਮ, ਸਮਾਜ, ਰਾਜ ਦੀ ਵੰਨ-ਸੁਵੰਨਤਾ ਦੇ ਵਿਰੁੱਧ

ਮੰਨਦੇ ਹਨ। ਗੁਰੂ ਜੀ ਸਪੱਸ਼ਟ ਕਰਦੇ ਹਨ ਵਿਭਿੰਨਤਾ ਬਹੁ ਰੰਗੀ ਤੇ ਬਹੁ ਭਾਂਤੀ ਹੈ, ਜੋ ਕੁਦਰਤੀ ਕਾਨੂੰਨ ਦੇ ਅਨੁਸਾਰੀ ਹੈ :

*ਬੰਗ ਕੇ ਬੰਗਾਲੀ ਫਿਰਹੰਗ ਕੇ ਫਿਰੰਗਾਵਾਲੀ*
*ਦਿਲੀ ਕੇ ਦਿਲਵਾਲੀ ਤੇਰੀ ਆਗਿਆ ਮੈ ਚਲਤ ਹੈਂ॥*
*ਰੋਹ ਕੇ ਰੁਹੇਲੇ ਮਾਘ ਦੇਸ ਕੇ ਮਘੇਲੇ ਬੀਰ ਬੰਗ ਸੀ ਬੁੰਦੇਲੇ ਪਾਪ ਪੁੰਜ ਕੋ ਮਲਤ ਹੈਂ॥*
*ਗੋਖਾ ਗੁਨ ਗਾਵੈ ਚੀਨ ਮਚੀਨ ਕੇ ਸੀਸ ਨਯਾਵੈ*
*ਤਿੱਬਤੀ ਧਿਆਇ ਦੋਖ ਦੇਹ ਕੋ ਦਲਤ ਹੈਂ॥*
*ਜਿਨੈ ਤੋਹਿ ਧਿਆਇਓ ਤਿਨੈ ਪੂਰਨ ਪ੍ਰਤਾਪ ਪਾਇਓ*
*ਸਰਬ ਧਨ ਧਾਮ ਫਲ ਫੂਲ ਸੋ ਫਲਤ ਹੈਂ॥੨੫੫॥* *(ਅਕਾਲ ਉਸਤਤਿ)*

ਭਾਈ ਸੰਤੋਖ ਸਿੰਘ ਦੇ ਸ਼ਬਦਾਂ 'ਚ ਜੇਕਰ ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਗਟ ਨਾ ਹੁੰਦੇ ਤਾਂ ਕੁਦਰਤੀ ਵੰਨ ਸੁਵੰਨਤਾ ਖਤਮ ਹੋ ਜਾਣੀ ਸੀ ਤੇ ਇਸਲਾਮਕ ਏਕਤਾ ਸਥਾਪਤ ਹੋਣੀ ਸੀ। ਇਸਲਾਮ ਦਾ ਬੋਲਬਾਲਾ ਹੋਣਾ ਸੀ। ਦੇਵੀ-ਦੇਵਤੇ, ਦੇਹਰੇ, ਮੰਦਰ ਖਤਮ ਹੋ ਜਾਣੇ ਸਨ ਤੇ ਇਸ ਧਰਤੀ ਤੋਂ ਵੇਦਾਂ-ਪੁਰਾਣਾਂ ਦੀ ਕਥਾ-ਵਿਚਾਰ ਮਿਟ ਜਾਣੀ ਸੀ। ਸਾਹਿਤਕ ਕਿਰਤਾਂ ਦਾ ਵੀ ਵਿਨਾਸ਼ ਹੁੰਦਾ ਜੇਕਰ ਕਿਰਪਾ ਨਿਧਾਨ ਸ੍ਰੀ ਗੁਰੂ ਗੋਬਿੰਦ ਸਿੰਘ ਪੈਦਾ ਨਾ ਹੁੰਦੇ :

*ਛਾਇ ਜਾਤੀ ਏਕਤਾ, ਅਨੇਕਤਾ ਬਿਲਾਇ ਜਾਤੀ, ਹੋਵਤੀ ਕੁਚੀਲਤਾ ਕਤੇਬਨ ਕੁਰਾਨ ਕੀ।*
*ਪਾਪ ਹੀ ਪ੍ਰਪੱਕ ਜਾਤੇ, ਧਰਮ ਧਸੱਕ ਜਾਤੇ, ਬਰਨ ਗਰਕ ਜਾਤੇ, ਸਾਹਿਤ ਬਿਧਾਨ ਕੀ।*
*ਦੇਵੀ ਦੇਵ ਦੇਹੁਰੇ ਸੰਤੋਖ ਸਿੰਘ ਦੂਰ ਹੋਤੇ ਰੀਤ ਮਿਟ ਜਾਤੀ ਕਥਾ ਬੇਦਨ ਪੁਰਾਨ ਕੀ।*
*ਸ੍ਰੀ ਗੁਰੂ ਗੋਬਿੰਦ ਸਿੰਘ ਪਾਵਨ ਪਰਮ ਸੂਰ ਮੂਰਤ ਨ ਹੋਤੀ ਜਉ ਪੈ ਕਰੁਣਾ ਨਿਧਾਨ ਕੀ।*

ਦੂਸਰਿਆਂ ਦੀ ਹੋਂਦ ਨੂੰ ਸਵੀਕਾਰ-ਮੰਨਣ ਵਾਸਤੇ ਗੁਲਾਮ ਭਾਰਤ ਵਾਸੀਆਂ 'ਚ ਅਹਿਸਾਸੇ ਕਮਤਰੀਂ ਨੂੰ ਨਾਸ਼ ਕਰ-ਸਵੈਮਾਣ ਭਰੋਸੇ ਦਾ ਅਹਿਸਾਸ ਕਰਵਾਇਆ।

ਸਿਰਮੌਰ-ਸੂਰਬੀਰ, ਸੰਤ-ਸਿਪਾਹੀ ਸੈਨਾਪਤੀ, ਸਾਹਿਤਕਾਰ, ਸ਼ਹਿਨਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਾਹ-ਸਤਹੀਣ ਮੁਰਦਾ ਲੋਕਾਈ, ਜਿਨ੍ਹਾਂ ਸੁਪਨੇ 'ਚ ਵੀ ਕਦੇ ਸਿਰਦਾਰੀ-ਬਾਦਸ਼ਾਹੀ ਬਾਰੇ ਨਹੀਂ ਸੀ ਸੋਚਿਆ ਤੇ ਉਨ੍ਹਾਂ ਦੀਆਂ ਪੀੜ੍ਹੀਆਂ ਨੂੰ ਸਿਰਦਾਰੀਆਂ-ਬਾਦਸ਼ਾਹੀਆਂ ਦੀਆਂ ਬਖਸ਼ਿਸ਼ਾਂ ਨਾਲ ਨਿਵਾਜ਼ਿਆ। ਦੁਨਿਆਵੀ ਬਾਦਸ਼ਾਹੀ ਦੀ ਥਾਂ ਰੂਹਾਨੀ ਸਲਤਨਤ ਦੀ ਸਥਾਪਤੀ ਕੀਤੀ। ਉਨ੍ਹਾਂ ਧਰਤੀ 'ਤੇ ਸੰਗਤੀ ਬਾਦਸ਼ਾਹੀ ਸਥਾਪਿਤ ਕੀਤੀ। ਜਿਥੇ ਪਸ਼ੂਆਂ, ਚੂਹਿਆਂ, ਮੁਰਦਿਆਂ, ਮੂਰਤਾਂ ਆਦਿ ਨੂੰ ਪੂਜਿਆ ਜਾਂਦਾ ਸੀ ਪਰ ਅਖੌਤੀ ਨੀਵੀਂ ਜਾਤ ਦੀ ਕਿਰਤੀ ਸ਼੍ਰੇਣੀ ਨਾਲ ਨਫ਼ਰਤ ਈਰਖਾ ਕੀਤੀ ਜਾਂਦੀ ਸੀ। ਚੂਹਿਆਂ ਦੀ ਜੂਠ ਪ੍ਰਸ਼ਾਦ ਸਮਝ ਕੇ ਖਾਧੀ ਜਾਂਦੀ ਪਰ ਸ਼ੂਦਰ ਦੇ ਪਰਛਾਵੇਂ ਨਾਲ ਭਿਟੇ ਜਾਂਦੇ। ਨਾਨਕ ਨਿਰਮਲ ਪੰਥ ਦੀ ਸਿਰਜਣਾ ਲਈ ਗੁਰੂ ਨਾਨਕ ਮੰਦਰਾਂ, ਮਸਜਿਦਾਂ, ਮਜਲਸਾਂ, ਮਠਾ 'ਚ ਗਏ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਰੂਹਾਨੀ ਸਲਤਨਤ ਦੀ ਸਥਾਪਤੀ ਲਈ ਗੁਰੂ ਸਾਹਿਬ ਜੀ ਨੇ ਹਿੰਦੂ ਸਮਾਜ ਦੀ ਬਾਸੀ ਵਿਚਾਰਧਾਰਾ ਰੂਪੀ ਰਸਮਾਂ ਦੀ ਥਾਂ ਤਰੋ-ਤਾਜ਼ਾ ਸਾਹਿਤਕ ਸਰਮਾਇਆ, ਨਵੀਂ ਨਰੋਈ ਵਿਚਾਰਧਾਰਾ ਰੂਪੀ ਸ਼ੇਰਵਾਨੀ ਪ੍ਰਦਾਨ ਕੀਤੀ। ਜਿਸ ਨੂੰ ਅੰਦਰੂਨੀ ਤੇ ਬਹਿਰੂਨੀ ਤੌਰ 'ਤੇ ਬਾਣੀ ਤੇ ਬਾਣੇ ਦੇ ਰੂਪ 'ਚ ਧਾਰਨ ਕਰਕੇ ਗਰੀਬ ਸ਼ੂਦਰ ਬਾਦਸ਼ਾਹ, ਸ਼ਹਿਨਸ਼ਾਹ, ਸਿਕਦਾਰ ਸਦਵਾਏ। ਅਕਾਲ ਪੁਰਖ ਦੀ ਬਖਸ਼ਿਸ਼ ਸਦਕਾ, ਅਕਾਲੀ ਹਿੰਮਤ, ਖ਼ੁਦ ਗੁਰਦੇਵ ਜੀ ਨੇ ਖਾਲਸੇ ਨੂੰ ਖ਼ੁਦਾਈ ਸ਼ਕਤੀਆਂ ਪ੍ਰਦਾਨ ਕੀਤੀਆਂ, ਖ਼ਾਲਸਾ ਹੋਆ ਖ਼ੁਦ-ਖ਼ੁਦਾ।

ਅਨੰਦਪੁਰ ਸਾਹਿਬ ਛੱਡ ਕੇ, ਚਮਕੌਰ ਦੀ ਕੱਚੀ ਗੜ੍ਹੀ 'ਚ ਸੰਸਾਰ ਦਾ ਅਸਾਵਾਂ ਯੁੱਧ ਲੜਿਆ, ਮਾਛੀਵਾੜੇ, ਰਾਏ ਕੋਟ ਤੋਂ ਹੁੰਦੇ ਹੋਏ ਦੀਨਾ ਕਾਂਗੜ ਪਹੁੰਚੇ। ਜ਼ਫਰਨਾਮੇ 'ਚ ਕਰਤਾਰੀ ਸ਼ਕਤੀ, ਸਵੈ-

ਭਰੋਸੇ ਤੇ ਸਵੈਮਾਣ ਦਾ ਪ੍ਰਗਟਾਅ ਕਰਦਿਆਂ ਦੀਨਾ ਕਾਂਗੜ ਤੋਂ ਸਮੇਂ ਦੇ ਬਾਦਸ਼ਾਹ ਨੂੰ ਸੱਚ ਤੋਂ ਸੁਚੇਤ ਸਾਵਧਾਨ ਕੀਤਾ। ਚਮਕੌਰ ਸਾਹਿਬ 'ਚ ਸੰਸਾਰ ਦੇ ਸਭ ਤੋਂ ਅਸਾਵੇਂ ਯੁੱਧ 'ਚ ਇਕ ਪਾਸੇ ਚਾਲੀ ਭੁੱਖੇ ਭਾਣੇ ਗੁਰੂ ਪਿਆਰੇ ਗੁਰਸਿੱਖ ਤੇ ਦੂਸਰੇ ਪਾਸੇ ਦਸ ਲੱਖ ਬਾਦਸ਼ਾਹੀ ਫ਼ੌਜਾਂ ਦਾ ਘੇਰਾ। ਗੁਰੂ ਸਾਹਿਬ ਖੁਦ ਅੱਖੀਂ ਦੇਖ ਅਦਭੁੱਤ ਨਜ਼ਾਰੇ ਨੂੰ ਬਿਆਨ ਕਰਦੇ ਹਨ:

*ਗੁਰਸਨਹ ਚਿਕਾਰੇ ਕੁਨਦ ਚਿਹਲ ਨਰ॥*
*ਕਿ ਦਹ ਲਖ ਬਰਾਯਦ ਬਰੋ ਬੇਖ਼ਬਰ॥* *(ਜ਼ਫਰਨਾਮਾ)*

ਨੀਲੇ ਦਾ ਸ਼ਾਹ-ਸਵਾਰ, ਕਲਗੀਧਰ ਪਿਤਾ, ਸੰਸਾਰ ਦਾ ਸ਼ਹਿਨਸ਼ਾਹ ਬਾਜ਼-ਤਾਜ ਦਾ ਧਾਰਨੀ :

*ਨਾ ਸਾਜ਼ੋ ਨਾ ਬਾਜ਼ੋ ਨਾ ਫ਼ੌਜ਼ੋ ਨਾ ਫ਼ਰਸ਼॥*
*ਖ਼ੁਦਾਵੰਦ ਬਖ਼ਸ਼ਿੰਦਹਿ ਐਸ਼ਿ ਅਰਸ਼॥* *(ਜ਼ਫਰਨਾਮਾ)*

ਦੀ ਅਵਸਥਾ 'ਚ ਵੀ ਦਸਮੇਸ਼-ਪਿਤਾ ਅਕਾਲ ਪੁਰਖ ਦੀਆਂ ਬਖ਼ਸ਼ਿਸ਼ਾਂ ਦਾ ਸ਼ੁਕਰਾਨਾ ਕਰਦੇ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੁੱਚੇ ਜੀਵਨ 'ਚ ਚੜ੍ਹਦੀ ਕਲਾ ਹੈ। ਹੁਲਾਸ, ਖੇੜਾ, ਸਵੈ ਵਿਸ਼ਵਾਸ, ਭਰੋਸਾ ਹੈ, ਨਹੀਂ ਹੈ ਤਾਂ ਕਿਧਰੇ ਅਰਾਮ, ਆਲਸ, ਸ਼ਿਕਨ-ਸ਼ਿਕਵਾ ਤੇ ਸ਼ਿਕਾਇਤ। ਸ਼ਿਕਵੇ-ਸ਼ਿਕਾਇਤਾਂ ਦੀ ਥਾਂ ਸਤਿਗੁਰੂ ਜੀ ਚੜ੍ਹਦੀ ਕਲਾ, ਹੁਲਾਸ ਦਾ ਪ੍ਰਗਟਾ ਇਨ੍ਹਾਂ ਸ਼ਬਦਾਂ 'ਚ ਕਰਦੇ ਹਨ :

*ਚਿਹਾ ਸ਼ੁਦ ਕਿ ਚੂੰ ਬੱਚਗਾਂ ਕੁਸ਼ਤਹ ਚਾਰ॥*
*ਕਿ ਬਾਕੀ ਬਮਾਂਦਸਤੁ ਪੇਚੀਦਹ ਮਾਰ॥* *(ਜ਼ਫਰਨਾਮਾ)*

ਚਮਕੌਰ ਦੀ ਗੜ੍ਹੀ 'ਚ ਦੁਸ਼ਮਣਾਂ ਨੂੰ ਤੀਰ ਮਾਰਦੇ ਨਹੀਂ, ਬਖਸ਼ਿਸ਼ ਕਰਕੇ ਜੀਵਨ-ਮੁਕਤ ਕਰਦੇ ਹਨ। ਮਾਨਵਤਾ ਦਾ ਗੁਰੂ, ਗੁਰੂ ਗੋਬਿੰਦ ਸਿੰਘ ਹੀ ਇਸ ਤਰ੍ਹਾਂ ਕਰ ਸਕਦਾ ਹੈ। ਗੁਰੂ ਜੀ ਸਪੱਸ਼ਟ ਕਰਦੇ ਹਨ; ਔਰੰਗਜ਼ੇਬ ! ਜੇਕਰ ਤੇਰਾ ਜਰਨੈਲ ਖਵਾਜ਼ਾ ਮਰਦੂਦ ਦੀਵਾਰ ਦੇ ਉਹਲੇ ਨਾ ਹੁੰਦਾ ਤਾਂ ਮੈਂ ਇਕ ਤੀਰ ਉਸਨੂੰ ਵੀ ਬਖਸ਼ਿਸ਼ ਕਰ ਦੇਣਾ ਸੀ:

*ਕਿ ਆਂ ਖ੍ਵਾਜਹ ਮਰਦੂਦ ਸਾਯਹ ਦਿਵਾਰ।।॥*
*ਨਯਾਮਦ ਬ ਮੈਦਾਂ ਬ ਮਰਦਾਨ ਵਾਰ॥੩੪॥*
*ਦਰੇਗਾ! ਅਗਰ ਰੂਇ ਓ ਦੀਦਮੇ॥*
*ਬ ਯਕ ਤੀਰ ਲਾਚਾਰ ਬਖ਼ਸ਼ੀਦਮੇ॥੩੫॥* *(ਜ਼ਫਰਨਾਮਾ)*

ਤੇਗ ਦੇ ਧਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਕਲਮ ਦੇ ਫੱਟ ਨਾਲ ਔਰੰਗਜ਼ੇਬ ਐਸਾ ਜ਼ਖ਼ਮੀ ਹੋਇਆ ਫਿਰ ਕਫ਼ਨ-ਦਫ਼ਨ ਨੂੰ ਪ੍ਰਾਪਤ ਹੋਇਆ।

ਮੁਕਤਸਰ ਦੀ ਧਰਤ ਸੁਹਾਵੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਟੂਟੀ ਗਾਢਣਹਾਰ ਗੋਪਾਲ ਦਾ ਬਿਰਦ ਪਾਲਿਆ। ਤਖ਼ਤ, ਸ੍ਰੀ ਦਮਦਮਾ ਸਾਹਿਬ ਦੀ ਧਰਤੀ 'ਤੇ ਗੁਰੂ ਕਾਸ਼ੀ ਸਥਾਪਿਤ ਕਰ, ਗੁਰੂ-ਪਿਤਾ-ਗੁਰੂ ਤੇਗ ਬਹਾਦਰ ਜੀ ਦੀ ਪਾਵਨ ਗੁਰਬਾਣੀ ਆਦਿ, ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਸ਼ਾਮਲ ਕਰਕੇ ਸੰਪੂਰਨਤਾ ਪ੍ਰਦਾਨ ਕੀਤੀ। ਸ਼ਬਦ-ਵੀਚਾਰ ਦੀ ਪਰੰਪਰਾ ਤੋਰੀ। ਡੱਲੇ ਦੇ ਸਿਦਕ ਦੀ ਪਰਖ ਕੀਤੀ। ਭਾਈ ਬੀਰ ਸਿੰਘ, ਭਾਈ ਧੀਰ ਸਿੰਘ ਦੇ ਗੁਰੂ ਭਰੋਸੇ ਨੂੰ ਪ੍ਰਗਟ ਕੀਤਾ। ਲੰਮੇ ਵਿਛੋੜੇ ਉਪਰੰਤ ਮਾਤਾ ਸੁੰਦਰੀ ਜੀ ਦੀ ਤੇ ਮਾਤਾ ਸਾਹਿਬ ਦੇਵ ਜੀ ਵੀ ਦਮਦਮਾ ਸਾਹਿਬ ਦੀ ਧਰਤੀ 'ਤੇ ਗੁਰਦੇਵ ਪਿਤਾ ਨੂੰ ਮਿਲਦੇ ਹਨ ਤੇ ਆਪਣੇ ਸਾਹਿਬਜ਼ਾਦਿਆਂ ਬਾਰੇ ਪੁਛਦੀਆਂ ਹਨ। ਜੁਆਬ ਵਿਚ ਸਤਿਗੁਰੂ ਪੰਥ ਨਾਲ ਕੀਤੇ ਇਕਰਾਰ ਨੂੰ ਪੂਰਾ ਕਰਦੇ ਹਨ। ਗੁਰਦੇਵ ਪਿਤਾ ਨੇ ਆਪਣੇ ਪਿਆਰੇ ਗੁਰਸਿੱਖਾਂ ਨਾਲ ਕੀਤਾ ਹਰ ਇਕਰਾਰ ਇਨ-ਬਿਨ ਪੂਰਾ ਕੀਤਾ:

*ਇਨ ਪੁਤਰਨ ਕੇ ਸੀਸ ਪਰ ਵਾਰ ਦੀਏ ਸੁਤ ਚਾਰ।*

*ਚਾਰ ਮੁਏ ਤੋ ਕਿਆ ਹੁਆ ਜੀਵਤ ਕਈ ਹਜ਼ਾਰ।*

'ਨ ਹਮ ਹਿੰਦੂ ਨ ਮੁਸਲਮਾਨ' ਦੇ ਸਿਧਾਂਤ ਨੂੰ ਮੰਨਣ ਵਾਲੇ ਕਲਗੀਧਰ ਪਿਤਾ ਕਿਧਰੇ ਹਿੰਦੂ ਧਰਮ ਦੀ ਅਜ਼ਮਤ ਵਾਸਤੇ ਪਿਤਾ-ਗੁਰੂ, ਗੁਰੂ ਤੇਗ ਬਹਾਦਰ ਜੀ ਨੂੰ ਸ਼ਹਾਦਤ ਵਾਸਤੇ ਤੋਰਦੇ ਹਨ ਤੇ ਦੂਸਰੇ ਪਾਸੇ ਕੌਮ ਦੇ ਜਾਨੀ ਦੁਸ਼ਮਣ ਮੁਸਲਮਾਨਾ ਬਾਦਸ਼ਾਹ ਔਰੰਗਜ਼ੇਬ ਦੇ ਸਪੁੱਤਰ ਬਹਾਦਰ ਸ਼ਾਹ ਨੂੰ ਬਾਦਸ਼ਾਹਤ ਦਿਵਾਉਣ ਵਾਸਤੇ ਸਿੱਖ ਸੈਨਿਕ ਸ਼ਕਤੀ ਦੀ ਸਹਾਇਤਾ ਪ੍ਰਦਾਨ ਕਰਦੇ ਹਨ। ਬਾਦਸ਼ਾਹੀ ਠਾਠ-ਬਾਠ ਨਾਲ ਬਾਦਸ਼ਾਹ ਬਹਾਦਰ ਸ਼ਾਹ ਨਾਲ ਮੁਲਾਕਾਤ ਕੀਤੀ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਪਾਵਨ ਬਾਣੀਆਂ-ਸਾਹਿਤਕ ਕਿਰਤਾਂ, ਦਸਮ ਗ੍ਰੰਥ ਦੇ ਰੂਪ 'ਚ ਸੁਰੱਖਿਅਤ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਪਾਵਨ ਬਾਣੀਆਂ ਜਾਪ ਸਾਹਿਬ, 'ਚੋਂ ਚਕਰ ਚਿਹਨ ਤੇ ਨਿਆਰੇ-ਸਦਾ ਅੰਗ ਸੰਗੇ ਅਭੰਗੀ ਬਿਭੂਤੇ ਪ੍ਰਭੂ-ਪਰਮਾਤਮਾ ਦੇ ਸਰਬ-ਨਾਵਾਂ ਦੇ ਦਰਸ਼ਨ, ਸਵੈਯੇ 'ਚੋਂ ਵਹਿਮਾਂ-ਭਰਮਾਂ ਦਾ ਖੰਡਨ, ਕੂਰ ਕ੍ਰਿਆ 'ਚ ਉਲਝੀ ਲੋਕਾਈ ਦੀ ਸਥਿਤੀ ਤੋਂ ਨਿਕਲਣ ਲਈ 'ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ' ਦੇ ਮਾਰਗ 'ਤੇ ਚੱਲਣ ਦਾ ਉਪਦੇਸ਼, ਅਕਾਲ ਉਸਤਤਿ 'ਚੋਂ ਤੂਹੀ-ਤੂਹੀ ਦੀ ਇਲਾਹੀ-ਅਗੰਮੀ ਧੁਨੀ 'ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ' ਦਾ ਸੰਦੇਸ਼, ਬਚਿਤ੍ਰ ਨਾਟਕ 'ਚੋਂ ਕਰਤਾਰੀ ਸ਼ਖ਼ਸੀਅਤ ਦੀ ਸਵੈ-ਜੀਵਨੀ, ਜੀਵਨ-ਉਦੇਸ਼ ਧਰਮ ਚਲਾਵਨ ਸੰਤ ਉਬਾਰਨ, ੨੪ ਅਵਤਾਰ ਦੀ ਕਥਾ-ਕਹਾਣੀ ਬਿਆਨ ਕਰਦਿਆਂ ਤੱਤ ਸਾਰ 'ਪਾਂਇ ਗਹੇ ਜਬ ਤੇ ਤੁਮਰੇ ਤਬ ਤੇ ਕੋਊ ਆਂਖ ਤਰੈ ਨਹੀ ਆਨ੧ਓ' ਦਰਸਾਇਆ। ਜ਼ਫ਼ਰਨਾਮੇ 'ਚ ਸੁਤੰਤਰ ਸਿੱਖ ਸੋਚ 'ਸਚੁ ਸੁਣਾਇਸੀ ਸਚ ਕੀ ਬੇਲਾ' ਦਾ ਉਪਦੇਸ਼ ਔਰੰਗਜ਼ੇਬ ਨੂੰ ਦ੍ਰਿੜ੍ਹ ਕਰਵਾਇਆ। ਰਾਮ-ਕ੍ਰਿਸ਼ਨ ਅਵਤਾਰ 'ਚ ਮਿਥਿਹਾਸਕ ਹਵਾਲਿਆਂ ਤੋਂ ਬਾਅਦ ਗੁਰਮਤਿ ਦਾ ਸਿਧਾਂਤ, 'ਰਾਮ ਰਹੀਮ ਪੁਰਾਨ ਕੁਰਾਨ ਅਨੇਕ ਕਹੈਂ ਮਤਿ ਏਕ ਨ ਮਾਨਿਯੋ' ਹੈ, 'ਕਿਸ਼ਨ ਬਿਸ਼ਨ ਕਬਹੂੰ ਨਹ ਧਿਆਊਂ' ਦ੍ਰਿੜ੍ਹ ਕਰਵਾਇਆ। ਭੁਲਿਆਂ-ਭਟਕਿਆਂ ਨੂੰ ਪ੍ਰੇਮ ਗਲਵਕੜੀ ਲੈਣ ਉਪਰੰਤ ਮੁਕਤਿ ਭੁਗਤਿ ਦੀ ਬਖਸ਼ਿਸ਼ ਕੀਤੀ। ਸ੍ਰੀ ਗੁਰੂ ਗੋਬਿੰਦ ਸਿੰਘ ਦੀ ਬਾਣੀ ਇਕ ਵਿਲੱਖਣ ਸਿਧਾਂਤ, ਵਿਧੀ-ਵਿਧਾਨ, ਲੈਅ ਤੇ ਸੰਗੀਤ ਦਾ ਸੁਮੇਲ ਹੈ :

*ਕਾਮ ਨ ਕ੍ਰੋਧ ਨ ਲੋਭ ਨ ਮੋਹ ਨ ਰੋਗ ਨ ਸੋਗ ਨ ਭੋਗ ਨ ਭੈ ਹੈ॥ (ਅਕਾਲ ਉਸਤਤਿ)*

ਪੂਜਾ ਅਕਾਲ ਕੀ, ਪਰਚਾ ਸ਼ਬਦ ਕਾ, ਦੀਦਾਰ ਖਾਲਸੇ ਕਾ ਦ੍ਰਿੜ੍ਹ ਕਰਾਉਂਦਿਆਂ 'ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭੁ ਪਾਇਓ' ਦਾ ਮਾਰਗ ਦੱਸਿਆ। ਮਸੰਦਾਂ ਦੀ ਸ਼ਖ਼ਸੀਅਤ-ਪ੍ਰਸਤੀ ਦੀ ਸ਼ਕਤੀ ਨੂੰ ਸਾੜ ਸੁਆਹ ਕਰ, ਸਿੱਖਾਂ ਨੂੰ ਸਿੱਧਾ ਜਾਗਤ ਜੋਤਿ ਅਕਾਲ ਪੁਰਖ ਦੇ ਪੁਜਾਰੀ ਬਣਾਇਆ। ਕਰਤਾਰੀ ਸ਼ਕਤੀਆਂ ਦੇ ਮਾਲਕ ਹੁੰਦਿਆਂ, ਅਕਾਲ ਰੂਪ ਹੋਣ ਦੇ ਬਾਵਜੂਦ ਇਹ ਕਹਿਣਾ 'ਮੈ ਹੋ ਪਰਮ ਪੁਰਖ ਕੋ ਦਾਸਾ, ਦੇਖਨ ਆਯੋ ਜਗਤ ਤਮਾਸਾ' (ਬਚਿਤ੍ਰ ਨਾਟਕ) ਦੀ ਹਿੰਮਤ, ਦਲੇਰੀ, ਸਾਹਸ ਨਿਮਰਤਾ ਵੀ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਦਿਖਾਈ। ਇਹ ਸੱਚ ਹੈ, ਗੁਰੂ ਜੀ ਨੇ ਇਸ ਸੰਸਾਰ ਨੂੰ ਤਮਾਸ਼ਾ ਹੀ ਤੱਕਿਆ। ਸੁਖੀ ਜੀਵਨ ਦਾ ਸੰਦੇਸ਼ ਸਤਿਗੁਰੂ ਜੀ ਨੇ ਅਲਪ-ਅਹਾਰ ਰਾਹੀਂ ਸਦੀਆਂ ਪਹਿਲਾਂ ਦ੍ਰਿੜ੍ਹ ਕਰਵਾ ਦਿੱਤਾ।

ਨੰਦੇੜ ਦੀ ਪਾਵਨ ਧਰਤੀ 'ਤੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਫ਼ਤਹਿ ਦੀ ਬਾਦਸ਼ਾਹੀ ਬਖਸ਼ਿਸ਼ ਕਰ, ਖਾਲਸੇ ਨੂੰ ਸਮਰੱਥ-ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸ਼ਬਦ-ਗੁਰੂ ਆਦਿ, ਸ੍ਰੀ ਗੁਰੂ ਗ੍ਰੰਥ ਸਾਹਿਬ ਅੱਗੇ ਸੀਸ ਝੁਕਾਂਦੇ ਹਨ। ਗੁਰਦੇਵ ਪਿਤਾ ਆਪਣੇ ਤਿੰਨ ਰੂਪਾਂ ਬਾਰੇ ਸਪੱਸ਼ਟ ਕਰਦੇ ਹਨ:

*ਤੀਨ ਰੂਪ ਹੈਂ ਮੋਹਿ ਕੇ ਸੁਣਹੁ ਨੰਦ ਚਿਤ ਲਾਇ,*
*ਨਿਰਗੁਣ ਸਰਗੁਣ ਗੁਰ ਸਬਦ ਕਹੋ ਤੋਹਿ ਸਮਝਾਇ॥...*
*ਜੋ ਸਿੱਖ ਗੁਰ ਦਰਸਨ ਕੀ ਚਾਹਿ ਦਰਸਨ ਕਰੇ ਗ੍ਰੰਥ ਜੀ ਆਹਿ॥*

ਸ਼ਬਦ ਗੁਰੂ ਦੇ ਦਰਸ਼ਨਾਂ ਬਾਰੇ ਸਪੱਸ਼ਟ ਕੀਤਾ ਹੈ:

*ਸ਼ਬਦ ਸੁਣੇ ਗੁਰ ਹਿਤ ਚਿਤ ਲਾਇ, ਗਿਆਨ ਸ਼ਬਦ ਗੁਰ ਸੁਣੇ ਸੁਣਾਇ॥*

ਹਮੇਸ਼ਾਂ ਵਾਸਤੇ ਸਿੱਖ-ਸੇਵਕਾਂ ਨੂੰ ਸੀਸ ਨਿਵਾਉਣ ਦਾ ਹੁਕਮ ਕਰਦੇ ਹਨ। ਪੰਥ ਨੇ ਗੁਰੂ-ਪਦਵੀ ਦੇ ਅਧਿਕਾਰ ਦੀ ਵਰਤੋਂ ਅਨੰਦਪੁਰ ਸਾਹਿਬ, ਚਮਕੌਰ ਦੀ ਗੜ੍ਹੀ, ਦਾਦੂ ਦਵਾਰੇ ਦੇ ਥਾਵਾਂ 'ਤੇ ਪ੍ਰਤੱਖ ਰੂਪ 'ਚ ਕੀਤੀ। ਗੁਰਦੇਵ ਪਿਤਾ ਨੇ ਗੁਰੂ-ਪੰਥ ਦਾ ਜਜ਼ਬਾ, ਤੇਜ਼ ਤੇ ਚੇਤਨਤਾ ਵੇਖਣ ਵਾਸਤੇ ਦਾਦੂ ਦੀ ਸਮਾਧ ਨੂੰ ਤੀਰ ਨਾਲ ਨਮਸਕਾਰ ਕੀਤੀ। ਜਿਹੜਾ ਖਾਲਸਾ-ਪੰਥ ਗੁਰੂ ਤੋਂ ਵਾਰਨੇ ਜਾਂਦਿਆਂ ਆਪਣੀ ਖੱਲੜੀ ਲੁਹਾ ਲੈਂਦਾ ਸੀ ਉਸ ਨੇ ਆਪਣੇ ਗੁਰੂ-ਪੰਥ ਦੇ ਰੂਹਾਨੀ ਅਧਿਕਾਰ ਤੇ ਤੇਜ਼ ਦੀ ਵਰਤੋਂ ਕਰਦਿਆਂ ਗੁਰੂ ਜੀ ਨੂੰ ਤਨਖਾਹ ਵੀ ਲਾਈ, ਗੁਰੂ ਜੀ ਨੇ ਸਤ-ਬਚਨ ਕਹਿ ਪ੍ਰਵਾਨ ਕੀਤੀ। ਕਰਤਾਰ ਸਿੰਘ ਕਲਾਸਵਾਲੀਏ ਨੇ ਗੁਰੂ ਜੀ ਬਾਰੇ ਖੂਬ ਕਿਹਾ ਕਿ ਗੁਰਦੇਵ ਪਿਤਾ ਨੇ ਆਪਣੇ ਖਾਲਸਾ ਪੰਥ ਤੋਂ ਸਭ ਕੁਝ ਵਾਰ ਦਿੱਤਾ:

*ਐ ਪੰਥ ਤੂੰ ਸੁਣ ਲੈ ਦੋ ਗੱਲਾਂ, ਕਿਵੇਂ ਗੁਰੂ ਜੀ ਹੈਨ ਗੁਜ਼ਰਾਨ ਕਰ ਗਏ।*
*ਇਕ ਗੱਦੀ ਗੁਰਿਆਈ ਦੀ ਕੋਲ ਹੈਸੀ ਉਹ ਵੀ ਜਾਂਦੀ ਵਾਰੀ ਤੈਨੂੰ ਦਾਨ ਕਰ ਗਏ।*

ਸ਼ਬਦ-ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਕਿਸੇ ਧਰਮ, ਜਾਤੀ, ਨਸਲ ਤੀਕ ਸੀਮਤ ਗੁਰੂ ਨਹੀਂ ਸਗੋਂ ਸਮੁੱਚੀ ਮਾਨਵਤਾ ਲਈ ਗਿਆਨ ਦੇ ਮਹਾਂਸਾਗਰ ਦੇ ਰੂਪ 'ਚ ਗੁਰੂ ਹੈ, ਜਿਸ ਨੂੰ ਜੋਤਿ-ਰੂਪ 'ਚ ਗੁਰੂ ਸਵੀਕਾਰਨ, ਸਤਿਕਾਰਨ ਤੇ ਮੰਨਣ ਦਾ ਉਪਦੇਸ਼ ਮਾਨਵਤਾ ਦੇ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦਿੱਤਾ, ਜਿਸ ਨਾਲ ਸਦੀਆਂ ਤੋਂ ਚੱਲ ਰਹੇ ਅਵਤਾਰਵਾਦ ਦੀ ਪਰੰਪਰਾ ਦਾ ਅੰਤ ਹੋਇਆ। ਗੁਰਦੇਵ ਪਿਤਾ ਦੇ ਇਸ ਉਪਦੇਸ਼ ਨੂੰ ਹੂ-ਬ-ਹੂ ਪ੍ਰਵਾਨ ਕਰਦੇ ਹੋਏ, ਸਿੱਖ ਹਮੇਸ਼ਾਂ ਸੁਖੀ, ਸੱਤ-ਸੰਤੋਖ ਦੇ ਧਾਰਨੀ, ਸੁਤੰਤਰ ਤੇ ਸੱਤਾ-ਸ਼ਕਤੀ ਸੰਪੰਨ, ਸੁਰੱਖਿਅਤ ਰਹਿਣਗੇ।

■

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ। **-ਸੰਪਾਦਕ**

# ਅਟੁੱਟ ਜਜ਼ਬੇ ਦੀ ਉਦਾਹਰਨ ਹੈ: ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸ

*-ਪ੍ਰੋ. ਕਿਰਪਾਲ ਸਿੰਘ ਬਡੂੰਗਰ**

ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸ ਅਟੁੱਟ ਜਜ਼ਬੇ ਦੀ ਉਦਾਹਰਨ ਹੈ। ਇੱਥੋਂ ਦੀ ਜੰਗ ਦੁਨੀਆ ਦੇ ਇਤਿਹਾਸ ਵਿਚ ਸਮੂਹਿਕ ਸ਼ਹਾਦਤ, ਅਸਾਵੀਂ ਟੱਕਰ ਅਤੇ ਜਿੱਤ ਦੇ ਦ੍ਰਿੜ੍ਹ ਸੰਕਲਪ ਦੀ ਅਦੁੱਤੀ ਮਿਸਾਲ ਹੈ। ਇਸ ਜੰਗ ਵਿਚ ਮੁੱਠੀ-ਭਰ ਸਿੰਘਾਂ ਨੇ ੫੦੦ ਸਾਲ ਪੁਰਾਣੇ ਸਾਮਰਾਜ ਦੇ ਭਾਰੀ ਗਿਣਤੀ ਵਿਚ ਮੁਲਖਈਏ ਦਾ ਰਾਹ ਰੋਕ ਲਿਆ ਅਤੇ ਉਸ ਨੂੰ ਆਪਣੇ ਮਕਸਦ ਵਿਚ ਕਾਮਯਾਬ ਨਾ ਹੋਣ ਦਿੱਤਾ। ਅਨੰਦਗੜ੍ਹ ਦਾ ਕਿਲ੍ਹਾ ਛੱਡਣ ਤੋਂ ਤੁਰੰਤ ਬਾਅਦ ਮੁਗ਼ਲਾਂ ਅਤੇ ਬਾਈਧਾਰ ਦੇ ਰਾਜਿਆਂ ਨੇ ਆਪਣੀਆਂ ਕਸਮਾਂ ਅਤੇ ਇਕਰਾਰ ਤੋੜ ਕੇ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਅਤੇ ਬਾਕੀ ਸਿੰਘਾਂ ਨੂੰ ਖ਼ਤਮ ਕਰਨ ਦੀ ਠਾਣ ਲਈ। ਸਰਸਾ ਨਦੀ ਵਿਚ ਮੁਠਭੇੜ ਤੋਂ ਬਾਅਦ ਚਮਕੌਰ ਦੀ ਜੰਗ ਉਪਰੰਤ ਸੂਬਾ-ਸਰਹਿੰਦ ਵਜ਼ੀਰ ਖਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਖ਼ਤਮ ਕਰਨ ਲਈ ਮਾਲਵੇ ਦੇਸ਼ ਵਿਚ ਫੌਜ ਲੈ ਕੇ ਚੜ੍ਹਾਈ ਕੀਤੀ। ਖਿਦਰਾਣੇ ਦੀ ਢਾਬ ਕੋਲ ਪੱਛਮੀ ਪਾਸੇ ਗੁਰੂ ਜੀ ਨੇ ਇਸ ਫੌਜ ਨਾਲ ਯੁੱਧ ਕਰਨ ਦੀ ਯੋਜਨਾ ਬਣਾਈ ਸੀ। ਮਾਝੇ ਤੋਂ ਆਏ ਸਿੰਘਾਂ ਦਾ ਜਥਾ ਵੀ ਇਸੇ ਸਮੇਂ ਆਇਆ ਹੋਇਆ ਸੀ। ਇਸ ਜਥੇ ਨੇ ਜਦੋਂ ਸ਼ਾਹੀ ਲਸ਼ਕਰ ਵੇਖਿਆ ਤਾਂ ਢਾਬ ਦੇ ਪੂਰਬੀ ਪਾਸੇ ਮੋਰਚੇ ਲਾ ਲਏ। ਜਿਸ ਯੁੱਧ ਵਿਚ ੪੦ ਦੇ ਕਰੀਬ ਸਿੰਘ ਸਾਰੇ ਹੀ ਸ਼ਹੀਦ ਹੋ ਗਏ, ਪਰ ਉਨ੍ਹਾਂ ਨੇ ਸ਼ਾਹੀ ਫੌਜ ਨੂੰ ਦਮੋਂ ਕੱਢ ਦਿੱਤਾ। ਸ਼ਾਹੀ ਫੌਜ ਦੋ ਕਿਲੋਮੀਟਰ ਵੀ ਅੱਗੇ ਵਧ ਕੇ ਗੁਰੂ ਸਾਹਿਬ ਦੇ ਸਾਹਮਣੇ ਨਾ ਹੋ ਸਕੀ। ਸਿੰਘਾਂ ਦੇ ਇਕ ਛੋਟੇ ਜਿਹੇ ਜਥੇ ਨੇ ਸ਼ਾਹੀ ਫੌਜ ਦਾ ਹਮਲਾ ਨਾਕਾਮ ਕਰ ਦਿੱਤਾ ਸੀ। ਸੂਰਬੀਰਤਾ ਦੀ ਇਹ ਅਦੁੱਤੀ ਮਿਸਾਲ ਸ੍ਰੀ ਗੁਰੂ ਨਾਨਕ ਸਾਹਿਬ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਆਦਰਸ਼ਾਂ ਅਤੇ ਅਮਲੀ ਪ੍ਰੇਰਨਾ ਦਾ ਸਿੱਟਾ ਸੀ। ਅਕਾਲ ਪੁਰਖ ਦੇ ਹੁਕਮਾਂ ਦੀ ਪਾਲਣਾ ਦੇ ਉਦੇਸ਼ ਲਈ ਗੁਰੂ ਜੀ ਨੇ ਖਾਲਸੇ ਦੀ ਸਾਜਨਾ ਕੀਤੀ ਸੀ। ਸਿੱਖੀ ਦੇ ਮਾਰਗ 'ਤੇ ਚੱਲਣ ਲਈ ਸਿਰ ਤਲੀ ਧਰਨ ਦੀ ਅਤੇ ਕਿਸੇ ਕਿਸਮ ਦੀ ਕੋਈ ਝਿਜਕ ਨਾ ਰੱਖਣ ਦੀ ਸ਼ਰਤ ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਹੀ ਲਾਈ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵੀ ਇਹੋ ਆਦਰਸ਼ ਖਾਲਸੇ ਦੇ ਸਾਹਮਣੇ ਰੱਖਿਆ ਸੀ। ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਫ਼ੁਰਮਾਇਆ:

*ਜਉ ਤਉ ਪ੍ਰੇਮ ਖੇਲਣ ਕਾ ਚਾਉ॥ ਸਿਰੁ ਧਰਿ ਤਲੀ ਗਲੀ ਮੇਰੀ ਆਉ॥*
*ਇਤੁ ਮਾਰਗਿ ਪੈਰੁ ਧਰੀਜੈ॥ ਸਿਰੁ ਦੀਜੈ ਕਾਣਿ ਨ ਕੀਜੈ॥ (ਪੰਨਾ ੧੪੧੨)*

ਇਨ੍ਹਾਂ ਸਿੰਘਾਂ ਨੇ ਗੁਰੂ ਮਾਰਗ 'ਤੇ ਆਪਣੇ ਸੀਸ ਭੇਟ ਕਰ ਕੇ ਸਿੱਖ ਧਰਮ ਦੀ ਅਗੰਮੀ ਸੂਰਬੀਰਤਾ ਅਤੇ ਆਤਮ-ਬਲੀਦਾਨ ਦੀ ਇਨਕਲਾਬੀ ਭਾਵਨਾ ਨੂੰ ਸਿਖ਼ਰ 'ਤੇ ਪਹੁੰਚਾ ਦਿੱਤਾ। ਗੁਰਮਤਿ ਵਿਚ ਪਰਮਾਤਮਾ ਨੂੰ ਪਾਉਣ ਲਈ ਗੁਰੂ ਨੂੰ ਆਪਣਾ ਤਨ, ਮਨ, ਧਨ ਸੌਂਪਣ ਦਾ ਹੁਕਮ ਹੈ। ਸ੍ਰੀ ਗੁਰੂ ਅਮਰਦਾਸ ਜੀ ਨੇ ਫ਼ੁਰਮਾਇਆ ਹੈ:

*ਤਨੁ ਮਨੁ ਧਨੁ ਸਭੁ ਸਉਪਿ ਗੁਰ ਕਉ ਹੁਕਮਿ ਮੰਨਿਐ ਪਾਈਐ॥ (ਪੰਨਾ ੯੧੮)*

ਸ਼ਹਾਦਤ ਇਸ ਅੰਦਰਲੀ ਕਿਰਿਆ ਦਾ ਬਾਹਰੀ ਰੂਪ ਹੀ ਹੁੰਦਾ ਹੈ। ਆਤਮਬਲੀਦਾਨ ਦੀ ਭਾਵਨਾ

**ਸਾਬਕਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ।*

ਸਿੱਖੀ ਦੀ ਹੀ ਦੇਣ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਤਮ-ਬਲੀਦਾਨ ਦੇ ਕੇ ਇਸ ਪ੍ਰਥਾ ਦਾ ਮੁੱਢ ਬੰਨ੍ਹਿਆ। ਉਨ੍ਹਾਂ ਦੇ ਨਕਸ਼-ਏ-ਕਦਮਾਂ 'ਤੇ ਚੱਲਦੇ ਹੋਏ ਅਣਗਿਣਤ ਸਿੰਘਾਂ ਨੇ ਸ਼ਹੀਦੀਆਂ ਪਾਈਆਂ ਤੇ ਆਪਣੇ ਖ਼ੂਨ ਨਾਲ ਇਸ ਧਰਤੀ ਤੋਂ ਜ਼ੁਲਮ ਤੇ ਪਾਪ ਨੂੰ ਸਾਫ਼ ਕੀਤਾ। ਦਸਮੇਸ਼ ਪਿਤਾ ਜੀ ਨੇ ਫ਼ੁਰਮਾਇਆ :

*ਯਾਹੀ ਕਾਜ ਧਰਾ ਹਮ ਜਨਮੰ॥*
*ਸਮਝ ਲੇਹੁ ਸਾਧੂ ਸਭ ਮਨ ਮੰ॥*
*ਧਰਮ ਚਲਾਵਨ ਸੰਤ ਉਬਾਰਨ॥*
*ਦੁਸਟ ਸਭਨ ਕੋ ਮੂਲ ਉਪਾਰਨ॥ (ਬਚਿਤ੍ਰ ਨਾਟਕ ਪਾ: ੧੦)*

ਗੁਰੂ ਸਾਹਿਬ ਜੀ ਦੇ ਇਸੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸ੍ਰੀ ਮੁਕਤਸਰ ਸਾਹਿਬ ਦੀ ਧਰਤੀ 'ਤੇ ਸ਼ਹੀਦ ਹੋਣ ਵਾਲੇ ਸਿੰਘਾਂ ਨੇ ਬਹੁਤ ਮਹਾਨ ਕਾਰਜ ਕੀਤਾ ਸੀ। ਇਹ ਸਿੱਖ ਭਾਵੇਂ ਕਿਸੇ ਵੇਲੇ ਗੁਰੂ ਜੀ ਕੋਲੋਂ ਚਲੇ ਗਏ ਅਤੇ ਲਿਖ ਕੇ ਬੇਦਾਵਾ ਦੇ ਗਏ ਸਨ। ਜਦੋਂ ਮੁੜ ਉਨ੍ਹਾਂ ਨੇ ਗੁਰੂ ਜੀ ਦੇ ਚਰਨਾਂ ਵਿਚ ਆਪਣਾ ਸੀਸ ਭੇਟ ਕਰ ਦਿੱਤਾ, ਤਦ ਗੁਰੂ ਸਾਹਿਬ ਦੇ ਦਿਲ ਵਿਚ ਉਨ੍ਹਾਂ ਲਈ ਅਥਾਹ ਪਿਆਰ ਜਾਗ ਉਠਿਆ। ਉਹ ਜੰਗ ਦੀ ਥਾਂ 'ਤੇ ਆਏ ਅਤੇ ਇਕ-ਇਕ ਸਿੰਘ ਨੂੰ ਗੋਦ ਵਿਚ ਲੈ ਕੇ ਪਿਆਰ ਕੀਤਾ। ਸਾਰੇ ਸਿੰਘ ਸ਼ਹੀਦ ਹੋ ਚੁਕੇ ਸਨ, ਇੱਕੋ ਜਥੇਦਾਰ ਭਾਈ ਮਹਾਂ ਸਿੰਘ ਅਜੇ ਸਹਿਕ ਰਿਹਾ ਸੀ। ਗੁਰੂ ਸਾਹਿਬ ਨੇ ਜਦੋਂ ਭਾਈ ਮਹਾਂ ਸਿੰਘ ਦਾ ਸਿਰ ਗੋਦ ਵਿਚ ਲਿਆ ਤਾਂ ਕੁਝ ਮੰਗਣ ਲਈ ਕਿਹਾ। ਭਾਈ ਮਹਾਂ ਸਿੰਘ ਨੂੰ ਗੁਰੂ ਜੀ ਦਾ ਦਰਸ਼ਨ ਹੋ ਚੁਕਾ ਸੀ। ਉਸ ਨੇ ਹੋਰ ਕੀ ਮੰਗਣਾ ਸੀ। ਉਸ ਨੇ ਗੁਰੂ ਸਾਹਿਬ ਨੂੰ ਬੇਦਾਵਾ ਪਾੜ ਦੇਣ ਦੀ ਬੇਨਤੀ ਕੀਤੀ। ਸਿੱਖ ਲਈ ਗੁਰੂ ਦੀ ਕਿਰਪਾ ਪ੍ਰਸੰਨਤਾ ਬਹੁਤ ਵੱਡੀ ਦੌਲਤ ਹੈ, ਜੋ ਸਿਰ ਦੇ ਕੇ ਵੀ ਮਿਲਦੀ ਹੋਵੇ ਤਾਂ ਮਹਿੰਗੀ ਨਹੀਂ ਹੈ, ਜਿਵੇਂ ਕਿ ਮਹਾਂਵਾਕ ਹੈ:

*ਤੂ ਚਉ ਸਜਣ ਮੈਡਿਆ ਡੇਈ ਸਿਸੁ ਉਤਾਰਿ॥*
*ਨੈਣ ਮਹਿੰਜੇ ਤਰਸਦੇ ਕਦਿ ਪਸੀ ਦੀਦਾਰੁ॥ (ਪੰਨਾ ੧੦੯੪)*

ਗੁਰਮਤਿ ਅਨੁਸਾਰ ਸਤਿਗੁਰੂ ਜਿੱਡਾ ਦਾਤਾ ਕੋਈ ਨਹੀਂ, ਜੋ ਮਨੁੱਖ ਨੂੰ ਜੀਅ ਦਾਨ ਤੇ ਨਾਮ ਧਨ ਨਾਲ ਮਾਲਾਮਾਲ ਕਰ ਸਕਦਾ ਹੈ। ਸਤਿਗੁਰੂ ਦੀ ਸੇਵਾ ਸਿੱਖ ਇਸੇ ਲਈ ਕਰਦਾ ਹੈ ਕਿ ਉਹ ਇਸ ਕੂੜੇ ਤੇ ਝੂਠ ਦੇ ਸੰਸਾਰ ਵਿੱਚੋਂ ਨਿਕਲ ਕੇ ਸੱਚ ਦਾ ਰੂਪ ਹੋ ਸਕੇ। ਜਦੋਂ ਸਿੱਖ ਨਾਮ ਸਿਮਰਨ ਤੇ ਸੇਵਾ ਕਰ ਕੇ ਆਪਣੀ ਹਉਮੈਂ ਖੋ ਦਿੰਦਾ ਹੈ ਤੇ ਗੁਰੂ-ਚਰਨਾਂ ਵਿਚ ਆਪਣਾ ਆਪ ਨਿਛਾਵਰ ਕਰ ਦਿੰਦਾ ਹੈ, ਤਾਂ ਉਸ ਦਾ ਸਾਧਨਾ ਪੱਖ ਮੁਕੰਮਲ ਹੋ ਜਾਂਦਾ ਹੈ। ਇਸ ਤੋਂ ਅੱਗੇ ਗੁਰੂ ਦਾ ਕਾਰਜ ਹੀ ਰਹਿ ਜਾਂਦਾ ਹੈ ਕਿ ਉਨ੍ਹਾਂ 'ਤੇ ਨਦਰਿ ਕਰਮਿ ਕਰ ਕੇ ਸੱਚ ਮੰਡਲ ਦੇ ਅਧਿਕਾਰੀ ਬਣਾ ਦੇਵੇ। ਇਹ ਸਿੱਖ ਚਾਹੁੰਦੇ ਤਾਂ ਜੰਗ ਤੋਂ ਡਰਦੇ ਕਿਧਰੇ ਪਾਸੇ ਵੀ ਹੋ ਸਕਦੇ ਸੀ। ਇਨ੍ਹਾਂ ਨੂੰ ਕਿਸੇ ਮਜਬੂਰੀ ਵੱਸ ਜੰਗ ਨਹੀਂ ਸੀ ਲੜਨਾ ਪਿਆ। ਇਨ੍ਹਾਂ ਨੇ ਗੁਰੂ ਦੀ ਸੇਵਾ ਵਿਚ ਧਰਮ ਦੇ ਕਾਰਜ ਲਈ ਆਪਣੀ ਮਰਜ਼ੀ ਨਾਲ ਸ਼ਹੀਦੀ ਦਿੱਤੀ ਸੀ। ਇਹ ਸਿੱਖ ਸਿੱਖੀ ਦੀ ਪ੍ਰੀਖਿਆ ਵਿਚ ਪੂਰੀ ਤਰ੍ਹਾਂ ਪਾਸ ਹੋ ਚੁੱਕੇ ਸਨ। ਗੁਰੂ ਸਾਹਿਬ ਨੇ ਇਨ੍ਹਾਂ ਨੂੰ ਮੁਕਤੀ ਪ੍ਰਦਾਨ ਕੀਤੀ ਅਤੇ ਅਮਰ ਪਦਵੀ ਬਖ਼ਸ਼ੀ। ਇਨ੍ਹਾਂ ਦੇ ਮੁਕਤਿ ਪਦਵੀ ਪ੍ਰਾਪਤ ਕਰਨ ਕਰਕੇ ਇਹ ਥਾਂ ਬਹੁਤ ਪਵਿੱਤਰ ਹੋ ਚੁੱਕੀ ਸੀ। ਗੁਰੂ ਸਾਹਿਬ ਨੇ ਇਸ ਥਾਂ ਦਾ ਨਾਂ ਆਪ 'ਮੁਕਤਸਰ' ਰੱਖਿਆ ਅਤੇ ਹੁਕਮ ਕੀਤਾ ਕਿ ਇਸ ਨੂੰ ਕੋਈ ਖਿਦਰਾਣਾ ਨਾ ਆਖੇ:

*-ਯਾ ਤੇ ਨਾਮ ਮੁਕਤਿਸਰ ਹੋਆ। ਜੋ ਮਜਹਿ ਤਿਨ ਹੀ ਅਘ ਖੋਆ।*
*ਅਸ ਮਹਿਮਾ ਸ੍ਰੀ ਮੁਖ ਤੇ ਕਹੀ। ਸੋ ਅਬਿ ਪ੍ਰਗਟ ਜਗਤ ਮੈ ਸਹੀ।*
*-ਅਬ ਤੇ ਨਾਮ ਮੁਕਤਿਸਰ ਹੋਇ। ਖਿਦਰਾਣਾ ਇਸ ਕਹੇ ਨ ਕੋਇ।*

*ਇਸ ਥਾਨ ਮੁਕਤਿ ਹੋਇ ਚਾਲੀ। ਜੋ ਨਿਸ਼ਪਾਪ ਘਾਲ ਬਹੁ ਘਾਲੀ।*

ਸਿੱਖ ਇਤਿਹਾਸ ਵਿਚ ਇਸ ਅਸਥਾਨ ਦਾ ਭਾਰੀ ਇਤਿਹਾਸਿਕ ਅਤੇ ਅਧਿਆਤਮਿਕ ਮਹੱਤਵ ਹੈ। ਇਨ੍ਹਾਂ ੪੦ ਮੁਕਤਿਆਂ ਦੀ ਯਾਦ ਸਿੱਖੀ ਸਿਦਕ ਦੀ ਪ੍ਰੇਰਨਾ ਦਾ ਅਥਾਹ ਸੋਮਾ ਹੈ। ਇਸ ਅਸਥਾਨ ਦੀ ਛੋਹ ਪਾ ਕੇ ਮਾਇਆ ਦੇ ਬੰਧਨ ਟੁੱਟਦੇ ਹਨ ਅਤੇ ਤਨ, ਮਨ ਨਿਰਮਲ ਹੁੰਦਾ ਹੈ। ਸ਼ਹੀਦਾਂ ਦਾ ਅਸਥਾਨ ਕਿੰਨਾ ਸਤਿਕਾਰਯੋਗ ਹੁੰਦਾ ਹੈ, ਇਸ ਬਾਰੇ ਇਕ ਸ਼ਾਇਰ ਨੇ ਲਿਖਿਆ ਹੈ:-

*ਸ਼ਹੀਦੋਂ ਕੀ ਕਤਲਗਾਹ ਸੇ ਕਿਆ ਬਿਹਤਰ ਹੈ ਕਾਅਬਾ,*
*ਸ਼ਹੀਦੋਂ ਕੀ ਖਾਕ ਪੇ ਤੋ ਖ਼ੁਦਾ ਭੀ ਕੁਰਬਾਨ ਹੋਤਾ ਹੈ।*

ਇਸਤਰੀ ਜਾਤੀ ਦਾ ਗੁਰਮਤਿ ਵਿਚ ਬਹੁਤ ਸਤਿਕਾਰ ਕੀਤਾ ਗਿਆ ਹੈ। ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਇਸਤਰੀ ਨੂੰ ਮੰਦਾ ਸਮਝਣ ਦੀ ਮਨਾਹੀ ਕੀਤੀ ਹੈ ਤੇ ਇਸ ਨੂੰ ਰਾਜਿਆਂ ਦੀ ਜਨਨੀ ਆਖ ਕੇ ਵਡਿਆਈ ਦਿੱਤੀ ਹੈ। ਸਿੱਖ ਧਰਮ ਵਿਚ ਇਸਤਰੀ ਤੇ ਮਰਦ ਦਾ ਇੱਕੋ ਜਿਹਾ ਦਰਜਾ ਹੈ। ਪਰੰਪਰਾਗਤ ਭਾਰਤੀ ਦਰਸ਼ਨ ਵਿਚ ਇਸਤਰੀ ਨੂੰ ਬਰਾਬਰੀ ਦਾ ਹੱਕ ਨਹੀਂ ਸੀ ਦਿੱਤਾ ਗਿਆ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀਆਂ ਲਿਖਤਾਂ ਵਿਚ ਅਤੇ ਖਾਲਸੇ ਦੀ ਜਥੇਬੰਦੀ ਵਿਚ ਇਸਤਰੀਆਂ ਦਾ ਸਨਮਾਨ ਕੀਤਾ ਹੈ। ਮਾਤਾ ਸਾਹਿਬ ਕੌਰ ਜੀ ਨੂੰ ਖਾਲਸੇ ਦੀ ਮਾਤਾ ਹੋਣ ਦੀ ਉਪਾਧੀ ਦਿੱਤੀ। ਸ੍ਰੀ ਮੁਕਤਸਰ ਸਾਹਿਬ ਵਿਖੇ ਸਿੰਘਾਂ ਨੂੰ ਪ੍ਰੇਰ ਕੇ ਲਿਆਉਣ ਵਾਲੀ ਵੀ ਇਕ ਇਸਤਰੀ ਸੀ- ਮਾਤਾ ਭਾਗੋ ਜੀ। ਮਾਤਾ ਜੀ ਨੂੰ ਜਦੋਂ ਸਿੰਘਾਂ ਦੇ ਬੇਦਾਵਾ ਲਿਖ ਕੇ ਚਲੇ ਆਉਣ ਦਾ ਪਤਾ ਲੱਗਿਆ ਤਾਂ ਆਪ ਨੇ ਉਨ੍ਹਾਂ ਨੂੰ ਸੋਝੀ ਦਿੱਤੀ ਕਿ ਇਸ ਲੋਕਪ੍ਰਲੋਕ ਵਿਚ ਗੁਰੂ ਬਿਨਾ ਕੋਈ ਸਹਾਰਾ ਨਹੀਂ। ਇਹ ਸਰੀਰ ਤਾਂ ਬਿਨਸਨਹਾਰ ਹੈ, ਇਸ ਨੂੰ ਕਿੰਨਾ ਕੁ ਚਿਰ ਬਚਾਉਂਦੇ ਫਿਰੋਗੇ। ਮਾਤਾ ਭਾਗੋ ਜੀ ਸਿੰਘਾਂ ਨੂੰ ਗੁਰੂ ਦੇ ਸਨਮੁਖ ਕਰਨ ਲਈ ਲੈ ਕੇ ਆਏ ਸਨ। ਮਾਤਾ ਜੀ ਜੰਗ ਵਿਚ ਸਿੰਘਾਂ ਦੇ ਨਾਲ ਹੀ ਰਹੇ ਤੇ ਮਰਦਾਵੇਂ ਭੇਸ ਵਿਚ ਵੈਰੀ ਨਾਲ ਯੁੱਧ ਵਿਚ ਹਿੱਸਾ ਲਿਆ। ਬਾਅਦ ਵਿਚ ਆਪ ਸਦਾ ਲਈ ਗੁਰੂ ਸੇਵਾ ਵਿਚ ਹੀ ਰਹੇ ਤੇ ਦੱਖਣ ਵੱਲ ਗੁਰੂ ਜੀ ਦੇ ਨਾਲ ਗਏ। ਗੁਰੂ ਜੀ ਤੋਂ ਪਿੱਛੋਂ ਆਲੇ-ਦੁਆਲੇ ਦੇ ਪਿੰਡਾਂ ਵਿਚ ਸਿੱਖੀ ਪ੍ਰਚਾਰ ਕਰਦੇ ਰਹੇ। ਮਾਤਾ ਭਾਗੋ ਜੀ ਦਾ ਇਹ ਕਿਰਦਾਰ ਭਾਰਤੀ ਸੰਸਕ੍ਰਿਤੀ ਦੇ ਉਲਟ ਇਕ ਬਹੁਤ ਵੱਡੀ ਕ੍ਰਾਂਤੀ ਦਾ ਸਿਖ਼ਰ ਸੀ। ਇਸਤਰੀ ਨੂੰ ਉਸ ਵੇਲੇ ਨਿਰਬਲ ਜਾਣ ਕੇ ਪੈਰ ਦੀ ਜੁੱਤੀ ਸਮਝਿਆ ਜਾਂਦਾ ਸੀ। ਗੁਰਮਤਿ ਦੇ ਪ੍ਰਚਾਰ ਨੇ ਇਸਤਰੀ ਨੂੰ ਸ਼ਕਤੀ ਤੇ ਮਰਦਾਂ ਦੇ ਨਾਲ ਬਰਾਬਰੀ ਪ੍ਰਦਾਨ ਕਰ ਕੇ ਸਮਾਜ ਵਿਚ ਉਸ ਦਾ ਸਨਮਾਨਯੋਗ ਥਾਂ ਬਣਾਇਆ।

ਸ੍ਰੀ ਮੁਕਤਸਰ ਸਾਹਿਬ ਦੀ ਧਰਤੀ ਇਸ ਪੱਖ ਤੋਂ ਵੀ ਮਹੱਤਵਪੂਰਨ ਹੈ ਕਿ ਇੱਥੇ ਸਿੱਖਾਂ ਦੀ ਗੁਰੂ ਨਾਲ ਟੁੱਟੀ ਗੰਢੀ ਗਈ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਨ੍ਹਾਂ ਸਿੱਖਾਂ ਦੇ ਸ੍ਰੀ ਅਨੰਦਪੁਰ ਸਾਹਿਬ ਵਿਚ ਦਿੱਤੇ ਬੇਦਾਵੇ ਨੂੰ ਪਾੜ ਕੇ ਉਨ੍ਹਾਂ ਨੂੰ ਮੁੜ ਆਪਣੇ ਸਿੱਖ ਪ੍ਰਵਾਨ ਕਰਕੇ ਗਲ਼ੇ ਨਾਲ ਲਾਇਆ। ਇਹ ਗੁਰੂ ਦੀ ਵਡਿਆਈ ਹੈ ਕਿ ਜੋ ਸਿੱਖ ਗ਼ਲਤੀ ਵੀ ਕਰਦਾ ਹੈ ਉਹ ਗੁਰੂ ਦੀ ਸ਼ਰਨ ਵਿਚ ਜਾਵੇ, ਗੁਰੂ ਉਸ ਨੂੰ ਬਖ਼ਸ਼ ਦਿੰਦਾ ਹੈ:

*ਜੋ ਸਰਣਿ ਆਵੈ ਤਿਸੁ ਕੰਠਿ ਲਾਵੈ ਇਹੁ ਬਿਰਦੁ ਸੁਆਮੀ ਸੰਦਾ॥ (ਪੰਨਾ ੫੪੪)*

ਗੁਰੂ ਦੀ ਸ਼ਰਨ ਵਿਚ ਆਉਣ ਕਰਕੇ ਇਨ੍ਹਾਂ ਸਿੰਘਾਂ ਦਾ ਪਰਮਾਤਮਾ ਨਾਲ ਵੀ ਮਿਲਾਪ ਹੋਇਆ ਤੇ ਉਨ੍ਹਾਂ ਦੀ ਟੁੱਟੀ ਗੰਢੀ ਗਈ। ਇਹ ਅਧਿਆਤਮਿਕ ਤੌਰ 'ਤੇ ਇਸ ਗੱਲ ਦਾ ਪ੍ਰਮਾਣ ਹੈ ਕਿ ਜੋ ਕੋਈ ਜੀਵ ਗੁਰੂ ਨੂੰ ਆਪਣਾ ਆਪਾ ਅਰਪਣ ਕਰ ਦਿੰਦਾ ਹੈ, ਗੁਰੂ ਉਸੇ ਘੜੀ ਉਸ ਨੂੰ ਪ੍ਰਭੂ ਨਾਲ ਮਿਲਾ ਦਿੰਦਾ ਹੈ। ਜੀਵ ਰੂਪੀ ਕਮਲ ਦਾ ਫੁੱਲ ਮੋਹ-ਮਮਤਾ ਦੇ ਚਿੱਕੜ ਵਿਚ ਫਸਿਆ ਹੈ। ਗੁਰੂ ਹੀ ਅਜਿਹਾ ਮਿੱਤਰ ਹੈ ਜੋ ਮੋਹ-ਮਮਤਾ ਨਾਲੋਂ ਜੀਵ ਦੀ ਗੰਢ ਖੋਲ੍ਹ ਕੇ ਉਸ ਨੂੰ ਪਰਮਾਤਮਾ ਦੇ ਦਰ ਦੀ ਸੋਝੀ ਕਰਵਾ ਸਕਦਾ

ਹੈ, ਜਿਸ ਤਰ੍ਹਾਂ ਬੱਦਲ ਦੀ ਵਰਖਾ ਕਮਲ ਦੀ ਮਿੱਟੀ ਧੋ ਦਿੰਦੀ ਹੈ ਤੇ ਉਹ ਖਿੜ ਉਠਦਾ ਹੈ:

*ਪੰਕਜ ਫਾਥੇ ਪੰਕ ਮਹਾ ਮਦ ਗੁੰਫਿਆ॥*
*ਅੰਗ ਸੰਗ ਉਰਝਾਇ ਬਿਸਰਤੇ ਸੁੰਫਿਆ॥*
*ਹੈ ਕੋਊ ਐਸਾ ਮੀਤੁ ਜਿ ਤੋਰੈ ਬਿਖਮ ਗਾਂਠਿ॥*
*ਨਾਨਕ ਇਕੁ ਸ੍ਰੀਧਰ ਨਾਥੁ ਜਿ ਟੂਟੇ ਲੇਇ ਸਾਂਠਿ॥* *(ਪੰਨਾ ੧੩੬੨-੬੩)*

ਇਸ ਤਰ੍ਹਾਂ ਇਹ ਜੰਗ ਸਿਰਫ਼ ਦੁਨਿਆਵੀ ਵਾਕਿਆ ਹੀ ਨਹੀਂ ਸੀ ਇਸ ਦਾ ਅਧਿਆਤਮਿਕ ਮਹੱਤਵ ਵੀ ਸੀ। ਸੰਸਾਰਕ ਪੱਧਰ 'ਤੇ ਇਹ ਸ਼ਹੀਦ ਸਿੱਖੀ ਸਿਦਕ ਦ੍ਰਿੜ੍ਹ ਕਰਵਾ ਰਹੇ ਸਨ। ਦੈਵੀ ਪੱਧਰ 'ਤੇ ਉਹ ਹਉਮੈਂ ਦੀ ਕੰਧ ਤੋੜ ਕੇ ਸਚਿਆਰ ਬਣ ਕੇ ਪਰਮਾਤਮਾ ਦੇ ਘਰ ਵਿਚ ਪ੍ਰਵੇਸ਼ ਕਰ ਰਹੇ ਸਨ।

ਅਕਾਲ ਪੁਰਖ ਦੀ ਸ਼ਕਤੀ ਕਰਕੇ ਹੀ ਥੋੜ੍ਹੀ ਗਿਣਤੀ ਵਿਚ ਹੋਣ ਦੇ ਬਾਵਜੂਦ ਸਿੱਖਾਂ ਨੇ ਵੱਡੀ ਗਿਣਤੀ ਵਿਚ ਆਈ ਫੌਜ ਨਾਲ ਯੁੱਧ ਕੀਤਾ। ਉਨ੍ਹਾਂ ਨੇ ਜਾਨ ਦੀ ਪਰਵਾਹ ਨਾ ਕਰਦੇ ਹੋਏ ਸਨਮੁਖ ਹੋ ਕੇ ਜੰਗ ਲੜੀ। ਦੁਨੀਆ ਦੇ ਇੰਨੇ ਮਹਾਨ ਯੁੱਧ ਹੋਏ ਹਨ, ਰਾਮਾਇਣ-ਮਹਾਂਭਾਰਤ ਤੋਂ ਲੈ ਕੇ ਦੋਵੇਂ ਵਿਸ਼ਵ ਯੁੱਧ ਤੇ ਭਾਰਤ-ਪਾਕਿਸਤਾਨ ਦੀਆਂ ਜੰਗਾਂ ਤਕ। ਇਹ ਯੁੱਧ ਬਰਾਬਰ ਦੀਆਂ ਫੌਜਾਂ ਵਿਚਕਾਰ ਹੋਏ ਸਨ, ਜਦੋਂ ਫੌਜਾਂ ਬਰਾਬਰ ਦੀਆਂ ਹੋਣ ਤਾਂ ਸਿਪਾਹੀਆਂ ਨੂੰ ਜਾਨ ਦਾ ਏਨਾ ਖ਼ਤਰਾ ਨਹੀਂ ਹੁੰਦਾ। ਉਹ ਹੌਸਲੇ ਨਾਲ ਲੜਦੇ ਹਨ, ਪਰ ਜਦੋਂ ਇਕ ਪਾਸੇ ੪੦ ਬੰਦੇ ਹੋਣ ਤੇ ਦੂਜੇ ਪਾਸੇ ਮੁਲਖਈਆ ਹੋਵੇ, ਉਸ ਵੇਲੇ ਦਲੇਰੀ ਨਾਲ ਕੋਈ ਵਿਰਲਾ ਹੀ ਲੜ ਸਕਦਾ ਹੈ। ਚਮਕੌਰ ਸਾਹਿਬ ਦੀ ਜੰਗ ਅਤੇ ਸ੍ਰੀ ਮੁਕਤਸਰ ਸਾਹਿਬ ਦੀ ਜੰਗ ਅਜਿਹੀਆਂ ਅਸਾਵੀਆਂ ਜੰਗਾਂ ਸਨ। ਇਨ੍ਹਾਂ ਵਿਚ ਸਿੱਖਾਂ ਦੇ ਮੁਕਾਬਲੇ ਦੁਸ਼ਮਣਾਂ ਦੀ ਗਿਣਤੀ ਬਹੁਤ ਵੱਡੀ ਸੀ। ਇਸ ਵੇਲੇ ਵੀ ਖਾਲਸੇ ਨੇ ਜਿਸ ਦਲੇਰੀ ਅਤੇ ਸਾਬਿਤ ਕਦਮੀ ਨਾਲ ਦੁਸ਼ਮਣ ਦੇ ਆਹੂ ਲਾਹੇ ਉਸ ਦੀ ਮਿਸਾਲ ਦੁਨੀਆ ਭਰ ਦੇ ਇਤਿਹਾਸ ਵਿਚ ਨਹੀਂ ਮਿਲਦੀ।

ਇਸ ਜੰਗ ਵਿਚ ਸਿੰਘਾਂ ਨੇ ਮੌਤ ਦਾ ਭੈਅ ਉਤਾਰ ਕੇ ਜਿੰਨੇ ਵੀ ਸੁਆਸ ਉਨ੍ਹਾਂ ਨੂੰ ਮਿਲੇ ਤੇਗ ਦੇ ਜੌਹਰ ਵਿਖਾਏ। ਉਨ੍ਹਾਂ ਨੇ ਵੈਰੀ ਨੂੰ ਜਿੱਤਣ ਦੀ ਅਤੇ ਉਸ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੀ ਇਹ ਭਾਵਨਾ ਆਖਰੀ ਦਮ ਤਕ ਕਾਇਮ ਰਹੀ। ਭਾਵੇਂ ਉਹ ਸ਼ਹੀਦ ਹੋ ਗਏ, ਪਰ ਉਨ੍ਹਾਂ ਦੇ ਮਨਾਂ ਵਿਚ "ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ" ਦੀ ਧੁਨੀ ਗੂੰਜ ਰਹੀ ਸੀ। ਉਹ ਸ਼ਹੀਦ ਹੋ ਕੇ ਵੀ ਜੇਤੂ ਸਨ, ਕਿਉਂਕਿ ਉਹ ਪੂਰਨ ਖਾਲਸਾ ਪਰਮਾਤਮਾ ਦਾ ਰੂਪ ਬਣ ਚੁੱਕੇ ਸਨ। ਉਨ੍ਹਾਂ ਨੇ ਮੌਤ ਨੂੰ ਵੀ ਜਿੱਤ ਲਿਆ ਸੀ। ਉਹ ਅਮਰ ਹੋ ਕੇ ਮੁਕਤ ਮੰਡਲ ਦੇ ਵਾਸੀ ਹੋ ਗਏ ਸਨ। ਵਾਹਿਗੁਰੂ ਜੀ ਕੀ ਸਦੀਵੀ ਫ਼ਤਹ ਉਨ੍ਹਾਂ ਦੇ ਅੰਗ-ਸੰਗ ਸੀ।

ਅਜਿਹੀ ਵਿਲੱਖਣ ਅਤੇ ਅਲੌਕਿਕ ਵਿਰਾਸਤ ਦੀ ਮਾਲਕ ਸਿੱਖ ਕੌਮ ਅੰਦਰ ਅੱਜ ਜੋ ਅਚਾਰ, ਵਿਹਾਰ, ਸੰਜਮ ਅਤੇ ਸੱਭਿਆਚਾਰਕ ਪੱਧਰ ਉੱਤੇ ਆ ਰਿਹਾ ਨਿਘਾਰ ਅਤਿ ਚਿੰਤਾ ਦਾ ਵਿਸ਼ਾ ਹੈ। ਅੱਜ ਲੋੜ ਹੈ ਕਿ ਅਸੀਂ ਆਪਣੇ ਅੰਦਰ ਝਾਤੀ ਮਾਰੀਏ, ਆਪਣੀ ਮਹਾਨ ਵਿਰਾਸਤ ਤੋਂ ਜਾਣੂ ਹੋਈਏ ਅਤੇ ਗੁਰਮਤਿ ਸਿਧਾਂਤ ਤੋਂ ਸੇਧ ਲੈ ਕੇ ਖਾਲਸਾਈ ਰੂਪ ਵਿਚ ਵਿਚਰੀਏ! ਇਸ ਮਹਾਨ ਕਾਰਜ ਲਈ ਸਮੂਹ ਸਿੱਖ ਸੰਸਥਾਵਾਂ, ਸੰਪਰਦਾਵਾਂ, ਸਿੱਖ ਬੁੱਧੀਜੀਵੀਆਂ, ਮਹਾਂਪੁਰਖਾਂ ਅਤੇ ਖਾਸ ਕਰਕੇ ਮਾਪਿਆਂ ਨੂੰ ਯੋਜਨਾਬੱਧ ਤਰੀਕੇ ਨਾਲ ਹੰਭਲਾ ਮਾਰਨਾ ਹੋਵੇਗਾ। ਆਓ! ਅੱਜ ਉਨ੍ਹਾਂ ਮਹਾਨ ੪੦ ਮੁਕਤਿਆਂ ਨੂੰ ਪੂਰੀ ਸ਼ਰਧਾ ਸਤਿਕਾਰ ਅਤੇ ਸਨਮਾਨ ਨਾਲ ਸੀਸ ਝੁਕਾਈਏ ਅਤੇ ਸਤਿਗੁਰ ਦੇ ਦੱਸੇ ਮਾਰਗ ਉੱਤੇ ਚੱਲਣ ਦਾ ਪ੍ਰਣ ਕਰੀਏ!

■

# ਦੁਨੀਆ ਦੇ ਮਹਾਨ ਵਿਦਵਾਨਾਂ ਦੀਆਂ ਨਜ਼ਰਾਂ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ

*-ਬੀਬੀ ਪ੍ਰਕਾਸ਼ ਕੌਰ*

ਸਰਬਪੱਖੀ ਤੇ ਅਦੁੱਤੀ ਸ਼ਖ਼ਸੀਅਤ ਦੇ ਮਾਲਕ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਜੀਵਨ ਦਾ ਹਰ ਪਹਿਲੂ ਏਨਾ ਮਹਾਨ ਅਤੇ ਸ਼ਲਾਘਾ ਭਰਪੂਰ ਹੈ ਕਿ ਆਪਣੀ-ਆਪਣੀ ਬੁੱਧੀ ਅਨੁਸਾਰ ਉਸ ਦਾ ਜ਼ਿਕਰ ਤਾਂ ਸ਼ਾਇਦ ਸੰਭਵ ਹੋਵੇ, ਪਰ ਪੂਰਾ ਬਿਆਨ ਕਰਨਾ ਨਾਮੁਮਕਿਨ ਹੈ। ਅੱਲ੍ਹਾ ਯਾਰ ਖਾਂ ਜੋਗੀ ਨੇ ਗੁਰੂ ਸਾਹਿਬ ਦੀ ਬਹੁਪੱਖੀ ਸ਼ਖ਼ਸੀਅਤ ਨੂੰ ਬੜੇ ਸੁੰਦਰ ਸ਼ਬਦਾਂ ਵਿਚ ਰੂਪਮਾਨ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਸ ਦਾ ਕਹਿਣਾ ਹੈ ਕਿ ਭਾਵੇਂ ਮੇਰੇ ਹੱਥ ਵਿਚ ਕਲਮ ਹੈ, ਪਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੂਬੀਆਂ ਲਿਖ ਸਕਾਂ, ਏਨੀ ਸਲਾਹੀਅਤ ਮੇਰੇ ਵਿਚ ਨਹੀਂ। ਇਕ ਬੁਲਬੁਲਾ ਪੂਰੇ ਸਮੁੰਦਰ ਨੂੰ ਕਿਸ ਤਰ੍ਹਾਂ ਵੇਖ ਸਕਦਾ ਹੈ। ਉਹ ਕਿਨਾਰਿਆਂ ਨੂੰ ਵੇਖੇ ਜਾਂ ਗਹਿਰਾਈ ਨੂੰ ਮਾਪੇ ਤੇ ਜਾਂ ਫਿਰ ਲਹਿਰਾਂ ਦੀ ਗਿਣਤੀ ਕਰੇ। ਰੱਬ ਦੀ ਸਹੁੰ, ਗੁਰੂ ਸਾਹਿਬ ਜੀ ਦੀ ਜਿੰਨੀ ਵੀ ਤਾਰੀਫ਼ ਕੀਤੀ ਜਾਵੇ, ਉਹ ਘੱਟ ਹੈ:

*"ਕਰਤਾਰ ਕੀ ਸੁਗੰਦ ਹੈ, ਨਾਨਕ ਕੀ ਕਸਮ ਹੈ।*
*ਜਿਤਨੀ ਭੀ ਹੋ ਗੌਬਿੰਦ ਕੀ, ਤਾਰੀਫ ਵਹੁ ਕਮ ਹੈ।"*

ਗੁਰੂ ਸਾਹਿਬ ਜੀ ਸਹੀ ਅਰਥਾਂ ਵਿਚ ਅਜਿਹੇ ਇੱਕੋ-ਇਕ ਪੈਗੰਬਰ ਹੋਏ ਹਨ, ਜਿਨ੍ਹਾਂ ਦੀ ਅਗੰਮੀ ਸ਼ਖ਼ਸੀਅਤ ਦੀ ਸਿਫ਼ਤ ਵਿਚ ਸਿੱਖ ਹੀ ਨਹੀਂ, ਬਲਕਿ ਹਿੰਦੂ, ਮੁਸਲਮਾਨ ਅਤੇ ਅੰਗਰੇਜ਼ ਵਿਦਵਾਨਾਂ ਨੇ ਵੀ ਬੇਅੰਤ ਵਰਣਨ ਕੀਤਾ ਹੈ।

ਬਤੌਰ ਇਕ ਜਰਨੈਲ ਜੇਕਰ ਗੱਲ ਕਰੀਏ ਤਾਂ ਸ਼ਾਇਦ ਹੀ ਕੋਈ ਅਜਿਹਾ ਜਰਨੈਲ ਹੋਵੇ, ਜਿਸ ਨੂੰ ਇੰਨੀਆਂ ਔਕੜਾਂ ਦਾ ਸਾਹਮਣਾ ਕਰਨਾ ਪਿਆ ਹੋਵੇ, ਜਿੰਨੀਆਂ ਦਾ ਗੁਰੂ ਸਾਹਿਬ ਜੀ ਨੂੰ ਕਰਨਾ ਪਿਆ। ਦੱਬੇ-ਕੁਚਲੇ ਹੋਏ ਲੋਕਾਂ ਨੂੰ ਜਥੇਬੰਦ ਕਰ ਕੇ ਫੌਜ ਬਣਾਉਣਾ ਤੇ ਉਸ ਫੌਜ ਨੂੰ ਸਮੇਂ ਦੀ ਸਭ ਤੋਂ ਵੱਡੀ ਤਾਕਤ ਨਾਲ ਮੁਕਾਬਲਾ ਕਰਨ ਦੇ ਯੋਗ ਬਣਾ ਕੇ ਜਿੱਤ ਪ੍ਰਾਪਤ ਕਰਨੀ ਆਪਣੇ ਆਪ ਵਿਚ ਜੁੱਗ ਪਲਦਾ ਸੀ। ਉਸ ਸਮੇਂ ਸਿੱਖਾਂ ਦੀਆਂ ਸਭ ਜਿੱਤਾਂ ਦਾ ਕਾਰਨ ਗੁਰੂ ਸਾਹਿਬ ਦੀ ਸਿਆਣਪ ਤੇ ਸੁਲਝੀ ਹੋਈ ਅਗਵਾਈ ਹੀ ਸੀ। ਅੰਗਰੇਜ਼ ਇਤਿਹਾਸਕਾਰ ਕਨਿੰਘਮ ਲਿਖਦਾ ਹੈ ਕਿ, "ਜਿਸ ਸਿਆਣਪ ਨਾਲ ਕਿਲ੍ਹਿਆਂ ਦੀ ਉਸਾਰੀ ਕੀਤੀ, ਉਹ ਹੀ ਉਨ੍ਹਾਂ ਨੂੰ ਜਰਨੈਲ ਸਥਾਪਿਤ ਕਰਨ ਲਈ ਕਾਫੀ ਹੈ। ਸ੍ਰੀ ਅਨੰਦਪੁਰ ਸਾਹਿਬ ਦੀ ਪੰਜਵੀਂ ਲੜਾਈ ਸਮੇਂ ਆਪ ਜੀ ਨੇ ਜਿਸ ਤਰ੍ਹਾਂ ਔਰੰਗਜ਼ੇਬ ਦੀ ਭੇਜੀ ਹੋਈ ਫੌਜ ਅਤੇ ਪਹਾੜੀਆਂ ਦੇ ਟਿੱਡੀ ਦਲ ਨਾਲ ਸੱਤ ਮਹੀਨੇ ਟਾਕਰਾ ਕੀਤਾ ਅਤੇ ਰਸਦ-ਪਾਣੀ ਦੀ ਅਣਹੋਂਦ ਅਤੇ ਬੀਮਾਰੀਆਂ ਦੇ ਬਾਵਜੂਦ ਭੁੱਖੇ-ਭਾਣੇ ਸਿੰਘਾਂ ਦੇ ਹੌਸਲੇ ਬੁਲੰਦ ਰੱਖੇ, ਇਹ ਦਸਮ ਪਾਤਸ਼ਾਹ ਵਰਗਾ ਜਰਨੈਲ ਹੀ ਕਰ ਸਕਦਾ ਸੀ। ਚਮਕੌਰ ਦੀ ਲੜਾਈ ਸਮੇਂ ਵੀ ਥੱਕੇ ਹੋਏ ਸਿੰਘਾਂ ਨੂੰ ਲੱਖਾਂ ਦੀ ਫੌਜ ਨਾਲ ਲੜਾਉਣ ਦੀ ਕਰਾਮਾਤ ਵੀ ਆਪ ਵਰਗਾ ਜਰਨੈਲ ਹੀ ਕਰ ਸਕਦਾ ਸੀ।"

ਵਿਦਵਾਨ ਅੰਗਰੇਜ਼ ਮੈਕਾਲਿਫ਼ ਨੇ ਵੀ ਬਹੁਤ ਹੀ ਪ੍ਰਸੰਸਾਯੋਗ ਸ਼ਬਦ ਲਿਖੇ ਹਨ ਕਿ- "ਸਿੱਖ ਗੁਰੂਆਂ ਤੋਂ ਪਹਿਲਾਂ ਦੁਨੀਆ ਦੇ ਕਿਸੇ ਵੀ ਜਰਨੈਲ ਨੇ ਉਨ੍ਹਾਂ ਲੋਕਾਂ ਨੂੰ ਜਥੇਬੰਦ ਕਰਨ ਦਾ ਖ਼ਿਆਲ ਤਕ ਨਹੀਂ ਕੀਤਾ ਸੀ, ਜਿਨ੍ਹਾਂ ਨੂੰ ਜਨਮ ਤੋਂ ਹੀ ਮਾੜਾ ਤੇ ਰਹਿੰਦ-ਖੂਹੰਦ ਕਿਹਾ ਜਾਂਦਾ ਸੀ, ਪਰ ਗੁਰੂ ਸਾਹਿਬ (ਸ੍ਰੀ

ਗੁਰੂ ਗੋਬਿੰਦ ਸਿੰਘ ਜੀ) ਨੇ ਉਨ੍ਹਾਂ ਵਿਚ ਐਸੀ ਸ਼ਕਤੀ ਭਰੀ ਕਿ ਉਹ ਯੋਧੇ ਬਣੇ ਤੇ ਫਿਰ ਯੋਧੇ ਵੀ ਐਸੇ ਜਿਨ੍ਹਾਂ ਦੀ ਦ੍ਰਿੜ੍ਹਤਾ, ਦਲੇਰੀ ਤੇ ਵਫ਼ਾਦਾਰੀ ਸੀ।

ਇਤਿਹਾਸਕਾਰ ਗਾਰਡਨ ਲਿਖਦਾ ਹੈ ਕਿ, "ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਹੁਦਰੇ ਲੋਕਾਂ ਨੂੰ ਸੰਜਮ ਵਿਚ ਲਿਆਂਦਾ, ਉਨ੍ਹਾਂ ਵਿਚ ਧਾਰਮਿਕ ਭਾਵ ਭਰੇ ਤੇ ਯੋਧੇ ਬਣਾਏ। ਅੰਮ੍ਰਿਤ-ਛਕਾ ਕੇ ਇਕ ਵੱਖਰੀ ਖਾਲਸਾ ਕੌਮ ਸਾਜੀ, ਜੋ ਇਕ ਦੂਜੇ ਨਾਲ ਜੁੜ ਗਈ ਅਤੇ ਉਸ ਦਿਨ ਤਕ ਲੜਦੀ ਰਹੀ ਜਦ ਤਕ ਉਹ ਕਾਮਯਾਬ ਨਾ ਹੋਈ।"

ਸਰ ਚਾਰਲਸ ਗਫ ਲਿਖਦਾ ਹੈ ਕਿ, "ਸ੍ਰੀ ਗੁਰੂ ਗੋਬਿੰਦ ਸਿੰਘ ਸੰਸਾਰ ਦੇ ਇਕ ਅਤਿ ਸਿਆਣੇ, ਹਮੇਸ਼ਾ ਚੜ੍ਹਦੀ ਕਲਾ ਵਿਚ ਵਿਚਰਨ ਵਾਲੇ, ਪਵਿੱਤਰ ਜਜ਼ਬਿਆਂ ਨਾਲ ਭਰਪੂਰ, ਆਸ਼ਾਵਾਦੀ ਤੇ ਧਾਰਮਿਕ, ਮਹਾਨ ਆਗੂ ਸਨ, ਜਿਨ੍ਹਾਂ ਨੇ ਅੰਮ੍ਰਿਤ ਦੀ ਰਸਮ (ਅੰਮ੍ਰਿਤ ਸੰਸਕਾਰ) ਦੁਆਰਾ ਕੌਮ ਦੀ ਨਵੇਂ ਸਿਰਿਓਂ ਉਸਾਰੀ ਕੀਤੀ।"

ਸਾਧੂ ਟੀ. ਐਲ ਵਾਸਵਾਨੀ ਦਸਮੇਸ਼ ਪਿਤਾ ਜੀ ਦੀ ਸ਼ਖ਼ਸੀਅਤ ਨੂੰ ਸਤਰੰਗੀ ਪੀਂਘ ਨਾਲ ਤੁਲਨਾ ਦਿੰਦੇ ਹੋਏ ਲਿਖਦੇ ਹਨ ਕਿ, "ਕਲਗੀਆਂ ਵਾਲੇ ਦੁਨੀਆ ਵਿਚ ਹੋ ਚੁੱਕੇ ਪਹਿਲੇ ਸਾਰੇ ਪੈਗ਼ੰਬਰਾਂ ਵਿਚ ਪਾਏ ਜਾਣ ਵਾਲੇ ਸ਼ੁਭ ਗੁਣਾਂ ਦਾ ਸੰਗ੍ਰਹਿ ਸਨ, ਕਿਉਂਕਿ ਜੋ ਕੰਮ ਹਜ਼ਾਰਾਂ ਰਲ ਕੇ ਵੀ ਨਾ ਕਰ ਸਕੇ, ਉਹ ਇੱਕੋ (ਸ੍ਰੀ ਗੁਰੂ ਗੋਬਿੰਦ ਸਿੰਘ ਜੀ) ਨੇ ਕਰ ਵਿਖਾਇਆ।"

ਲਾਲਾ ਦੌਲਤ ਰਾਏ ਪ੍ਰਸਿੱਧ ਲੇਖਕ ਤੇ ਚਿੰਤਕ ਵਿਦਵਾਨ ਹੋਏ ਹਨ। ਉਹ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਰੂਹਾਨੀ ਸ਼ਖ਼ਸੀਅਤ ਤੋਂ ਬਹੁਤ ਪ੍ਰਭਾਵਿਤ ਸਨ। ਉਨ੍ਹਾਂ ਨੂੰ ਇਸ ਗੱਲ ਦਾ ਬਹੁਤ ਵੱਡਾ ਦੁੱਖ ਸੀ ਕਿ ਹਿੰਦੁਸਤਾਨੀ ਸਮਾਜ ਨੇ ਦਸਮੇਸ਼ ਪਿਤਾ ਜੀ ਦੀ ਕਦਰ ਨਹੀਂ ਕੀਤੀ, ਜਿਨ੍ਹਾਂ ਦੀਆਂ ਅਦੁੱਤੀ ਕੁਰਬਾਨੀਆਂ ਦੀ ਬਦੌਲਤ ਅੱਜ ਇਹ ਭਾਰਤ ਦੇ ਲੋਕ ਅਜ਼ਾਦੀ ਮਾਣ ਰਹੇ ਹਨ। ਉਨ੍ਹਾਂ ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਨੁੱਖਤਾ ਦੇ ਮਸੀਹਾ ਸਨ। ਜਿਨ੍ਹਾਂ ਨੇ ਜ਼ਬਰ-ਜ਼ੁਲਮ ਦਾ ਨਾਸ਼ ਕਰ ਕੇ ਸੱਚ ਦਾ ਪਰਚਮ ਲਹਿਰਾਇਆ।

ਅੰਗਰੇਜ਼ ਇਤਿਹਾਸਕਾਰ ਜੀ. ਡੀ. ਕਨਿੰਘਮ ਲਿਖਦੇ ਹਨ ਕਿ, "ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇਕ ਨਿਡਰ, ਦਲੇਰ, ਨਿਯਮ-ਬੱਧ ਢੰਗ ਨਾਲ ਕੰਮ ਕਰਨ ਵਾਲੇ ਸਿਆਣੇ ਮਹਾਂਪੁਰਸ਼ ਸਨ, ਜਿਨ੍ਹਾਂ ਨੇ ਆਮ ਸੰਸਾਰ ਦੀ ਡਿੱਗਦੀ ਹੋਈ ਹਾਲਤ ਨੂੰ ਸਮਝਿਆ। ਉਨ੍ਹਾਂ ਨੇ ਜ਼ਬਰ-ਜ਼ੁਲਮ ਦਾ ਮੁਕਾਬਲਾ ਕੀਤਾ। ਮਨੁੱਖਾਂ ਵਿਚ ਅੰਤਰਮੁਖੀ ਸ਼ਕਤੀਆਂ ਨੂੰ ਉਜਾਗਰ ਕਰਨ ਲਈ ਆਗੂ ਅਤੇ ਗੁਰੂ ਦੀ ਜ਼ਿੰਮੇਵਾਰੀ ਨੂੰ ਸਮੇਂ ਸਿਰ ਨਿਭਾਇਆ।"

ਉਨੀਵੀਂ ਸਦੀ ਦਾ ਪ੍ਰਸਿੱਧ ਇਤਿਹਾਸਕਾਰ ਸੱਯਦ ਮੁਹੰਮਦ ਲਤੀਫ ਲਿਖਦਾ ਹੈ, "ਗੁਰੂ ਗੋਬਿੰਦ ਸਿੰਘ ਜੰਗ ਦੇ ਮੈਦਾਨ ਵਿਚ ਇਕ ਜੇਤੂ ਯੋਧਾ, ਮਸਨਦ ਉੱਤੇ ਸ਼ਹਿਨਸ਼ਾਹ, ਗੁਰੂ ਦੇ ਰੂਪ ਵਿਚ ਗਿਆਨਦਾਤਾ ਅਤੇ ਖਾਲਸੇ ਦੀ ਸੰਗਤ ਵਿਚ ਫਕੀਰ ਸਨ।" ਗੱਲ ਕੀ, ਗੁਰੂ ਸਾਹਿਬ ਵਿਚ ਇੱਕੋ ਸਮੇਂ ਅਧਿਆਤਮਿਕ ਨੇਤਾ, ਉੱਚ ਕੋਟੀ ਦੇ ਸੰਗਠਨ-ਕਰਤਾ, ਜਮਾਂਦਰੂ ਨਾਇਕ, ਪ੍ਰਤਿਭਾਸ਼ਾਲੀ ਵਿਦਵਾਨ, ਸੱਚੇ ਸੁਧਾਰਕ ਅਤੇ ਆਦਰਸ਼ਕ ਪਿਤਾ ਵਾਲੇ ਸਾਰੇ ਗੁਣ ਵਿਦਮਾਨ ਸਨ।

ਇਤਿਹਾਸਕਾਰ ਹਰੀ ਰਾਮ ਗੁਪਤਾ ਆਪਣੀ ਪੁਸਤਕ "ਹਿਸਟਰੀ ਆਫ਼ ਦ ਸਿੱਖਸ" ਭਾਗ ਪਹਿਲਾ ਵਿਚ ਲਿਖਦੇ ਹਨ ਕਿ, "ਗੁਰੂ ਸਾਹਿਬ ਬਹੁ-ਪੱਖੀ ਗੁਣਾਂ ਦਾ ਇਕ ਅਨੂਠਾ ਅਤੇ ਦੁਰਲੱਭ ਮੁਜੱਸਮਾ ਸਨ। ਉਹ ਇਕ ਸੱਚੇ ਯੋਗੀ, ਮਨੁੱਖਾਂ ਦੇ ਸਰਗਰਮ ਤੇ ਅਸਲੀ ਆਗੂ, ਇਕ ਸੰਤ, ਇਕ ਮਹਾਨ ਫ਼ੌਜੀ ਜਰਨੈਲ ਅਤੇ ਇਕ ਮਹਾਨ ਕਵੀ ਸਨ। ਉਨ੍ਹਾਂ ਦਾ ਜੀਵਨ ਅਤੇ ਸਿੱਖਿਆਵਾਂ ਭਾਰਤੀ ਇਤਿਹਾਸ ਉੱਤੇ ਡੂੰਘੀ ਛਾਪ ਛੱਡਦੀਆਂ ਹਨ।

ਹੋਰ ਇਕ ਵਿਦਵਾਨ ਸੀ. ਐਚ. ਪੈਨ. ਲਿਖਦਾ ਹੈ ਕਿ, "ਇਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਨ ਜਿਨ੍ਹਾਂ ਜਾਤ-ਪਾਤ ਦੇ ਦੈਂਤ ਨੂੰ ਸਿੰਙਾਂ ਤੋਂ ਪਕੜ ਕੇ ਕਾਬੂ ਕੀਤਾ। ਜਾਤ ਦੀਆਂ ਜੜ੍ਹਾਂ ਉੱਤੇ ਕੁਲਹਾੜਾ ਮਾਰਿਆ ਅਤੇ ਐਸੀ ਕੌਮ ਬਣਾਉਣ ਦਾ ਫ਼ੈਸਲਾ ਕੀਤਾ, ਜੋ ਖ਼ਿਆਲੀ ਅਤੇ ਅਮਲੀ ਤੌਰ 'ਤੇ ਇੱਕ ਹੋਵੇ। ਵਾਹਿਗੁਰੂ ਦੀ ਨਜ਼ਰ ਵਿਚ ਸਾਰੇ ਇੱਕੋ ਜਿਹੇ ਹਨ, ਇਸ ਖ਼ਿਆਲ ਉੱਤੇ ਮੋਹਰ ਲਗਾਈ। ਇਸ ਕਦਮ ਨੇ ਉਨ੍ਹਾਂ ਲੋਕਾਂ ਨੂੰ ਦੁਖੀ ਕੀਤਾ ਜੋ ਅਜੇ ਵੀ ਜਾਤ ਅਭਿਮਾਨ ਵਿਚ ਰਹਿੰਦੇ ਸਨ।

ਇਕ ਹੋਰ ਵਿਦਵਾਨ ਇਤਿਹਾਸਕਾਰ ਲਿਖਦਾ ਹੈ ਕਿ, "ਜੇਕਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਕੀਤੇ ਕੰਮਾਂ ਨੂੰ ਵਾਚੀਏ, ਉਨ੍ਹਾਂ ਦੇ ਧਾਰਮਿਕ ਸੁਧਾਰਾਂ ਅਤੇ ਕੌਮੀ ਕੰਮਾਂ ਨੂੰ ਦੇਖੀਏ, ਹੀ ਉਨ੍ਹਾਂ ਦੀ ਨਿੱਜੀ ਬਹਾਦਰੀ ਅਤੇ ਦੁੱਖਾਂ ਵਿਚ ਇਸਤਕਬਾਲ (ਰਹਿਨੁਮਾਈ) ਪੜ੍ਹੀਏ, ਉਨ੍ਹਾਂ ਨੂੰ ਦੁਖਾਂ ਦਾ ਟਾਕਰਾ ਕਰਦੇ ਦੇਖੀਏ ਅਤੇ ਅੰਤ ਵਿਚ ਦੁਸ਼ਮਣਾਂ ਦੇ ਮੁਕਾਬਲੇ ਉੱਤੇ ਉਨ੍ਹਾਂ ਨੂੰ ਜਿੱਤ ਪ੍ਰਾਪਤ ਕਰਦੇ ਦੇਖੀਏ, ਤਾਂ ਸਾਨੂੰ ਗੁਰੂ ਜੀ ਨੂੰ ਉੱਚਾ ਗਿਣਨ ਤੇ ਮੰਨਣ ਵਿਚ ਕੋਈ ਹੈਰਾਨੀ ਨਹੀਂ ਹੋਵੇਗੀ। ਅਸੀਂ ਸਮਝ ਜਾਵਾਂਗੇ ਕਿ ਸਿੱਖ ਕਿਉਂ ਅੱਜ ਤਕ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਨਮਾਨ ਵਜੋਂ ਯਾਦ ਮਨਾਉਂਦੇ ਹਨ।"

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਦੇਣ ਨੂੰ ਵਿਸ਼ਵ-ਸਮਾਜ ਦੀ ਮਨੁੱਖੀ ਸੰਚਾਰ ਅਤੇ ਮਨੁੱਖੀ ਅਜ਼ਾਦੀ ਦੀ ਲੜੀ ਵਿਚ ਰੱਖ ਕੇ ਮੁਕੰਮਲ ਤੌਰ 'ਤੇ ਸਮਝਣਾ ਜਾਂ ਲਿਖਣਾ, ਦੁਨੀਆ ਦੇ ਵਿਦਵਾਨਾਂ, ਕਵੀਆਂ ਜਾਂ ਲੇਖਕਾਂ ਦੀ ਸੋਝੀ ਤੋਂ ਪਰੇ ਦੀ ਗੱਲ ਹੈ, ਪਰ ਉਨ੍ਹਾਂ ਦੀ ਅਜੋਕੇ ਭਾਰਤ ਅਤੇ ਧਾਰਮਿਕ ਅਜ਼ਾਦੀ ਦੇ ਪ੍ਰਸੰਗ ਵਿਚ ਕੀ ਦੇਣ ਹੈ, ਉਸ ਬਾਰੇ ਕਵੀ ਬੁੱਲ੍ਹੇ ਸ਼ਾਹ ਦੀਆਂ ਕੁਝ ਸਤਰਾਂ ਆਪਣੇ ਆਪ ਵਿਚ ਪੂਰਾ ਨਚੋੜ ਹੈ:

*"ਨਾ ਕਹੂੰ ਅਬ ਕੀ, ਨਾ ਕਹੂੰ ਤਬ ਕੀ,*
*ਅਗਰ ਨਾ ਹੋਤੇ ਗੁਰੂ ਗੋਬਿੰਦ ਸਿੰਘ ਤੋਂ ਸੁੰਨਤ ਹੋਤੀ ਸਭ ਕੀ।"*

(ਗੁਰਮਤਿ ਪ੍ਰਕਾਸ਼ ਜਨਵਰੀ ੨੦੧੯ ਵਿਚੋਂ)

■

# ਧਾਰਮਿਕ ਪ੍ਰੀਖਿਆ

***ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਹਰ ਸਾਲ ਧਾਰਮਿਕ ਪ੍ਰੀਖਿਆ ਲੈ ਕੇ ਵਜ਼ੀਫੇ ਦਿੱਤੇ ਜਾਂਦੇ ਹਨ। ਇਹ ਪ੍ਰੀਖਿਆ ਹਰ ਸਾਲ ਅਕਤੂਬਰ-ਨਵੰਬਰ ਵਿਚ ਹੁੰਦੀ ਹੈ। ਇਸ ਪ੍ਰੀਖਿਆ ਵਿਚ ਸ਼ਾਮਲ ਹੋਣ ਦੇ ਚਾਹਵਾਨ ਵਿਦਿਆਰਥੀ ਸਕੱਤਰ, ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ), ਸ੍ਰੀ ਅੰਮ੍ਰਿਤਸਰ ਨੂੰ ਲਿਖਣ।***

# ਸ਼੍ਰੋਮਣੀ ਕਮੇਟੀ ਖ਼ਬਰਨਾਮਾ

## ਛੋਟੇ ਸਾਹਿਬਜ਼ਾਦਿਆਂ ਦੀ ਯਾਦ 'ਚ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ

### ਪ੍ਰਮੁੱਖ ਸ਼ਖਸੀਅਤਾਂ ਸਮੇਤ ਲੱਖਾਂ ਸੰਗਤਾਂ ਨੇ ਸ਼ਰਧਾ ਨਾਲ ਕੀਤੀ ਸ਼ਮੂਲੀਅਤ, ਥਾਂ-ਥਾਂ ਹੋਇਆ ਭਰਵਾਂ ਸਵਾਗਤ

ਸ੍ਰੀ ਫਤਹਿਗੜ੍ਹ ਸਾਹਿਬ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਜੋੜ ਮੇਲ ਦੌਰਾਨ --ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਇਸ ਨਗਰ ਨਗਰ ਕੀਰਤਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ, ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਤੋਂ ਇਲਾਵਾ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਵੀ ਨਗਰ ਕੀਰਤਨ ਵਿਚ ਸ਼ਾਮਲ ਹੋਣ ਲਈ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਪੁੱਜੀਆਂ ਹੋਈਆਂ ਸਨ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦੇ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ 'ਤੇ ਚਾਨਣਾ ਪਾਇਆ। ਇਸ ਦੌਰਾਨ ਸੰਗਤੀ ਰੂਪ ਵਿਚ ਜਪੁ ਜੀ ਸਾਹਿਬ ਦੇ ਪਾਠ ਮਗਰੋਂ ਅਰਦਾਸ ਕੀਤੀ ਗਈ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸਰਵਣ ਕਰਵਾਇਆ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ। ਨਗਰ ਕੀਰਤਨ ਵਿਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੇ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਗਤਕਾ ਦੇ ਜੰਗਜੂ ਜੌਹਰ ਦਿਖਾਉਂਦਿਆਂ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਜਿਥੇ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ।

ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਗਰ ਕੀਰਤਨ ਦੀ ਸਮਾਪਤੀ ਸਮੇਂ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੋਹਿਲਾ ਸਾਹਿਬ ਦਾ ਪਾਠ ਕੀਤਾ ਅਤੇ ਸਮਾਪਤੀ ਦੀ ਅਰਦਾਸ ਗਿਆਨੀ ਰਘਬੀਰ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਤੀ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਅੰਤ੍ਰਿੰਗ ਮੈਂਬਰ ਸ. ਜਸਮੇਰ ਸਿੰਘ ਲਾਡਛੂ, ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ, ਭਾਈ ਅਮਰਜੀਤ ਸਿੰਘ ਚਾਵਲਾ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਅਵਤਾਰ ਸਿੰਘ ਰਿਆ, ਸ. ਜਗਦੀਪ ਸਿੰਘ ਚੀਮਾ, ਸ. ਦਰਬਾਰਾ ਸਿੰਘ ਗੁਰੂ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਅਵਤਾਰ ਸਿੰਘ ਸੈਂਪਲਾ, ਸਾਬਕਾ ਸਕੱਤਰ ਸ. ਦਲਮੇਘ ਸਿੰਘ ਖੱਟੜਾ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਮ ਸਿੰਘ, ਬਾਬਾ ਜੱਸਾ ਸਿੰਘ, ਸ. ਸਵਿੰਦਰ ਸਿੰਘ ਸਭਰਵਾਲ, ਜਥੇਦਾਰ ਦੀਦਾਰ ਸਿੰਘ ਭੱਟੀ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਸ. ਸਵਰਨ ਸਿੰਘ ਚਨਾਰਥਲ, ਸ. ਗੁਰਪ੍ਰੀਤ ਸਿੰਘ ਰੰਧਾਵਾ, ਮੈਨੇਜਰ ਸ. ਨੱਥਾ ਸਿੰਘ, ਮੈਂਬਰ ਪਾਰਲੀਮੈਂਟ ਡਾ. ਅਮਰ ਸਿੰਘ, ਵਿਧਾਇਕ ਸ. ਕੁਲਜੀਤ ਸਿੰਘ ਨਾਗਰਾ, ਸ. ਕਰਨੈਲ ਸਿੰਘ ਪੀਰ ਮੁਹੰਮਦ, ਸ. ਜਗਰੂਪ ਸਿੰਘ ਚੀਮਾ, ਐਡਵੋਕੇਟ ਅਮਰਜੀਤ ਸਿੰਘ ਚੀਮਾ, ਸ. ਗੁਰਬਿੰਦਰ ਸਿੰਘ ਭੱਟੀ, ਸ. ਜਸਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਗੁਰਦੁਆਰਾ ਸਾਹਿਬਾਨ ਅੰਦਰ ਕਿਸੇ ਤਰ੍ਹਾਂ ਦੀ ਪ੍ਰਬੰਧਕੀ ਅਣਗਹਿਲੀ ਬਰਦਾਸ਼ਤ ਨਹੀਂ ਹੋਵੇਗੀ- ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਿਆਂ ਦੇ ਮੈਨੇਜਰਾਂ ਨਾਲ ਭਾਈ ਲੌਂਗੋਵਾਲ ਨੇ ਕੀਤੀ ਬੈਠਕ

ਸੰਗਰੂਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਇਥੇ ਸਥਿਤ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਵਿਖੇ ਕੀਤੀ ਗਈ ਇਕ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸਪੱਸ਼ਟ ਕੀਤਾ ਕਿ ਗੁਰੂ ਘਰਾਂ ਅੰਦਰ ਪ੍ਰਬੰਧਕੀ ਅਣਗਹਿਲੀ ਨੂੰ ਕਿਸੇ ਤਰ੍ਹਾਂ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਆਖਿਆ ਕਿ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਹੀ ਪ੍ਰਬੰਧਕੀ ਸੇਵਾਵਾਂ ਨਿਭਾਉਣ ਅਤੇ ਹਰ ਮੁਲਾਜ਼ਮ ਦੀ ਜ਼ੁੰਮੇਵਾਰੀ ਨਿਰਧਾਰਤ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਡਿਊਟੀ ਸਮੇਂ ਕਿਸੇ ਕਿਸਮ ਦੀ ਕੁਤਾਹੀ ਅਤੇ ਅਨੁਸ਼ਾਸਨਹੀਣਤਾ ਕਰਨ ਵਾਲੇ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਮੈਨੇਜਰਾਂ ਪਾਸੋਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ 'ਚ ਆਉਂਦੀਆਂ ਮੁਸ਼ਕਲਾਂ ਅਤੇ ਸੁਝਾਵਾਂ ਨੂੰ ਸੁਣਿਆ ਅਤੇ ਉਨ੍ਹਾਂ ਨੂੰ ਕਿਹਾ ਕਿ ਜੇਕਰ ਕਿਸੇ ਵੀ ਪ੍ਰਬੰਧਕੀ ਮਾਮਲੇ ਵਿਚ ਕੋਈ ਮੁਸ਼ਕਲ ਪੇਸ਼ ਆਉਂਦੀ ਤਾਂ ਉਹ ਉਨ੍ਹਾਂ (ਭਾਈ ਲੌਂਗੋਵਾਲ) ਨਾਲ ਸੰਪਰਕ ਕਰਨ। ਭਾਈ ਲੌਂਗੋਵਾਲ ਨੇ ਆਖਿਆ ਕਿ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਦਾ ਸਿੱਧਾ ਸਬੰਧ ਸੰਗਤਾਂ ਨਾਲ ਜੁੜਿਆ ਹੋਇਆ ਹੈ, ਇਸ ਲਈ ਗੁਰਦੁਆਰਾ ਮੈਨੇਜਰਾਂ ਸਮੇਤ ਹਰ ਮੁਲਾਜ਼ਮ ਚੇਤੰਨਤਾ ਨਾਲ ਡਿਊਟੀ ਨਿਭਾਵੇ। ਉਨ੍ਹਾਂ ਕਿਹਾ ਕਿ ਆਪਣੀ ਡਿਊਟੀ ਦੇ ਨਾਲ-ਨਾਲ ਗੁਰਦੁਆਰਾ ਸਾਹਿਬਾਨ ਦੇ ਮੁਲਾਜ਼ਮ ਧਰਮ ਪ੍ਰਚਾਰ ਖੇਤਰ ਵਿਚ ਵੀ ਆਪਣਾ ਯੋਗਦਾਨ ਪਾਉਣ,

ਤਾਂ ਜੋ ਸਿੱਖੀ ਦੀ ਮਹਿਕ ਘਰ-ਘਰ ਤੱਕ ਪਹੁੰਚ ਸਕੇ। ਉਨ੍ਹਾਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕੀ ਕੰਮ ਸਮੇਂ ਸਿਰ ਮੁਕੰਮਲ ਕਰਨ, ਸਰਾਵਾਂ ਵਿਚ ਰਿਹਾਇਸ਼ੀ ਕਮਰਿਆਂ ਦੀ ਸਾਫ਼ ਸਫ਼ਾਈ, ਲਿਟਰੇਚਰ ਘਰਾਂ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਛਾਪਿਆ ਹਰ ਸਾਹਿਤ ਮੁਹੱਈਆ ਕਰਵਾਉਣ, ਗੁਰਦੁਆਰਾ ਸਮੂਹ ਦੀ ਸਾਫ਼-ਸਫ਼ਾਈ ਵੱਲ ਉਚੇਚਾ ਧਿਆਨ ਦੇਣ ਆਦਿ ਸਬੰਧੀ ਵੀ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਆਖਿਆ ਕਿ ਗੁਰਦੁਆਰਾ ਸਾਹਿਬਾਨ ਵਿਚ ਸਬੰਧਤ ਗੁਰੂ ਘਰ ਦਾ ਮੁਕੰਮਲ ਪ੍ਰਮਾਣਿਕ ਇਤਿਹਾਸਕ ਪ੍ਰਦਰਸ਼ਤ ਕੀਤਾ ਜਾਵੇ। ਹਰੇਕ ਗੁਰਦੁਆਰਾ ਸਾਹਿਬ ਦੇ ਇਤਿਹਾਸ ਨੂੰ ਪ੍ਰਦਰਸ਼ਤ ਕਰਦੇ ਬੋਰਡ ਗੁਰਦੁਆਰਾ ਸਾਹਿਬਾਨ ਨੂੰ ਆਉਂਦੇ ਮੁੱਖ ਮਾਰਗਾਂ 'ਤੇ ਵੀ ਲਗਾਏ ਜਾਣ। ਚੱਲ ਰਹੀਆਂ ਉਸਾਰੀਆਂ ਦੀ ਨਿਗਰਾਨੀ ਕੀਤੀ ਜਾਵੇ ਅਤੇ ਜਿਥੇ ਵੀ ਕੋਈ ਕਾਰਜ ਹੋਣ ਵਾਲਾ ਹੋਵੇ ਉਸ ਬਾਰੇ ਪਹਿਲ ਦੇ ਅਧਾਰ 'ਤੇ ਮੁੱਖ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ, ਤਾਂ ਜੋ ਸੰਗਤੀ ਸਹੂਲਤਾਂ ਵਿਚ ਕਮੀ ਨਾ ਰਹੇ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਾਬਕਾ ਮੈਂਬਰ ਜਥੇਦਾਰ ਉਦੈ ਸਿੰਘ, ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਪਰਮਜੀਤ ਸਿੰਘ ਸਰੋਆ, ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਕਰਨੈਲ ਸਿੰਘ ਨਾਭਾ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੈਨੇਜਰ ਸ. ਜਸਬੀਰ ਸਿੰਘ, ਗੁਰਦੁਆਰਾ ਸ੍ਰੀ ਅੰਬ ਸਾਹਿਬ ਮੁਹਾਲੀ ਦੇ ਮੈਨੇਜਰ ਸ. ਅਮਰਜੀਤ ਸਿੰਘ, ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਦੇ ਮੈਨੇਜਰ ਸ. ਗੁਰਪ੍ਰੀਤ ਸਿੰਘ ਰੋਡੇ, ਗੁਰਦੁਆਰਾ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਰ ਸ. ਨੱਥਾ ਸਿੰਘ, ਮੈਨੇਜਰ ਸ. ਮਨਪ੍ਰੀਤ ਸਿੰਘ ਭਲਵਾਨ, ਸ. ਕਮਲਜੀਤ ਸਿੰਘ ਜੋਗੀਪੁਰ, ਸ. ਗੁਰਦੀਪ ਸਿੰਘ, ਸ. ਨਰਿੰਦਰ ਸਿੰਘ, ਸ. ਰਾਜਿੰਦਰ ਸਿੰਘ ਟੌਹੜਾ, ਸ. ਨਵਇੰਦਰਪ੍ਰੀਤ ਸਿੰਘ ਲੌਂਗੋਵਾਲ, ਸ. ਦਰਸ਼ਨ ਸਿੰਘ ਪੀ.ਏ. ਸਮੇਤ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੈਨੇਜਰ ਅਤੇ ਪ੍ਰਬੰਧਕ ਹਾਜ਼ਰ ਸਨ। ੧੨ ਦਸੰਬਰ

# ਕਿਸੇ ਵੀ ਦੇਸ਼ ਅੰਦਰ ਨਾਗਰਿਕਾਂ ਦੀ ਸੁਰੱਖਿਆ ਸਰਕਾਰਾਂ ਦਾ ਮੁੱਢਲਾ ਫ਼ਰਜ਼- ਭਾਈ ਲੌਂਗੋਵਾਲ

ਅੰਮ੍ਰਿਤਸਰ- ਅਮਰੀਕਾ ਦੇ ਕੈਲੀਫੋਰਨੀਆ ਵਿਚ ਇਕ ਸਿੱਖ ਟੈਕਸੀ ਡਰਾਈਵਰ ਦੀ ਕੁੱਟ-ਮਾਰ ਕਰਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੰਦਭਾਗਾ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਇਕ ਪ੍ਰੈੱਸ ਬਿਆਨ 'ਚ ਆਖਿਆ ਕਿ ਵਿਦੇਸ਼ਾਂ ਅੰਦਰ ਸਿੱਖਾਂ 'ਤੇ ਹੋ ਰਹੇ ਅਜਿਹੇ ਹਮਲੇ ਗਹਿਰੀ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਆਖਿਆ ਖ਼ਾਸਕਰ ਅਮਰੀਕਾ ਅੰਦਰ ਸਿੱਖਾਂ ਸਮੇਤ ਘੱਟਗਿਣਤੀਆਂ 'ਤੇ ਹਮਲਿਆਂ ਦਾ ਚਲਣ ਰੁਕਣ ਦਾ ਨਾਂ ਨਹੀਂ ਲੈ ਰਿਹਾ। ਬਲਜੀਤ ਸਿੰਘ ਨਾਂ ਦੇ ਟੈਕਸੀ ਡਰਾਈਵਰ 'ਤੇ ਹੋਏ ਇਸ ਹਮਲੇ ਤੋਂ ਪਹਿਲਾਂ ਵੀ ਬੀਤੇ ਹਫ਼ਤੇ ਅਮਰੀਕਾ ਦੇ ਹੀ ਸ਼ਹਿਰ ਬੇਲਿੰਗਹੇਮ 'ਚ ਵੀ ਇਕ ਸਿੱਖ ਡਰਾਈਵਰ ਨੂੰ ਨਫ਼ਰਤੀ ਹਮਲੇ ਦਾ ਸ਼ਿਕਾਰ ਬਣਾਇਆ ਗਿਆ ਸੀ। ਅਜਿਹੇ ਹਮਲਿਆਂ ਨਾਲ ਵਿਦੇਸ਼ਾਂ ਅੰਦਰ ਵੱਸਦੇ ਸਿੱਖਾਂ ਵਿਚ ਸਹਿਮ ਵੱਧ ਰਿਹਾ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਭਾਰਤ ਸਰਕਾਰ ਨੂੰ ਇਸ ਮੰਦਭਾਗੇ ਵਰਤਾਰੇ ਨੂੰ ਰੋਕਣ ਲਈ ਵਿਦੇਸ਼ਾਂ ਦੀਆਂ ਸਰਕਾਰਾਂ ਤੱਕ ਪਹੁੰਚ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਵਿਦੇਸ਼ਾਂ ਦੇ ਸਿੱਖ ਆਗੂ ਅਤੇ ਗੁਰਦੁਆਰਾ ਕਮੇਟੀਆਂ ਵੀ ਉਥੋਂ ਦੀਆਂ ਸਰਕਾਰਾਂ ਨਾਲ ਸਿੱਖਾਂ 'ਤੇ ਹੁੰਦੇ ਨਸਲੀ ਹਮਲੇ ਰੋਕਣ ਲਈ ਗੱਲਬਾਤ ਕਰਨ। ਭਾਈ ਲੌਂਗੋਵਾਲ ਨੇ ਕਿਹਾ ਕਿ ਵਿਦੇਸ਼ਾਂ ਦੀ ਤਰੱਕੀ ਵਿੱਚੋਂ ਸਿੱਖਾਂ ਦੇ ਯੋਗਦਾਨ ਨੂੰ ਮਨਫ਼ੀ ਨਹੀਂ ਕੀਤਾ ਸਕਦਾ। ਪਰੰਤੂ ਜਦੋਂ ਸਿੱਖਾਂ 'ਤੇ ਨਸਲੀ ਹਮਲੇ ਹੁੰਦੇ ਹਨ ਤਾਂ ਸਿੱਖਾਂ ਦੇ ਮਨਾਂ ਨੂੰ ਠੇਸ ਪੁੱਜਦੀ ਹੈ। ਉਨ੍ਹਾਂ ਆਖਿਆ

ਕਿ ਕਿਸੇ ਵੀ ਦੇਸ਼ ਅੰਦਰ ਘੱਟਗਿਣਤੀਆਂ ਨੂੰ ਦਬਾਉਣ ਠੀਕ ਨਹੀਂ। ਹਰ ਦੇਸ਼ ਦੀ ਸਰਕਾਰ ਦਾ ਮੁੱਢਲਾ ਫ਼ਰਜ਼ ਹੈ ਕਿ ਆਪਣੇ ਦੇਸ਼ ਵਿਚ ਵੱਸਦੇ ਹਰ ਧਰਮ ਦੇ ਲੋਕਾਂ ਦੀ ਸੁਰੱਖਿਆਂ ਨੂੰ ਯਕੀਨੀ ਬਣਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਮਰੀਕਾ ਵਰਗੇ ਅਗਾਂਹਵਧੂ ਦੇਸ਼ ਨੂੰ ਕਿਸੇ ਵੀ ਕੌਮ 'ਤੇ ਹੁੰਦੇ ਨਸਲੀ ਹਮਲਿਆਂ ਨੂੰ ਸੰਜੀਦਗੀ ਨਾਲ ਲੈਣਾ ਚਾਹੀਦਾ ਹੈ ਅਤੇ ਅਜਿਹਾ ਕਰਨ ਵਾਲੇ ਲੋਕਾਂ 'ਤੇ ਲਗਾਮ ਕੱਸਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਨੂੰ ਅਜਿਹੀ ਮਿਸਾਲੀ ਸਜ਼ਾ ਦਿੱਤੀ ਜਾਵੇ, ਜਿਸ ਨਾਲ ਕਿਸੇ ਅੰਦਰ ਵੀ ਅਜਿਹਾ ਘਿਨੌਣਾ ਕਾਰਨਾਮਾ ਕਰਨ ਦੀ ਹਿੰਮਤ ਨਾ ਪਵੇ। ੨੦ ਦਸੰਬਰ

# ਸ਼੍ਰੋਮਣੀ ਕਮੇਟੀ ਭਾਈ ਰਾਜੋਆਣਾ ਸਬੰਧੀ ਸੁਪਰੀਮ ਕੋਰਟ ਤੱਕ ਪਹੁੰਚ ਕਰੇਗੀ -ਭਾਈ ਲੌਂਗੋਵਾਲ

## ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਨਾਲ ਕੀਤੀ ਮੁਲਾਕਾਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਪਰਿਵਾਰਕ ਮੈਂਬਰਾਂ ਨਾਲ ਮਿਲ ਕੇ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਸ਼੍ਰੋਮਣੀ ਕਮੇਟੀ ਭਾਈ ਰਾਜੋਆਣਾ ਦੀ ਸਜਾ ਮੁਆਫੀ ਲਈ ਹਰ ਪੱਧਰ 'ਤੇ ਪੈਰਵਾਈ ਕਰੇਗੀ। ਉਨ੍ਹਾਂ ਕਿਹਾ ਕਿ ਜਲਦ ਹੀ ਉਹ ਦੇਸ਼ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰ ਕੇ ਕੇਂਦਰ ਸਰਕਾਰ ਵੱਲੋਂ ਭਾਈ ਰਾਜੋਆਣਾ ਦੀ ਸਜਾ ਮੁਆਫੀ ਬਾਰੇ ਪਹਿਲਾਂ ਲਏ ਜਾ ਚੁੱਕੇ ਫੈਸਲੇ ਨੂੰ ਲਾਗੂ ਕਰਨ ਲਈ ਅਪੀਲ ਕਰਨਗੇ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਜੋ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਦੀ ਲੁਧਿਆਣਾ ਸਥਿਤ ਰਿਹਾਇਸ਼ 'ਤੇ ਪੁੱਜੇ ਸਨ, ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪਹਿਲਾਂ ਵੀ ਭਾਈ ਰਾਜੋਆਣਾ ਦੇ ਮਾਮਲੇ ਵਿਚ ਸੰਜੀਦਾ ਰੂਪ ਵਿਚ ਪੈਰਵਾਈ ਕਰਦੀ ਰਹੀ ਹੈ ਅਤੇ ਅੱਗੋਂ ਵੀ ਕਿਸੇ ਤਰ੍ਹਾਂ ਦੀ ਕਸਰ ਨਹੀਂ ਛੱਡੀ ਜਾਵੇਗੀ। ਉਨ੍ਹਾਂ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਭਾਈ ਰਾਜੋਆਣਾ ਮਾਮਲੇ ਵਿਚ ਆਪਣੇ ਫੈਸਲੇ ਤੋਂ ਬਦਲ ਜਾਣਾ ਹੈਰਾਨੀਜਨਕ ਹੈ, ਜਦਕਿ ਸਜਾ ਮੁਆਫੀ ਵਾਲੀ ਸੂਚੀ ਵਿਚ ਭਾਈ ਰਾਜੋਆਣਾ ਦਾ ਨਾਂ ਸ਼ਾਮਲ ਸੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਫੈਸਲੇ ਨੂੰ ਅਮਲ ਵਿਚ ਲਿਆਉਣ ਲਈ ਗ੍ਰਹਿ ਮੰਤਰੀ ਨੂੰ ਮਿਲਿਆ ਜਾਵੇਗਾ। ਜੇਕਰ ਫਿਰ ਵੀ ਮਾਮਲਾ ਹੱਲ ਨਾ ਹੋਇਆ ਤਾਂ ਸ਼੍ਰੋਮਣੀ ਕਮੇਟੀ ਸੁਪਰੀਮ ਕੋਰਟ ਵਿਚ ਪਟੀਸ਼ਨ ਦਾਇਰ ਕਰੇਗੀ। ਉਨ੍ਹਾਂ ਆਖਿਆ ਕਿ ਕਾਨੂੰਨੀ ਲੜਾਈ ਲਈ ਦੇਸ਼ ਦੇ ਵੱਡੇ ਵਕੀਲਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ ਅਤੇ ਭਾਈ ਰਾਜੋਆਣਾ ਦੇ ਪਰਿਵਾਰਕ ਮੈਂਬਰਾਂ ਦੀ ਸਲਾਹ ਨਾਲ ਹਰ ਪੱਧਰ 'ਤੇ ਕਾਰਵਾਈ ਅੱਗੇ ਵਧਾਈ ਜਾਵੇਗੀ। ਇਸ ਦੌਰਾਨ ਉਨ੍ਹਾਂ ਭਾਈ ਰਾਜੋਆਣਾ ਵੱਲੋਂ ਭੁੱਖ ਹੜਤਾਲ ਦਾ ਫੈਸਲਾ ਵਾਪਿਸ ਲੈਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਉਹ ਖੁਦ ਭਾਈ ਰਾਜੋਆਣਾ ਨਾਲ ੧੧ ਜਨਵਰੀ ਤੋਂ ਪਹਿਲਾਂ ਪਹਿਲਾਂ ਮੁਲਾਕਾਤ ਵੀ ਕਰਨਗੇ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਕੌਮੀ ਮਸਲਿਆਂ ਦੀ ਤਰਜਮਾਨੀ ਲਈ ਵਚਨਬੱਧ ਹੈ ਅਤੇ ਹਮੇਸ਼ਾ ਰਹੇਗੀ।

ਇਸ ਦੌਰਾਨ ਭਾਈ ਰਾਜੋਆਣਾ ਦੀ ਭੈਣ ਕਮਲਦੀਪ ਕੌਰ ਨੇ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਉਨ੍ਹਾਂ ਦੀ ਸਾਰ ਲੈਣ ਪੁੱਜਣ 'ਤੇ ਧੰਨਵਾਦੀ ਹਨ। ਇਸ ਮੌਕੇ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜੂਨੀ: ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖਾਲਸਾ, ਸ. ਉਦੈ ਸਿੰਘ ਲੌਂਗੋਵਾਲ, ਮੈਨੇਜਰ ਸ. ਰੇਸ਼ਮ ਸਿੰਘ, ਬੀਬੀ ਕਮਲਦੀਪ ਕੌਰ ਦੇ ਪਤੀ ਸ. ਬਲਜੀਤ ਸਿੰਘ, ਸ. ਕੁਲਜੀਤ ਸਿੰਘ ਧੰਜਲ, ਸ. ਦਰਸ਼ਨ ਸਿੰਘ ਪੀਏ ਅਤੇ ਹੋਰ ਮੌਜੂਦ ਸਨ। ੩੦ ਦਸੰਬਰ

# ਭਾਈ ਲੌਂਗੋਵਾਲ ਨਾਲ ਮੁਲਾਕਾਤ ਮਗਰੋਂ ਭਾਈ ਰਾਜੋਆਣਾ ਨੇ ਭੁੱਖ ਹੜਤਾਲ ਵਾਪਸ ਲਈ

ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿੱਚ ਅੱਜ ਪੰਜ ਮੈਂਬਰੀ ਕਮੇਟੀ ਦੇ ਵਫ਼ਦ ਨੇ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਸਜ਼ਾ ਜਾਫਤਾ ਭਾਈ ਰਾਜੋਆਣਾ ਨਾਲ ਮੁਲਾਕਾਤ ਕੀਤੀ। ਇਸ ਮੌਕੇ ਮੁਲਾਕਾਤ ਦੋਰਾਨ ਭਾਈ ਰਾਜੋਆਣਾ ਨੇ ਭੁੱਖ ਹੜਤਾਲ ਕਰਨ ਦਾ ਫੈਸਲਾ ਵਾਪਸ ਲੈਣ ਦਾ ਐਲਾਨ ਕੀਤਾ।ਮੁਲਾਕਾਤ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਭਾਈ ਰਾਜੋਆਣਾ ਨੂੰ ਭਰੋਸਾ ਦਿੱਤਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਦੇ ਕੇਸ ਦੀ ਪੈਰਵਾਈ ਮੁੜ ਜ਼ੋਰਦਾਰ ਢੰਗ ਨਾਲ ਕੀਤੀ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਭਾਈ ਰਾਜੋਆਣਾ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਕੇਸ ਦੇ ਮਾਮਲੇ ਵਿੱਚ ਪਰਿਵਾਰਕ ਮੈਂਬਰਾਂ ਨੂੰ ਭਰੋਸੇ ਵਿਚ ਲੈਕੇ ਉਚ ਪੱਧਰੀ ਵਕੀਲਾਂ ਦੇ ਪੈਨਲ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਮੁੜ ਜੋ ਰਿਵਿਊ ਪਟੀਸ਼ਨ ਸੁਪਰੀਮ ਕੋਰਟ ਵਿਚ ਦਾਇਰ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਜਲਦ ਹੀ ਸ਼੍ਰੋਮਣੀ ਕਮੇਟੀ ਦਾ ਇੱਕ ਵਫ਼ਦ ਕੇਂਦਰੀ ਗ੍ਰਹਿ ਵਿਭਾਗ ਦੇ ਮੰਤਰੀ ਅਮਿਤ ਸ਼ਾਹ ਨਾਲ ਵੀ ਮੁਲਾਕਾਤ ਕਰਨ ਜਾ ਰਿਹਾ। ਇਸ ਮਗਰੋਂ ਭਾਈ ਰਾਜੋਆਣਾ ਨੇ ਭੁੱਖ ਹੜਤਾਲ ਵਾਪਸ ਲੈਣ ਦਾ ਫੈਸਲਾ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਭਾਈ ਲੌਂਗੋਵਾਲ ਨੇ ਦੱਸਿਆ ਕਿ ਕੇਂਦਰੀ ਜੇਲ੍ਹ ਪਟਿਆਲਾ ਵਿੱਚ ਲੰਮੇ ਸਮੇਂ ਤੋਂ ਭਾਈ ਰਾਜੋਆਣਾ ਸਜ਼ਾ ਕੱਟ ਰਹੇ ਹਨ ਜਿਨ੍ਹਾਂ ਦੀ ਫਾਂਸੀ ਦੀ ਸਜ਼ਾ ਨੂੰ ਰਿਹਾਈ ਵਿੱਚ ਤਬਦੀਲ ਕਰਨ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਵੱਲੋਂ ਦੇਸ਼ ਦੇ ਰਾਸ਼ਟਰਪਤੀ ਕੋਲ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਕਾਫੀ ਜੱਦੋ ਜਹਿਦ ਤੋਂ ਬਾਅਦ ਕੇਂਦਰ ਦੀ ਸਰਕਾਰ ਨੇ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਵੱਡਾ ਫੈਸਲਾ ਕੀਤਾ ਸੀ, ਪ੍ਰੰਤੂ ਫ਼ੈਸਲੇ ਉੱਤੇ ਰੋਕ ਲੱਗਣ ਤੋਂ ਬਾਅਦ ਮੁੜ ਸ਼੍ਰੋਮਣੀ ਕਮੇਟੀ ਨੇ ਆਪਣੀ ਜੱਦੋ ਜਹਿਦ ਸ਼ੁਰੂ ਕਰ ਦਿੱਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਫ਼ਦ ਵੱਲੋਂ ਉਨ੍ਹਾਂ ਦੇ ਪਰਿਵਾਰ ਨਾਲ ਵੀ ਮੁਲਾਕਾਤ ਕਰਕੇ ਇਹ ਭਰੋਸਾ ਦਿੱਤਾ ਕਿ ਜਲਦ ਹੀ ਭਾਈ ਰਾਜੋਆਣਾ ਦੇ ਕੇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਇਸ ਮੌਕੇ ਭਾਈ ਰਾਜੋਆਣਾ ਦੀ ਭੈਣ ਬੀਬੀ ਕਮਲਦੀਪ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਅਕਾਲੀ ਦਲ ਦੇ ਵਫ਼ਦ ਨੇ ਸਾਡੇ ਪਰਿਵਾਰ ਨੂੰ ਜੋ ਭਰੋਸਾ ਦਿੱਤਾ ਹੈ ਉਸ ਦਾ ਅਸੀਂ ਸਤਿਕਾਰ ਕਰਦੇ ਹਾਂ। ਇਸ ਮੌਕੇ ਸਾਬਕਾ ਪ੍ਰਧਾਨ ਪ੍ਰੋ ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਕੁਲਦੀਪ ਕੌਰ ਟੋਹੜਾ, ਜਥੇਦਾਰ ਭਾਈ ਗੁਰਚਰਨ ਸਿੰਘ ਗਰੇਵਾਲ, ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਮੈਨਜਰ ਕਰਨੈਲ ਸਿੰਘ।ਨਾਭਾ, ਐਡੀਸ਼ਨਲ ਮੈਨੇਜਰ ਕਰਮ ਸਿੰਘ ਆਦਿ ਹਾਜਰ ਸਨ। ੬ ਜਨਵਰੀ

# ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸੁਖਜਿੰਦਰ ਸਿੰਘ ਰੰਧਾਵਾ ਵਿਰੁੱਧ ਕਾਰਵਾਈ ਮੰਗੀ

## ਪੁਲਿਸ ਕਮਿਸ਼ਨਰ ਨੂੰ ਵੀ ਕਾਨੂੰਨੀ ਕਾਰਵਾਈ ਲਈ ਦਿੱਤੀ ਲਿਖਤੀ ਸ਼ਿਕਾਇਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਦੇ ਕੈਬਨਿਟ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਵੱਲੋਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਬਾਰੇ ਬੋਲੇ ਗਏ ਅਪਸ਼ਬਦਾਂ ਨੂੰ ਲੈ ਕੇ ਉਸ ਖਿਲਾਫ਼ ਕਾਰਵਾਈ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਤੱਕ ਪਹੁੰਚ ਕੀਤੀ ਹੈ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਦੀ ਅਗਵਾਈ ਵਿਚ

ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਹਰਜਾਪ ਸਿੰਘ ਸੁਲਤਾਨਵਿੰਡ ਅਤੇ ਸ. ਗੁਰਪ੍ਰੀਤ ਸਿੰਘ ਝੱਬਰ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਂ ਮੰਗ ਪੱਤਰ ਦੇ ਕੇ ਪੰਥਕ ਕਾਰਵਾਈ ਦੀ ਮੰਗ ਕੀਤੀ। ਇਹ ਮੰਗ ਪੱਤਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਨਿੱਜੀ ਸਹਾਇਕ ਸ. ਜਸਪਾਲ ਸਿੰਘ ਨੇ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਪਾਸ ਵੀ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਸੁਖਜਿੰਦਰ ਸਿੰਘ ਰੰਧਾਵਾ ਖਿਲਾਫ਼ ੨੯੫-ਏ ਧਾਰਾ ਸਮੇਤ ਹੋਰ ਬਣਦੀਆਂ ਧਰਾਵਾਂ ਤਹਿਤ ਕਾਨੂੰਨੀ ਕਾਰਵਾਈ ਕਰਨ ਸਬੰਧੀ ਲਿਖਤੀ ਸ਼ਿਕਾਇਤ ਦਰਜ਼ ਕਰਵਾਈ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਥੇਦਾਰ ਸਾਹਿਬ ਦੇ ਨਾਂ ਮੰਗ ਪੱਤਰ ਸੌਂਪਣ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਆਖਿਆ ਕਿ ਸੁਖਜਿੰਦਰ ਸਿੰਘ ਰੰਧਾਵਾ ਨੇ ਹਕੂਮਤੀ ਨਸ਼ੇ ਵਿਚ ਸਿੱਖ ਧਰਮ ਦੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਵਿਰੁੱਧ ਅਪਸ਼ਬਦ ਬੋਲ ਕੇ ਜਿਥੇ ਗੁਰੂ ਸਾਹਿਬ ਜੀ ਦਾ ਘੋਰ ਨਿਰਾਦਰ ਕੀਤਾ ਹੈ, ਉਥੇ ਹੀ ਸਿੱਖ ਜਜ਼ਬਾਤਾਂ ਨੂੰ ਵੀ ਭਾਰੀ ਠੇਸ ਪਹੁੰਚਾਈ ਹੈ। ਉਨ੍ਹਾਂ ਆਖਿਆ ਕਿ ਅਜਿਹੇ ਵਿਅਕਤੀ ਦਾ ਜ਼ੁੰਮੇਵਾਰ ਅਹੁਦੇ 'ਤੇ ਬਣੇ ਰਹਿਣਾ ਤਾਂ ਦੂਰ ਦੀ ਗੱਲ ਹੈ, ਸਗੋਂ ਉਸ ਦੀ ਸਿੱਖ ਸਮਾਜ ਅੰਦਰ ਵੀ ਕੋਈ ਥਾਂ ਨਹੀਂ ਹੋਣੀ ਚਾਹੀਦੀ। ਉਨ੍ਹਾਂ ਆਖਿਆ ਕਿ ਕੈਬਨਿਟ ਮੰਤਰੀ ਨੇ ਜਾਣਬੁਝ ਕੇ ਮਾੜੀ ਨੀਤ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ, ਇਸ ਲਈ ਉਸ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਨੂੰ ਲੈ ਕੇ ਪੰਥਕ ਕਾਰਵਾਈ ਲਈ ਜਿਥੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਲਿਖਤੀ ਬੇਨਤੀ ਕੀਤੀ ਗਈ ਹੈ, ਉਥੇ ਹੀ ਸ੍ਰੀ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਨੂੰ ਬਣਦੀਆਂ ਧਰਾਵਾਂ ਤਹਿਤ ਕੇਸ ਦਰਜ਼ ਕਰਨ ਲਈ ਵੀ ਲਿਖਿਆ ਹੈ। ਉਨ੍ਹਾਂ ਕਿਹਾ ਕਿ ਰੰਧਾਵਾ ਦਾ ਗੁਨਾਹ ਬਹੁਤ ਵੱਡਾ ਹੈ ਅਤੇ ਉਸ ਨੂੰ ਸਜ਼ਾ ਵੀ ਜ਼ਰੂਰ ਮਿਲਣੀ ਚਾਹੀਦੀ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ ਨੇ ਆਖਿਆ ਕਿ ਸਿੱਖ ਧਰਮ ਅੰਦਰ ਗੁਰੂ ਸਾਹਿਬਾਨ ਦਾ ਸਤਿਕਾਰ ਸਿੱਖਾਂ ਲਈ ਆਪਣੀ ਜਾਨ ਤੋਂ ਵੀ ਵੱਧ ਹੈ ਅਤੇ ਗੁਰੂ ਸਾਹਿਬਾਨ ਵਿਰੁੱਧ ਬੋਲਣ ਵਾਲਾ ਵਿਅਕਤੀ ਸਿੱਖ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਤੇ ਗੁਰੂ ਸਾਹਿਬਾਨ ਦੇ ਸਤਿਕਾਰ ਨੂੰ ਸੱਟ ਮਾਰੀ ਹੈ, ਜਿਸ ਨੂੰ ਕੌਮ ਬਰਦਾਸ਼ਤ ਨਹੀਂ ਕਰ ਸਕਦੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਵੀ ਮੌਜੂਦ ਸਨ। ੩੧ ਦਸੰਬਰ

# ਪ੍ਰੋ. ਭੁੱਲਰ ਸਬੰਧੀ ਸੁਪਰੀਮ ਕੋਰਟ ਦੇ ਫੈਸਲੇ 'ਤੇ ਸ਼੍ਰੋਮਣੀ ਕਮੇਟੀ ਪਾਵੇਗੀ ਰੀਵਿਊ ਪਟੀਸ਼ਨ- ਭਾਈ ਲੌਂਗੋਵਾਲ

## ਚਾਰਟਰ ਜਹਾਜ਼ ਰਾਹੀਂ ਕੈਨੇਡਾ ਭੇਜੇ ਜਾਣਗੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ

ਸ੍ਰੀ ਫ਼ਤਹਿਗੜ੍ਹ ਸਾਹਿਬ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਸਜ਼ਾ ਮੁਆਫ਼ੀ 'ਤੇ ਸੁਪਰੀਮ ਕੋਰਟ ਵੱਲੋਂ ਰੋਕ ਲਗਾਉਣ ਦੇ ਫੈਸਲੇ ਸਬੰਧੀ ਰੀਵਿਊ ਪਟੀਸ਼ਨ ਪਾਉਣ ਦਾ ਫੈਸਲਾ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੀ ਨਵੀਂ ਚੁਣੀ ਗਈ ਅੰਤ੍ਰਿੰਗ ਕਮੇਟੀ ਦੀ ਇਥੇ ਗੁਰਦੁਆਰਾ

*(ਬਾਕੀ ਪੰਨਾ ੪੩ 'ਤੇ)*



ਗੁਰਦੁਆਰਾ ਸ੍ਰੀ ਹੱਟ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਲੋੜਵੰਦਾਂ ਲਈ ਸਥਾਪਤ ਕੀਤੀ ਲੈਬਾਰਟਰੀ ਦਾ ਉਦਘਾਟਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੁੱਖ ਸਕੱਤਰ ਡਾ. ਰੂਪ ਸਿੰਘ, ਮੈਂਬਰ ਸ. ਸਰਵਣ ਸਿੰਘ ਕੁਲਾਰ, ਸ. ਗੁਰਮੀਤ ਸਿੰਘ ਬੂਹ, ਬੀਬੀ ਗੁਰਪ੍ਰੀਤ ਕੌਰ ਰੂਹੀ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਐਸ.ਪੀ.ਸਿੰਘ ਓਬਰਾਏ ਤੇ ਹੋਰ। (4 ਦਸੰਬਰ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਹੇਠਲੇ ਗੁਰਦੁਆਰਾ ਸਾਹਿਬਾਨ ਦੇ ਮੈਨੇਜਰਾਂ ਨਾਲ ਇਕੱਤਰਤਾ ਉਪਰੰਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਇੰਜੀ. ਸੁਖਮਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਹੋਰ। (17 ਦਸੰਬਰ)



ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੀ ਪ੍ਰਧਾਨਗੀ ਕਰਦੇ ਹੋਏ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹਾਜ਼ਰ ਸੀਨੀ:ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀ: ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸਾਹਿਬਾਨ ਤੇ ਅਧਿਕਾਰੀ। (19 ਦਸੰਬਰ)



ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਕੈਨੇਡਾ ਦੇ ਮੈਂਬਰ ਪੰਜਾਬੀ ਭਾਸ਼ਾ ਦੇ ਪਸਾਰ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਮੰਗ ਪੱਤਰ ਸੌਂਪਦੇ ਹੋਏ। ਨਾਲ ਹਨ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀ: ਮੀਤ ਪ੍ਰਧਾਨ ਸ. ਗੁਰਬਖਸ਼ ਸਿੰਘ ਖਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਮਨਜੀਤ ਸਿੰਘ ਤੇ ਹੋਰ। (5 ਦਸੰਬਰ)



ਕੇਂਦਰੀ ਜੇਲ੍ਹ ਪਟਿਆਲਾ ਵਿਖੇ ਭਾਈ ਬਲਵੰਤ ਸਿੰਘ ਰਾਜੋਆਣਾ ਨਾਲ ਮੁਲਾਕਾਤ ਕਰਨ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਮੈਂਬਰ ਬੀਬੀ ਕੁਲਦੀਪ ਕੌਰ ਟੌਹੜਾ, ਮੈਂਬਰ ਜ. ਗੁਰਚਰਨ ਸਿੰਘ ਗਰੇਵਾਲ, ਸ. ਸੁਰਜੀਤ ਸਿੰਘ ਗੜ੍ਹੀ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਭਾਈ ਰਾਜੋਆਣਾ ਦੀ ਭੈਣ ਬੀਬੀ ਕਮਲਦੀਪ ਕੌਰ ਤੇ ਹੋਰ।



ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਸਬੰਧੀ ਉਠੇ ਮਸਲੇ ਤੋਂ ਬਾਅਦ ਉਨ੍ਹਾਂ ਦੀ ਭੈਣ ਬੀਬੀ ਕਮਲਦੀਪ ਕੌਰ ਨਾਲ ਮੁਲਾਕਾਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਮੈਂਬਰ ਸ. ਗੁਰਚਰਨ ਸਿੰਘ ਗਰੇਵਾਲ, ਸ. ਉਦੇ ਸਿੰਘ ਤੇ ਹੋਰ। (30 ਦਸੰਬਰ)



ਸਾਹਿਬਜ਼ਾਦਿਆਂ ਦੇ ਸ਼ਹੀਦੀ ਜੋੜ ਮੇਲ ਸਮੇਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸ. ਦਰਬਾਰਾ ਸਿੰਘ ਗੁਰੂ, ਸ਼੍ਰੋਮਣੀ ਕਮੇਟੀ ਮੈਂਬਰ ਸ. ਕਰਨੈਲ ਸਿੰਘ ਪੰਜੋਲੀ, ਸ. ਨਿਰਮੈਲ ਸਿੰਘ ਜੌਲਾ ਮੁੱਖ ਗ੍ਰੰਥੀ ਗਿਆਨੀ ਹਰਪਾਲ ਸਿੰਘ ਤੇ ਹੋਰ। (27 ਦਸੰਬਰ)



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਕਤ ਹੋਣ ਪੁੱਜੇ ਬ੍ਰਿਟਿਸ਼ ਆਰਮੀ ਦੇ ਵਫ਼ਦ ਵਿਚ ਸ਼ਾਮਲ ਬਰਗੇਡੀਅਰ ਸ਼ੇਲੀਆ ਜੇਨ ਹਾਰਵੇ, ਕਰਨਲ ਜੋਹਨ ਕੋਂਡਲ, ਕੈਪਟਨ ਕਰੇਜ ਬਿਕੇਰਟਨ, ਕੈਪਟਨ ਜਗਜੀਤ ਸਿੰਘ ਤੇ ਵਾਰੰਟ ਅਫ਼ਸਰ ਅਸ਼ੋਕ ਚੌਹਾਨ ਨੂੰ ਸਨਮਾਨਿਤ ਕਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ। (11 ਦਸੰਬਰ)



ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਸਮੇਂ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ 'ਚ ਸ਼ਾਮਲ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਸੰਗਤਾਂ। (4 ਦਸੰਬਰ)



ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਬਾਣੀ ਜਾਪ ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਤੇ ਭਾਈ ਸਰਬਜੀਤ ਸਿੰਘ ਢੋਟੀਆਂ। ਹੇਠਾਂ ਸਮਾਗਮ 'ਚ ਸ਼ਾਮਲ ਵੱਖ-ਵੱਖ ਸਕੂਲਾਂ ਦੇ ਵੱਡੀ ਗਿਣਤੀ ਬੱਚੇ। (22 ਦਸੰਬਰ)



ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ ਵੱਲੋਂ ਪ੍ਰਕਾਸ਼ਤ ਤੇ ਡਾ. ਧਰਮ ਸਿੰਘ ਦੁਆਰਾ ਰਚਿਤ ਨਿਤਨੇਮ ਦੀਆਂ ਬਾਣੀਆਂ ਸਬੰਧੀ ਅੰਗਰੇਜ਼ੀ ਪੁਸਤਕ ਜਾਰੀ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ। ਨਾਲ ਹਨ ਮੈਂਬਰ ਸ. ਪਰਮਜੀਤ ਸਿੰਘ ਖ਼ਾਲਸਾ, ਡਾ. ਪ੍ਰਿਤਪਾਲ ਸਿੰਘ ਵੀ.ਸੀ., ਸ. ਅਵਤਾਰ ਸਿੰਘ ਸੈਂਪਲਾ ਸਕੱਤਰ, ਡਾ. ਪਰਮਵੀਰ ਸਿੰਘ, ਇੰਜੀ. ਸੁਖਮਿੰਦਰ ਸਿੰਘ ਵਧੀਕ ਸਕੱਤਰ ਤੇ ਹੋਰ। (27 ਦਸੰਬਰ)



ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਪ੍ਰਬੰਧਾਂ ਸਬੰਧੀ ਕੀਤੀ ਇਕੱਤਰਤਾ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਹੋਰ ਅਧਿਕਾਰੀ। (16 ਦਸੰਬਰ)



ਸ਼੍ਰੋਮਣੀ ਅਕਾਲੀ ਦਲ ਦੇ ਸਥਾਪਨਾ ਦਿਵਸ ਮੌਕੇ ਗੁਰਦੁਆਰਾ ਬਾਬਾ ਗੁਰਬਖਸ਼ ਸਿੰਘ ਜੀ ਸ਼ਹੀਦ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਮਗਰੋਂ ਅਰਦਾਸ 'ਚ ਸ਼ਾਮਲ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਤੇ ਹੋਰ ਪ੍ਰਮੁੱਖ ਆਗੂ। (14 ਦਸੰਬਰ)



ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰਾਂ ਨਾਲ ਪ੍ਰਬੰਧਾਂ ਸਬੰਧੀ ਇਕੱਤਰਤਾ 'ਚ ਸ਼ਾਮਲ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਅਤੇ ਹੋਰ। (10 ਦਸੰਬਰ)



ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਸ. ਸੁਖਬੀਰ ਸਿੰਘ ਬਾਦਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੁੰਦੇ ਹੋਏ,
ਨਾਲ ਹਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ। (14 ਦਸੰਬਰ)



ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ 'ਚ ਭਾਂਡੇ ਮਾਂਜਣ ਦੀ ਸੇਵਾ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ
ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਹੋਰ। (14 ਦਸੰਬਰ)

(ਪੰਨਾ ੩੪ ਦਾ ਬਾਕੀ)

ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਹੋਈ ਪਲੇਠੀ ਇਕੱਤਰਤਾ ਦੌਰਾਨ ਇਹ ਫੈਸਲਾ ਲਿਆ ਗਿਆ। ਇਕੱਤਰਤਾ ਦੌਰਾਨ ਵਿਸ਼ੇਸ਼ ਚਾਰਟਰ ਜਹਾਜ਼ ਰਾਹੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਕੈਨੇਡਾ ਭੇਜਣ ਦੇ ਨਾਲ-ਨਾਲ ਹੋਰ ਕਈ ਫੈਸਲਿਆਂ 'ਤੇ ਵੀ ਮੋਹਰ ਲਗਾਈ ਗਈ।

ਇਕੱਤਰਤਾ ਮਗਰੋਂ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਨੂੰ ਰਿਹਾਅ ਕਰਨ ਦੇ ਕੇਂਦਰ ਸਰਕਾਰ ਵੱਲੋਂ ਲਏ ਗਏ ਫੈਸਲੇ 'ਤੇ ਉੱਚ ਅਦਾਲਤ ਵੱਲੋਂ ਲਗਾਈ ਗਈ ਰੋਕ ਅਫਸੋਸਨਾਕ ਹੈ। ਸ਼੍ਰੋਮਣੀ ਕਮੇਟੀ ਵੱਲੋਂ ਇਸ ਮਾਮਲੇ ਵਿਚ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧ ਵਿਚ ਵਕੀਲਾਂ ਦੀਆਂ ਫ਼ੀਸਾਂ ਸਮੇਤ ਸਾਰਾ ਖ਼ਰਚਾ ਸ਼੍ਰੋਮਣੀ ਕਮੇਟੀ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿਚ ਵੀ ਸ਼੍ਰੋਮਣੀ ਕਮੇਟੀ ਕੇਂਦਰ ਸਰਕਾਰ ਤੱਕ ਪਹੁੰਚ ਕਰੇਗੀ। ਜਲਦ ਹੀ ਸ਼੍ਰੋਮਣੀ ਕਮੇਟੀ ਇਕ ਵਫ਼ਦ ਦੇਸ਼ ਦੇ ਗ੍ਰਹਿ ਮੰਤਰੀ ਨਾਲ ਮੁਲਾਕਾਤ ਕਰੇਗਾ।

ਉਨ੍ਹਾਂ ਦੱਸਿਆ ਕਿ ਵਿਦੇਸ਼ਾਂ ਦੇ ਗੁਰਦੁਆਰਾ ਸਾਹਿਬਾਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਲਗਾਤਾਰ ਵਧ ਰਹੀ ਮੰਗ ਕਾਰਨ ਸ਼੍ਰੋਮਣੀ ਕਮੇਟੀ ਵੱਲੋਂ ਚਾਰਟਰ ਜਹਾਜ਼ ਰਾਹੀਂ ਪਾਵਨ ਸਰੂਪ ਕੈਨੇਡਾ ਭੇਜਣ ਦਾ ਫੈਸਲਾ ਕੀਤਾ ਗਿਆ ਹੈ। ਇਸ ਤਹਿਤ ਕੈਨੇਡਾ ਤੇ ਅਮਰੀਕਾ ਦੀਆਂ ਸੰਗਤਾਂ ਕੈਨੇਡਾ ਤੋਂ ਹੀ ਪਾਵਨ ਸਰੂਪ ਪ੍ਰਾਪਤ ਕਰ ਸਕਣਗੀਆਂ। ਇਸ ਕਾਰਜ ਲਈ ਸਤਿਨਾਮ ਟਰੱਸਟ ਕੈਨੇਡਾ ਦਾ ਸਹਿਯੋਗ ਲਿਆ ਜਾਵੇਗਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਮਰਯਾਦਾ ਅਨੁਸਾਰ ਹੀ ਕੈਨੇਡਾ ਭੇਜੇ ਜਾਣਗੇ। ਭਾਈ ਲੌਂਗੋਵਾਲ ਨੇ ਅੱਗੇ ਦੱਸਿਆ ਕਿ ਦੇਸ਼ ਦੀ ਅਜ਼ਾਦੀ ਵਿਚ ਯੋਗਦਾਨ ਪਾਉਣ ਵਾਲੇ ਗਦਰੀ ਬਾਬਿਆਂ ਦੀਆਂ ਤਸਵੀਰਾਂ ਸ੍ਰੀ ਦਰਬਾਰ ਸਾਹਿਬ ਦੇ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾਈਆਂ ਜਾਣਗੀਆਂ। ਇਨ੍ਹਾਂ ਗਦਰੀ ਯੋਧਿਆਂ ਦੀ ਯਾਦ ਵਿਚ ਅੰਮ੍ਰਿਤਸਰ ਵਿਖੇ ੧੧ ਜਨਵਰੀ ਨੂੰ ਇਕ ਉਚੇਚਾ ਸਮਾਗਮ ਵੀ ਕਰਵਾਇਆ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਨਾਲ ਸਬੰਧਤ ਕਿਲ੍ਹਾ ਲੋਹਗੜ੍ਹ ਸਾਹਿਬ ਹਰਿਆਣਾ ਵਿਖੇ ਬਣ ਰਹੀ ਯਾਦਗਾਰ ਲਈ ਹੋਰ ਜ਼ਮੀਨ ਖਰੀਦਣ ਦਾ ਵੀ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਯਾਦਗਾਰੀ ਗੁਰਦੁਆਰਾ ਸਾਹਿਬ ਦਾ ਕੰਮ ਕਾਫੀ ਹੱਦ ਤੱਕ ਮੁਕੰਮਲ ਹੋ ਚੁੱਕਾ ਹੈ ਅਤੇ ਜਲਦ ਹੀ ਰਹਿੰਦਾ ਕੰਮ ਵੀ ਮੁਕੰਮਲ ਕਰਵਾਇਆ ਜਾਵੇਗਾ। ਭਾਈ ਲੌਂਗੋਵਾਲ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਕਾਰਜਾਂ ਲਈ ਪਹਿਲਾਂ ਬਣੀਆ ਸਬ-ਕਮੇਟੀਆਂ ਦੀ ਥਾਂ ਨਵੀਆਂ ਕਮੇਟੀਆਂ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਦੇ ਫੈਸਲੇ ਅਨੁਸਾਰ ਲੰਮਾ ਸਮਾਂ ਜ਼ੇਲ੍ਹ ਵਿਚ ਨਜ਼ਰਬੰਦ ਰਹਿਣ ਮਗਰੋਂ ਰਿਹਾਅ ਹੋਏ ਸਿੱਖ ਕੈਦੀ ਭਾਈ ਵਰਿਆਮ ਸਿੰਘ ਨੂੰ ੧ ਲੱਖ ਰੁਪਏ ਦੀ ਸਹਾਇਤਾ ਦਿੱਤੀ ਜਾਵੇਗੀ।

**ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ ਸ਼ਰਧਾਲੂਆਂ ਲਈ ਅੰਮ੍ਰਿਤਸਰ ਤੋਂ ਚਲੇਗੀ ਬੱਸ:** ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਡੇਰਾ ਬਾਬਾ ਨਾਨਕ ਲਈ ਇਕ ਵਿਸ਼ੇਸ਼ ਬੱਸ ਚਲਾਉਣ ਦਾ ਵੀ ਫੈਸਲਾ ਕੀਤਾ ਗਿਆ। ਭਾਈ ਲੌਂਗੋਵਾਲ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਨੂੰ ਆਨਲਾਈਨ ਰਜਿਸਟ੍ਰੇਸ਼ਨ ਲਈ ੩੦ ਤੋਂ ਵੱਧ ਗੁਰੂ ਘਰਾਂ ਅੰਦਰ ਸਹੂਲਤ ਮੁਹੱਈਆ ਕਰਵਾਈ ਗਈ ਹੈ। ਇਸ ਦੇ ਨਾਲ ਹੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਟਰਮੀਨਲ ਤੱਕ ਬੱਸ ਦੀ ਸਹੂਲਤ ਵੀ ਪਹਿਲਾਂ ਤੋਂ ਹੀ ਜਾਰੀ ਹੈ। ਉਨ੍ਹਾਂ ਦੱਸਿਆ ਕਿ ਹੁਣ ਸ੍ਰੀ ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਤੱਕ ਵੀ ਬਸ ਚਲਾਈ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਸੰਗਤਾਂ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਣ।

ਭਾਈ ਲੌਂਗੋਵਾਲ ਨੇ ਇਹ ਵੀ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਦੀਆਂ ਪਰਕਰਮਾਂ ਵਿਚ ਹਰਿਆਵਲ ਪੈਦਾ ਕਰਨ ਲਈ ਯੋਜਨਾਬੱਧ ਤਰੀਕੇ ਨਾਲ ਬੂਟੇ ਅਤੇ ਵੇਲ੍ਹਾਂ ਲਗਾਈਆਂ ਜਾਣਗੀਆਂ। ਇਸ ਕਾਰਜ ਲਈ ਡਾ. ਨਵਤੇਜ ਸਿੰਘ ਦੀਆਂ ਸਲਾਹਕਾਰ ਵਜੋਂ ਸੇਵਾਵਾਂ ਲਈਆਂ ਜਾਣਗੀਆਂ। ਇਸ ਤੋਂ ਇਲਾਵਾ ਹੋਰਨਾਂ ਗੁਰਦੁਆਰਾ ਸਾਹਿਬਾਨ ਅੰਦਰ ਵੀ ਵੱਧ ਤੋਂ ਵੱਧ ਬੂਟੇ ਲਗਾਏ ਜਾਣਗੇ, ਤਾਂ ਜੋ ਵਾਤਾਵਰਣ ਦੀ ਸ਼ੁੱਧਤਾ ਬਰਕਰਾਰ ਰਹੇ।

**ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਬਣੇਗਾ ਨਵਾਂ ਦਫ਼ਤਰ:** ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਖ਼ਾਲਸੇ ਦੇ ਜਨਮ ਅਸਥਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦਾ ਨਵਾਂ ਦਫ਼ਤਰ ਬਣਾਉਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਤਖ਼ਤ ਸਾਹਿਬ ਵਿਖੇ ਸੰਗਤਾਂ ਲਈ ਨਵਾਂ ਜੋੜਾ ਘਰ ਵੀ ਤਿਆਰ ਕੀਤਾ ਜਾਵੇਗਾ। ਇਥੇ ਸੰਗਤ ਲਈ ਨਿਵਾਸਾਂ ਦੀ ਲੋੜ ਅਨੁਸਾਰ ਰਿਪੇਅਰ ਵੀ ਕਰਵਾਈ ਜਾਵੇਗੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਰਾਜਸਥਾਨ ਅੰਦਰ ਸਿੱਖੀ ਦੇ ਪ੍ਰਚਾਰ ਲਈ ਸਿੱਖ ਮਿਸ਼ਨ ਗੰਗਾਨਗਰ ਨੂੰ ਇਕ ਗੱਡੀ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਪ੍ਰਚਾਰ ਜਥੇ ਸੰਗਤਾਂ ਤੱਕ ਸੁਖਾਲੀ ਪਹੁੰਚ ਬਣਾ ਸਕਣ।

ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਭਾਈ ਲੌਂਗੋਵਾਲ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਅੰਤ੍ਰਿੰਗ ਮੈਂਬਰ ਸ. ਭੁਪਿੰਦਰ ਸਿੰਘ ਅਸੰਧ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਗੁਰਪਾਲ ਸਿੰਘ ਗੋਰਾ, ਸ. ਸ਼ੇਰ ਸਿੰਘ ਮੰਡਵਾਲਾ, ਸ. ਜਸਮੇਰ ਸਿੰਘ ਲਾਛੜੂ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸ. ਅਮਰਜੀਤ ਸਿੰਘ ਭਲਾਈਪੁਰ, ਸ. ਸੁਰਜੀਤ ਸਿੰਘ ਕੰਗ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਬੀਬੀ ਕੁਲਦੀਪ ਕੌਰ ਟੌਹੜਾ, ਬੀਬੀ ਪਰਮਜੀਤ ਕੌਰ ਲਹਿਰਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਸ. ਸੁਖਦਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਸ. ਪਰਮਜੀਤ ਸਿੰਘ ਸਰੋਆ, ਸ. ਸੁਖਮਿੰਦਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸੁਲੱਖਣ ਸਿੰਘ ਭੰਗਾਲੀ, ਸ. ਦਰਸ਼ਨ ਸਿੰਘ ਪੀ.ਏ., ਮੈਨੇਜਰ ਸ. ਨੱਥਾ ਸਿੰਘ ਆਦਿ ਮੌਜੂਦ ਸਨ। ੧੯ ਦਸੰਬਰ

# ਸ਼੍ਰੋਮਣੀ ਕਮੇਟੀ ਵੱਲੋਂ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ

ਅੰਮ੍ਰਿਤਸਰ- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਵਿਖੇ ਸਥਿਤ ਉਨ੍ਹਾਂ ਨਾਲ ਸਬੰਧਤ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖਸ਼ ਸਿੰਘ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਗੁਰਵਿੰਦਰ ਸਿੰਘ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਸ੍ਰੀ ਦਰਬਾਰ ਸਾਹਿਬ ਦੇ ਅਰਦਾਸੀਏ ਭਾਈ ਕੁਲਵਿੰਦਰ ਸਿੰਘ ਦੁਆਰਾ ਅਰਦਾਸ ਕਰਨ ਉਪਰੰਤ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਲਿਆ। ਇਸ ਮੌਕੇ ਗਿਆਨੀ ਗੁਰਮਿੰਦਰ ਸਿੰਘ ਨੇ ਸ਼ਹੀਦ ਬਾਬਾ ਗੁਰਬਖਸ਼ ਸਿੰਘ ਜੀ ਦੇ ਜੀਵਨ ਸਬੰਧੀ ਵਿਚਾਰ ਕਰਦਿਆਂ ਕਿਹਾ ਕਿ ਬਾਬਾ ਜੀ ਸਿੱਖ ਕੌਮ ਦੇ ਮਾਣਮੱਤੇ ਸ਼ਹੀਦ ਹਨ, ਜਿਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਲਈ ਅਹਿਮਦ ਸ਼ਾਹ ਅਬਦਾਲੀ ਦੀਆਂ ਫੋਜਾਂ ਦਾ ਆਪਣੇ ਕੁਝ ਸਾਥੀ ਸਿੰਘਾਂ ਨਾਲ ਡੱਟ ਕੇ ਮੁਕਾਬਲਾ ਕੀਤਾ।

ਉਨ੍ਹਾਂ ਕਿਹਾ ਕਿ ਬਾਬਾ ਗੁਰਬਖਸ਼ ਸਿੰਘ ਜੀ ਸ਼ਹਾਦਤ ਆਪਣੇ ਧਰਮ ਅਸਥਾਨਾਂ ਦੀ ਰਾਖੀ ਲਈ ਸਿੱਖ ਕੌਮ ਨੂੰ ਅਗਵਾਈ ਦੇਣ ਵਾਲੀ ਹੈ, ਜਿਸ ਤੋਂ ਨੌਜਵਾਨ ਪੀੜੀ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਕੱਤਰ ਸਿੰਘ, ਇੰਚਾਰਜ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਜਸਪਾਲ ਸਿੰਘ ਢੱਡੇ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ ਸਮੇਤ ਸੰਗਤਾਂ ਹਾਜ਼ਰ ਸਨ। ੪ ਦਸੰਬਰ

# ਉੜੀਸਾ ਦੇ ਇਤਿਹਾਸਕ ਮੰਗੂ ਮੱਠ ਦੀ ਸਥਿਤੀ ਜਾਣਨ ਲਈ ਭਾਈ ਲੌਂਗੋਵਾਲ ਨੇ ਬਣਾਈ ਸਬ-ਕਮੇਟੀ

ਅੰਮ੍ਰਿਤਸਰ- ਉੜੀਸਾ ਦੇ ਜਗਨਨਾਥ ਪੁਰੀ 'ਚ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਮੰਗੂ ਮੱਠ ਸਬੰਧੀ ਮੌਜੂਦਾ ਸਥਿਤੀ ਜਾਣਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਕ ਵਫ਼ਦ ਉੜੀਸਾ ਭੇਜਣ ਦਾ ਫੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵਡ 'ਤੇ ਅਧਾਰਤ ਇਕ ਕਮੇਟੀ ਦਾ ਗਠਨ ਕੀਤਾ ਹੈ। ਇਸ ਕਮੇਟੀ ਵਿਚ ਕੋਆਰਡੀਨੇਟਰ ਵਜੋਂ ਮੀਤ ਸਕੱਤਰ ਸ. ਸਕੱਤਰ ਸਿੰਘ ਸ਼ਾਮਲ ਹਨ। ਭਾਈ ਲੌਂਗੋਵਾਲ ਨੇ ਕਿਹਾ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਵੀ ਉੜੀਸਾ ਦੇ ਜਗਨਨਾਥ ਪੁਰੀ 'ਚ ਸਥਿਤ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਅਸਥਾਨਾਂ ਤੇ ਯਾਦਗਾਰਾਂ ਨੂੰ ਸੁਰੱਖਿਅਤ ਰੱਖਣ ਲਈ ਸਥਾਨਕ ਪ੍ਰਸ਼ਾਸਨ ਤਕ ਪਹੁੰਚ ਕੀਤੀ ਜਾ ਚੁੱਕੀ ਹੈ। ਉਨ੍ਹਾਂ ਆਖਿਆ ਕਿ ਇਹ ਯਾਦਗਾਰਾਂ ਸਿੱਖਾਂ ਲਈ ਵਿਸ਼ੇਸ਼ ਅਹਿਮੀਅਤ ਰੱਖਦੀਆਂ ਹਨ ਅਤੇ ਮੀਡੀਆ ਰਾਹੀਂ ਇਸ ਨੂੰ ਢਾਹੁਣ ਦੀਆਂ ਖ਼ਬਰਾਂ ਨਸ਼ਰ ਹੋਣ ਮਗਰੋਂ ਸ਼੍ਰੋਮਣੀ ਕਮੇਟੀ ਵੱਲੋਂ ਜਾਣਕਾਰੀ ਹਾਸਲ ਕੀਤੀ ਜਾ ਰਹੀ ਹੈ। ਉਨ੍ਹਾਂ ਆਖਿਆ ਕਿ ਇਸ ਸਬੰਧ ਵਿਚ ਬਣਾਈ ਗਈ ਕਮੇਟੀ ਜਿਥੇ ਮੌਕਾ ਦੇਖ ਕੇ ਆਪਣੀ ਰਿਪੋਰਟ ਦੇਵੇਗੀ, ਉਥੇ ਹੀ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਵੀ ਮੱਠਾਂ ਦੀ ਸੁਰੱਖਿਆ ਸਬੰਧੀ ਗੱਲਬਾਤ ਕਰੇਗੀ। ੧੨ ਦਸੰਬਰ

# ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਕੈਨੇਡਾ ਦੇ ਮੈਂਬਰਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨਾਲ ਕੀਤੀ ਮੁਲਾਕਾਤ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨਾਲ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਕੈਨੇਡਾ ਦੇ ਮੈਂਬਰਾਂ ਨੇ ਇਕ ਮੁਲਾਕਾਤ ਦੌਰਾਨ ਪੰਜਾਬ ਅੰਦਰ ਪੰਜਾਬੀ ਬੋਲੀ ਪ੍ਰਤੀ ਸਰਕਾਰ ਵੱਲੋਂ ਅਪਣਾਈ ਜਾ ਰਹੀ ਉਦਾਸੀਨਤਾ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਇਸ ਸਬੰਧੀ ਇਕ ਮੰਗ ਪੱਤਰ ਸੌਂਪਿਆ। ਇਸ ਦੌਰਾਨ ਭਾਈ ਲੌਂਗੋਵਾਲ ਨੇ ਕਿਹਾ ਕਿ ਪੰਜਾਬ ਅੰਦਰ ਪੰਜਾਬੀ ਬੋਲੀ ਦੇ ਸਤਿਕਾਰ ਲਈ ਸਰਕਾਰ ਨੂੰ ਉਸ ਦੀ ਜ਼ੁੰਮੇਵਾਰੀ ਪ੍ਰਤੀ ਚੇਤੰਨ ਕਰਨ ਲਈ ਸ਼੍ਰੋਮਣੀ ਕਮੇਟੀ ਵੱਲੋਂ ਲਿਖਿਆ ਜਾਵੇਗਾ। ਉਨ੍ਹਾਂ ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੇ ਮੈਂਬਰਾਂ ਨੂੰ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਪਹਿਲਾਂ ਤੋਂ ਹੀ ਇਸ ਸਬੰਧੀ ਸੁਹਿਰਦ ਯਤਨ ਕੀਤੇ ਜਾ ਰਹੇ ਹਨ ਅਤੇ ਬੀਤੇ ਦਿਨੀਂ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਵੀ ਪੰਜਾਬੀ ਭਾਸ਼ਾ ਪ੍ਰਤੀ ਇਕ ਵਿਸ਼ੇਸ਼ ਮਤਾ ਪਾਸ ਕੀਤਾ ਗਿਆ ਸੀ। ਭਾਈ ਲੌਂਗੋਵਾਲ ਨੇ ਕਿਹਾ ਕਿ ਦੁੱਖ ਦੀ ਗੱਲ

ਹੈ ਕਿ ਪੰਜਾਬ ਸੂਬੇ ਅੰਦਰ ਹੀ ਪੰਜਾਬੀ ਪ੍ਰਤੀ ਉਦਾਸੀਨਤਾ ਅਪਨਾਈ ਜਾ ਰਹੀ ਹੈ ਅਤੇ ਪੰਜਾਬੀ ਬੋਲੀ ਨੂੰ ਸਰਕਾਰ ਵੱਲੋਂ ਅਣਦੇਖਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ ੫੫੦ਵਾਂ ਪ੍ਰਕਾਸ਼ ਪੁਰਬ ਸਮੁੱਚੀ ਕੌਮ ਵੱਲੋਂ ਜਾਹੋ-ਜਲਾਲ ਨਾਲ ਮਨਾਇਆ ਗਿਆ ਹੈ ਅਤੇ ਇਸ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਜਿਥੇ ਵੱਖ-ਵੱਖ ਗੁਰਮਤਿ ਸਮਾਗਮ ਕੀਤੇ ਗਏ, ਉਥੇ ਹੀ ਸਕੂਲਾਂ/ਕਾਲਜਾਂ ਅੰਦਰ ਵਿਸ਼ੇਸ਼ ਸੈਮੀਨਾਰ ਕਰ ਕੇ ਗੁਰੂ ਸਾਹਿਬ ਜੀ ਦੀ ਵਿਚਾਰਧਾਰਾ ਸਬੰਧੀ ਪੰਜਾਬੀ ਬੋਲੀ ਵਿਚ ਲੈਕਚਰ ਕਰਵਾਏ ਗਏ। ਪਰੰਤੂ ਦੂਸਰੇ ਪਾਸੇ ਸਰਕਾਰ ਆਪਣੀ ਜ਼ੁੰਮੇਵਾਰੀ ਤੋਂ ਭੱਜਦੀ ਨਜ਼ਰ ਆ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਰਕਾਰ ਨੂੰ ਪੱਤਰ ਲਿਖ ਕੇ ਸੂਬੇ ਅੰਦਰ ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਅਤੇ ਇਸ ਦੀ ਵਰਤੋਂ ਨੂੰ ਸਖ਼ਤੀ ਨਾਲ ਲਾਗੂ ਕਰਵਾਉਣ ਲਈ ਆਖੇਗੀ। ਇਸ ਮੌਕੇ ਭਾਈ ਲੌਂਗੋਵਾਲ ਨੇ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਪੰਜਾਬੀ ਬੋਲੀ ਨਾਲ ਜੋੜਨ ਲਈ ਵੱਧ ਤੋਂ ਵੱਧ ਯਤਨ ਕਰਨ। ਇਸ ਨੂੰ ਘਰਾਂ ਅੰਦਰ ਬੋਲ-ਚਾਲ ਵਜੋਂ ਲਾਜ਼ਮੀ ਕੀਤਾ ਜਾਵੇ। ਜੇਕਰ ਸਕੂਲਾਂ ਅੰਦਰ ਬੱਚਿਆਂ ਨੂੰ ਪੰਜਾਬੀ ਬੋਲਣ ਤੋਂ ਕੋਈ ਰੋਕਦਾ ਹੈ ਤਾਂ ਉਸ ਦਾ ਵਿਰੋਧ ਕੀਤਾ ਜਾਵੇ। ਵਿਆਹਾਂ ਸਮੇਂ ਛਪਵਾਏ ਜਾਂਦੇ ਕਾਰਡ ਪੰਜਾਬੀ ਵਿਚ ਛਪਵਾਏ ਜਾਣ।

ਇਸ ਮੌਕੇ ਪੰਜਾਬੀ ਭਾਸ਼ਾ ਪ੍ਰਸਾਰ ਭਾਈਚਾਰੇ ਵੱਲੋਂ ਸ. ਰਜਿੰਦਰ ਸਿੰਘ ਢੱਟ, ਸ. ਹਰਦਿਆਲ ਸਿੰਘ ਗਰਚਾ, ਸ. ਦਵਿੰਦਰ ਸਿੰਘ ਘਟੋਰਾ, ਸ. ਹਰਬਖ਼ਸ਼ ਸਿੰਘ ਗਰੇਵਾਲ (ਸਾਰੇ ਕੈਨੇਡਾ ਨਿਵਾਸੀ) ਅਤੇ ਸ੍ਰੀ ਮਿੱਤਰ ਸੈਣ ਮੀਤ ਨੇ ਪੰਜਾਬੀ ਨੂੰ ਉਭਾਰਨ ਸਬੰਧੀ ਭਾਈ ਲੌਂਗੋਵਾਲ ਨਾਲ ਵਿਸਥਾਰ ਵਿਚ ਵਿਚਾਰ ਚਰਚਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਾਜਿੰਦਰ ਸਿੰਘ ਮਹਿਤਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਸ. ਹਰਜਿੰਦਰ ਸਿੰਘ ਧਾਮੀ, ਮੈਂਬਰ ਭਾਈ ਮਨਜੀਤ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਤਿੰਦਰ ਸਿੰਘ, ਸ. ਗੁਰਿੰਦਰ ਸਿੰਘ ਮਥੇਰਵਾਲ, ਸ. ਮੁਖਤਾਰ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਸ. ਮਹਿੰਦਰ ਸਿੰਘ ਸੇਖੋਂ, ਸ. ਇੰਦਰਪਾਲ ਸਿੰਘ, ਸ. ਸੁਖਇੰਦਰਪਾਲ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ। ੫ ਦਸੰਬਰ

# ਬ੍ਰਿਟਿਸ਼ ਆਰਮੀ ਦਾ ਵਫ਼ਦ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਇਆ ਨਤਮਸਤਕ

ਅੰਮ੍ਰਿਤਸਰ- ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿਚ ਸਥਾਨਕ ਖ਼ਾਲਸਾ ਕਾਲਜ ਵਿਖੇ ਸਾਰਾਗੜ੍ਹੀ ਫਾਊਂਡੇਸ਼ਨ ਨਿਊਯਾਰਕ ਵੱਲੋਂ ਕਰਵਾਏ ਗਏ ਇਕ ਸੈਮੀਨਾਰ ਵਿਚ ਭਾਗ ਲੈਣ ਪੁੱਜੇ ਬ੍ਰਿਟਿਸ਼ ਆਰਮੀ ਦੇ ਵਫ਼ਦ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨ ਦੀਦਾਰ ਕੀਤੇ। ਵਫ਼ਦ ਵਿਚ ਬਰਗੇਡੀਅਰ ਸੇਲੀਆ ਜੇਨ ਹਾਰਵੇ, ਕਰਨਲ ਜੋਹਨ ਕੇਂਡਲ, ਕੈਪਟਨ ਕਰੇਜ ਬਿਕੇਰਟਨ, ਕੈਪਟਨ ਜਗਜੀਤ ਸਿੰਘ ਤੇ ਵਾਰੰਟ ਅਫ਼ਸਰ ਅਸ਼ੋਕ ਚੌਹਾਨ ਮੌਜੂਦ ਸਨ। ਇਸ ਦੌਰਾਨ ਵਫ਼ਦ ਮੈਂਬਰਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨਾਲ ਵੀ ਮੁਲਾਕਾਤ ਕੀਤੀ, ਜਿਥੇ ਉਨ੍ਹਾਂ ਨੂੰ ਸਿੰਘ ਸਾਹਿਬ ਵੱਲੋਂ ਸਨਮਾਨਿਤ ਕੀਤਾ ਗਿਆ। ਉਨ੍ਹਾਂ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਵੀ ਮੱਥਾ ਟੇਕਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ

ਸਿੰਘ ਦੀਨਪੁਰ, ਸਾਰਾਗੜ੍ਹੀ ਫਾਊਂਡੇਸ਼ਨ ਦੇ ਚੇਅਰਮੈਨ ਸ. ਗੁਰਿੰਦਰਪਾਲ ਸਿੰਘ ਜੋਸਨ, ਪ੍ਰਧਾਨ ਬਰਗੇਡੀਅਰ ਕੁਲਦੀਪ ਸਿੰਘ ਕਾਹਲੋਂ, ਸ. ਤਰਨਬੀਰ ਸਿੰਘ ਬੈਨੀਪਾਲ, ਬੀਬੀ ਕਮਲਜੀਤ ਕੌਰ ਪੰਨੂ, ਵਧੀਕ ਮੈਨੇਜਰ ਸ. ਸੁਖਰਾਜ ਸਿੰਘ ਤੇ ਸ. ਇਕਬਾਲ ਸਿੰਘ ਮੁਖੀ, ਸ. ਜਸਪਾਲ ਸਿੰਘ, ਸ਼੍ਰੋਮਣੀ ਕਮੇਟੀ ਦੇ ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ। ੧੧ ਦਸੰਬਰ

# ਸ਼੍ਰੋਮਣੀ ਕਮੇਟੀ ਦੇ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਅਧਿਕਾਰੀਆਂ ਨਾਲ ਕੀਤੀ ਇਕੱਤਰਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨਾਲ ਇਕੱਤਰਤਾ ਕਰਕੇ ਸੰਸਥਾ ਦੀ ਬਿਹਤਰੀ ਲਈ ਸਮਰਪਣ ਭਾਵਨਾ ਨਾਲ ਡਿਊਟੀ ਨਿਭਾਉਣ ਲਈ ਕਿਹਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਵੀ ਹਰ ਅਧਿਕਾਰੀ ਨੂੰ ਸੰਸਥਾ ਦੀਆਂ ਰਵਾਇਤਾਂ ਦੇ ਦਾਇਰੇ ਵਿਚ ਰਹਿ ਕੇ ਡਿਊਟੀ ਨਿਭਾਉਣ ਦੇ ਆਦੇਸ਼ ਦਿੱਤੇ। ਸ਼੍ਰੋਮਣੀ ਕਮੇਟੀ ਦੇ ਨਵ-ਨਿਯੁਕਤ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਸਿੱਖ ਇਤਿਹਾਸ, ਸਿਧਾਂਤਾਂ ਅਤੇ ਰਵਾਇਤਾਂ ਦੀ ਰੌਸ਼ਨੀ ਵਿਚ ਕਾਰਜ ਕਰਨ ਵਾਲੀ ਪੰਥ ਦੀ ਸਿਰਮੌਰ ਸੰਸਥਾ ਹੈ, ਜਿਸ ਵੱਲ ਸਮੁੱਚੇ ਕੌਮ ਦੀਆਂ ਨਜ਼ਰਾਂ ਬਣੀਆਂ ਰਹਿੰਦੀਆਂ ਹਨ। ਸ਼੍ਰੋਮਣੀ ਕਮੇਟੀ ਦੇ ਹਰ ਅਹੁਦੇਦਾਰ, ਅਧਿਕਾਰੀ ਅਤੇ ਦਰਜ਼ਾ-ਬ-ਦਰਜ਼ਾ ਕਰਮਚਾਰੀ 'ਤੇ ਸਮਾਜ ਦੇ ਦੂਸਰੇ ਵਿਭਾਗਾਂ ਤੋਂ ਵੱਖਰੀ ਜ਼ੁੰਮੇਵਾਰੀ ਹੈ, ਜਿਸ 'ਤੇ ਖਰਾ ਉਤਰਨਾ ਸਾਡਾ ਮੁੱਢਲਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਹਰ ਮੁਲਾਜ਼ਮ ਆਪਣੇ ਜ਼ੁੰਮੇ ਲੱਗੀ ਸੇਵਾ ਨੂੰ ਤਨਦੇਹੀ ਅਤੇ ਸੁਹਿਰਦ ਭਾਵਨਾ ਨਾਲ ਨਿਭਾਵੇ, ਤਾਂ ਜੋ ਸੰਗਤਾਂ ਅੰਦਰ ਸੰਸਥਾ ਦਾ ਚੰਗਾ ਅਕਸ ਜਾ ਸਕੇ। ਉਨ੍ਹਾਂ ਕਿਹਾ ਕਿ ਸਾਡੀ ਛੋਟੀ ਜਿਹੀ ਕੁਤਾਹੀ ਸੰਸਥਾ ਦੀਆਂ ਰਵਾਇਤਾਂ ਨੂੰ ਸੱਟ ਮਾਰ ਸਕਦੀ ਹੈ, ਇਸ ਲਈ ਹਰ ਮੁਲਾਜ਼ਮ ਨੂੰ ਸੁਚੇਤ ਰਹਿ ਕੇ ਗੁਰੂ ਆਸ਼ੇ ਅਨੁਸਾਰ ਕੰਮ ਕਰਨਾ ਚਾਹੀਦਾ ਹੈ। ਭਾਈ ਮਹਿਤਾ ਨੇ ਮੁੱਖ ਸਕੱਤਰ ਨੂੰ ਮੁਲਾਜ਼ਮਾਂ ਦੀ ਹਾਜ਼ਰੀ ਬਾਇਓਮੈਟ੍ਰਿਕ ਵਿਧੀ ਰਾਹੀਂ ਲਾਜ਼ਮੀ ਕਰਨ ਲਈ ਵੀ ਕਿਹਾ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਆਪੋ-ਆਪਣੇ ਵਿਭਾਗਾਂ ਦੀ ਕਾਰਜਸ਼ਾਲੀ ਦੀ ਬਿਹਤਰੀ ਲਈ ਰੋਜ਼ਾਨਾ ਰਿਪੋਰਟ ਲਈ ਜਾਵੇ, ਤਾਂ ਜੋ ਬੀਤੇ ਦਿਨ ਦੇ ਮੁਲਾਂਕਣ ਦੇ ਨਾਲ-ਨਾਲ ਭਵਿੱਖੀ ਕਾਰਜਾਂ ਦੀ ਬਿਹਤਰ ਰੂਪ-ਰੇਖਾ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਦਰਜ਼ਾ-ਬ-ਦਰਜ਼ਾ ਅਧਿਕਾਰੀਆਂ ਦਾ ਮਾਣ ਸਨਮਾਨ ਯਕੀਨੀ ਬਣਾਇਆ ਜਾਵੇ ਅਤੇ ਡਿਊਟੀ ਪ੍ਰਤੀ ਪਾਬੰਦ ਰਹਿਣ ਲਈ ਵੀ ਵਿਭਾਗਾਂ ਨੂੰ ਪ੍ਰੇਰਣਾ ਕੀਤੀ ਜਾਵੇ।

ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਵੱਲੋਂ ਭਾਈ ਰਜਿੰਦਰ ਸਿੰਘ ਮਹਿਤਾ ਨੂੰ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਹੋਣ 'ਤੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸਕੱਤਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਸਤਿੰਦਰ ਸਿੰਘ, ਸ. ਸਿਮਰਜੀਤ ਸਿੰਘ ਕੰਗ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਨਿਸ਼ਾਨ ਸਿੰਘ, ਸ. ਗੁਰਮੀਤ ਸਿੰਘ ਬੁੱਟਰ ਤੇ ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਮੌਜੂਦ ਸਨ। ੯ ਦਸੰਬਰ

# ਭਾਈ ਮਹਿਤਾ ਤੇ ਡਾ. ਰੂਪ ਸਿੰਘ ਨੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰਾਂ ਨਾਲ ਕੀਤੀ ਬੈਠਕ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰਾਂ ਨਾਲ ਬੈਠਕ ਕਰਕੇ ਪ੍ਰਬੰਧਕੀ ਆਦੇਸ਼ ਜਾਰੀ ਕੀਤੇ। ਇਕੱਤਰਤਾ ਦੌਰਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਅਧਿਆਤਮਿਕ ਕੇਂਦਰ ਹੋਣ ਕਰਕੇ ਇਥੇ ਸਿੱਖ ਸੰਗਤਾਂ ਦੇ ਨਾਲ-ਨਾਲ ਦੇਸ਼-ਵਿਦੇਸ਼ ਵਿੱਚੋਂ ਹੋਰਨਾਂ ਧਰਮਾਂ ਦੇ ਲੋਕ ਵੀ ਵੱਡੀ ਗਿਣਤੀ ਵਿਚ ਪੁੱਜਦੇ ਹਨ ਅਤੇ ਇਸ ਪਾਵਨ ਅਸਥਾਨ ਦੇ ਪ੍ਰਬੰਧਾਂ 'ਤੇ ਸੰਗਤ ਦੀ ਹਮੇਸ਼ਾ ਪੜਚੋਲੀਆਂ ਨਜ਼ਰ ਬਣੀ ਰਹਿੰਦੀ ਹੈ। ਇਸ ਲਈ ਸਾਨੂੰ ਆਪਣੇ ਜ਼ੁੰਮੇ ਲੱਗੀ ਸੇਵਾ ਨੂੰ ਤਨਦੇਹੀ ਨਾਲ ਨਿਭਾਉਣਾ ਚਾਹੀਦਾ ਹੈ, ਤਾਂ ਜੋ ਸੰਗਤ ਚੰਗਾ ਪ੍ਰਭਾਵ ਲੈ ਕੇ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਬੰਧਕੀ ਅਹੁਦਿਆਂ ਦਾ ਮਤਲਬ ਸੰਗਤ ਪ੍ਰਤੀ ਜਵਾਬਦੇਹੀ ਹੁੰਦਾ ਹੈ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਜਿਹੋ ਜਿਹੀਆਂ ਪ੍ਰਬੰਧਕੀ ਸੇਵਾਵਾਂ ਚਾਹੁੰਦੀ ਹੈ, ਉਸ ਤੋਂ ਵੀ ਬਿਹਤਰ ਸੇਵਾਵਾਂ ਦੇਣਾ ਪ੍ਰਬੰਧਕਾਂ ਦੀ ਪਹਿਲ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਹੁਦੇਦਾਰਾਂ, ਅਧਿਕਾਰੀਆਂ ਤੇ ਕਰਮਚਾਰੀਆਂ ਦੇ ਤਾਲਮੇਲ ਨਾਲ ਸੰਗਤ ਲਈ ਉਚਿਤ ਪ੍ਰਬੰਧ ਕੀਤੇ ਜਾਣ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਬੰਧਕੀ ਸਮੀਖਿਆ ਆਰੰਭ ਕੀਤੀ ਗਈ ਹੈ ਅਤੇ ਇਸ ਸਬੰਧੀ ਬੈਠਕਾਂ ਦਾ ਸਿਲਸਿਲਾ ਨਿਰੰਤਰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਬੰਧਾਂ ਵਿਚ ਕਿਸੇ ਵੀ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਜੇਕਰ ਅਜਿਹਾ ਸਾਹਮਣੇ ਆਉਂਦਾ ਹੈ ਤਾਂ ਜ਼ੁੰਮੇਵਾਰ ਮੁਲਾਜ਼ਮ ਦੀ ਜਵਾਬਤਲਬੀ ਹੋਵੇਗੀ। ਉਨ੍ਹਾਂ ਕਿਹਾ ਕਿ ਸੰਗਤੀ ਅਦਾਰਾ ਹੋਣ ਕਰਕੇ ਗੁਰਦੁਆਰਾ ਸਾਹਿਬਾਨ ਦੇ ਮੁਲਾਜ਼ਮਾਂ ਦਾ ਬੋਲ-ਚਾਲ ਵਧੀਆ ਹੋਣਾ ਚਾਹੀਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਸਮੇਂ ਦਾ ਪਾਬੰਦ ਹੋਣ ਦੇ ਨਾਲ-ਨਾਲ ਆਪਣੇ ਅਧੀਨ ਕੰਮ ਕਰਨ ਵਾਲੇ ਮੁਲਾਜ਼ਮਾਂ ਨਾਲ ਵਧੀਆ ਤਾਲਮੇਲ ਪੈਦਾ ਕਰਨ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਅਨੁਸ਼ਾਸਨਹੀਣਤਾ ਤੇ ਡਿਊਟੀ 'ਚ ਕੁਤਾਹੀ ਬਰਦਾਸ਼ਤ ਨਹੀਂ ਹੋਵੇਗੀ। ਜਿਨ੍ਹਾਂ ਮੁਲਾਜ਼ਮਾਂ ਨੂੰ ਵਰਦੀ ਮਿਲਦੀ ਹੈ ਉਹ ਬਕਾਇਦਾ ਵਰਦੀ ਵਿਚ ਆਉਣ। ਦਸਤਾਰਾਂ ਪੰਥ ਪ੍ਰਵਾਨਤ ਨੀਲੇ, ਪੀਲੇ ਤੇ ਕਾਲੇ ਰੰਗ ਦੀਆਂ ਹੀ ਬੰਨ੍ਹੀਆਂ ਜਾਣ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਅਵਤਾਰ ਸਿੰਘ ਸੈਂਪਲਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਅਤੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਮੈਨੇਜਰ ਸ. ਮੁਖਤਾਰ ਸਿੰਘ, ਸ. ਮਨਜਿੰਦਰ ਸਿਮਘ ਮੰਡ, ਸ. ਹਰਪ੍ਰੀਤ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਇਕਬਾਲ ਸਿੰਘ ਮੁਖੀ, ਸ. ਸੁਖਬੀਰ ਸਿੰਘ, ਸ. ਸੁਖਰਾਜ ਸਿੰਘ, ਸ. ਬਘੇਲ ਸਿੰਘ, ਸ. ਪਰਮਜੀਤ ਸਿੰਘ, ਸ. ਨਰਿੰਦਰ ਸਿੰਘ, ਸ. ਜਗਤਾਰ ਸਿੰਘ, ਸ. ਨਿਸ਼ਾਨ ਸਿੰਘ, ਸ. ਲਖਬੀਰ ਸਿੰਘ ਅਤੇ ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਮੌਜੂਦ ਸਨ। ੧੦ ਦਸੰਬਰ

# ਭਾਈ ਲੌਂਗੋਵਾਲ ਨੇ ਅਮਰੀਕਾ 'ਚ ਸਿੱਖ 'ਤੇ ਨਸਲੀ ਹਮਲੇ ਦੀ ਕੀਤੀ ਨਿਖੇਧੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਵਿਦੇਸ਼ਾਂ ਅੰਦਰ ਸਿੱਖਾਂ ਉਤੇ ਹੁੰਦੇ ਨਸਲੀ ਹਮਲਿਆਂ 'ਤੇ ਗਹਿਰੀ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਆਖਿਆ

ਕਿ ਦੁੱਖ ਦੀ ਗੱਲ ਹੈ ਕਿ ਸਿੱਖਾਂ ਨੂੰ ਵਿਦੇਸ਼ਾਂ ਅੰਦਰ ਲਗਾਤਾਰ ਨਫ਼ਰਤੀ ਹਿੰਸਾ ਦਾ ਸ਼ਿਕਾਰ ਹੋਣਾ ਪੈ ਰਿਹਾ ਹੈ। ਭਾਈ ਲੌਂਗੋਵਾਲ ਨੇ ਅਮਰੀਕਾ ਦੇ ਸ਼ਹਿਰ ਬੇਲਿੰਗਹੇਮ 'ਚ ਸਿੱਖ ਡਰਾਈਵਰ 'ਤੇ ਇੱਕ ਵਿਅਕਤੀ ਵੱਲੋਂ ਕੀਤੇ ਗਏ ਹਮਲੇ ਮਗਰੋਂ ਇਹ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਆਖਿਆ ਕਿ ਭਾਰਤ ਸਰਕਾਰ ਨੂੰ ਵਿਦੇਸ਼ਾਂ ਦੀਆਂ ਸਰਕਾਰਾਂ ਨਾਲ ਸਿੱਖਾਂ ਦੀ ਸੁਰੱਖਿਆ ਦਾ ਮਾਮਲਾ ਉਠਾਉਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ 'ਤੇ ਕੀਤੇ ਗਏ ਹਮਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਅਜਿਹਾ ਵਰਤਾਰਾ ਠੀਕ ਨਹੀਂ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਨੇ ਵੱਖ-ਵੱਖ ਦੇਸ਼ਾਂ ਦੀ ਤਰੱਕੀ ਵਿਚ ਵੱਡਾ ਯੋਗਦਾਨ ਪਾਇਆ ਹੈ ਅਤੇ ਅੱਜ ਸਿੱਖ ਵਿਦੇਸ਼ਾਂ ਅੰਦਰ ਸਰਕਾਰਾਂ ਦਾ ਵੀ ਹਿੱਸਾ ਬਣੇ ਹੋਏ ਹਨ। ਦੇਸ਼-ਵਿਦੇਸ਼ ਅੰਦਰ ਵਸਦੇ ਸਿੱਖ ਹਮੇਸ਼ਾ ਮਨੁੱਖਤਾ ਦੇ ਭਲੇ ਲਈ ਸਰਗਰਮ ਰਹਿੰਦੇ ਹਨ, ਪਰੰਤੂ ਜਦੋਂ ਫਿਰ ਵੀ ਅਜਿਹੀਆਂ ਘਟਨਾਵਾਂ ਵਾਪਰਦੀਆਂ ਹਨ ਤਾਂ ਉਨ੍ਹਾਂ ਨੂੰ ਮਾਨਸਿਕ ਪ੍ਰੇਸ਼ਾਨੀ ਵਿੱਚੋਂ ਲੰਘਣਾ ਪੈਂਦਾ ਹੈ। ਭਾਈ ਲੌਂਗੋਵਾਲ ਨੇ ਵਿਦੇਸ਼ਾਂ 'ਚ ਵੱਸਦੇ ਸਿੱਖ ਆਗੂਆਂ ਅਤੇ ਗੁਰਦੁਆਰਾ ਕਮੇਟੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਉਥੋਂ ਦੀਆਂ ਸਰਕਾਰਾਂ ਨਾਲ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਉਣ ਸਬੰਧੀ ਗੱਲਬਾਤ ਕਰਨ। ੧੧ ਦਸੰਬਰ

## ਭਾਈ ਲੌਂਗੋਵਾਲ ਨੇ ਸ. ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਬਣਨ 'ਤੇ ਦਿੱਤੀ ਮੁਬਾਰਕਬਾਦ

### ਸ. ਸੁਖਬੀਰ ਸਿੰਘ ਬਾਦਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ. ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੱਤੀ ਹੈ। ਭਾਈ ਲੌਂਗੋਵਾਲ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਦੇਸ਼ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ ਹੈ, ਜਿਸ ਦੀ ਅਗਵਾਈ ਕਰਨਾ ਵੱਡੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦਾ ਇਤਿਹਾਸ ਬੇਹੱਦ ਸ਼ਾਨਾਮੱਤਾ ਹੈ ਅਤੇ ਇਸ ਨੇ ਸਿੱਖਾਂ ਦੇ ਮਸਲਿਆਂ ਦੀ ਹਮੇਸ਼ਾ ਸਰਗਰਮੀ ਨਾਲ ਪੈਰਵਾਈ ਕੀਤੀ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਅੱਜ ਵੀ ਸਿੱਖ ਕੌਮ ਦੇ ਮਸਲਿਆਂ ਤੋਂ ਇਲਾਵਾ ਲੋਕ ਹਿੱਤਾਂ ਤੇ ਪੰਜਾਬ ਦੀ ਖੁਸ਼ਹਾਲੀ ਲਈ ਸ਼੍ਰੋਮਣੀ ਅਕਾਲੀ ਦਲ ਮੋਹਰੀ ਰੋਲ ਨਿਭਾਅ ਰਿਹਾ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ ਆਪਣੀਆਂ ਰਵਾਇਤਾਂ ਅਨੁਸਾਰ ਲੋਕਾਂ ਦੀ ਅਵਾਜ਼ ਬਣਨ ਦੇ ਨਾਲ-ਨਾਲ ਕੌਮ ਦੀ ਤਰੱਕੀ ਲਈ ਵੀ ਯਤਨਸ਼ੀਲ ਰਹੇਗਾ।

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਜਾਣ ਮਗਰੋਂ ਸ. ਸੁਖਬੀਰ ਸਿੰਘ ਬਾਦਲ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਉਨ੍ਹਾਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਪਤਾਸਿਆਂ ਦਾ ਪ੍ਰਸ਼ਾਦ ਦਿੱਤਾ ਗਿਆ। ਉਨ੍ਹਾਂ ਨੇ ਸਿੱਖ ਕੌਮ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੀ ਮੱਥਾ ਟੇਕਿਆ। ਇਸ ਮੌਕੇ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੀ ਮੌਜੂਦ ਸਨ। ੧੪ ਦਸੰਬਰ

## ਸ਼੍ਰੋਮਣੀ ਕਮੇਟੀ ਦੇ ਕੰਮ ਕਾਜ ਨੂੰ ਹੋਰ ਸੁਚਾਰੂ ਬਣਾਉਣ ਲਈ ਮੁੱਖ ਸਕੱਤਰ ਨੇ ਅਧਿਕਾਰੀਆਂ ਨਾਲ ਕੀਤੀ ਬੈਠਕ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਸ ਨਾਲ ਸਬੰਧਤ ਅਦਾਰਿਆਂ ਵਿਚ ਕੰਮ ਕਰਦੇ ਪ੍ਰਬੰਧਕੀ ਅਮਲੇ ਦੇ ਕੰਮ-ਕਾਜ ਨੂੰ ਹੋਰ ਸੁਚਾਰੂ ਬਣਾਉਣ ਲਈ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ

ਡਾ. ਰੂਪ ਸਿੰਘ ਨੇ ਕਮੇਟੀ ਅਧਿਕਾਰੀਆਂ ਅਤੇ ਵਿਭਾਗਾਂ ਦੇ ਇੰਚਾਰਜਾਂ ਨਾਲ ਮੀਟਿੰਗ ਕਰਕੇ ਪ੍ਰਬੰਧਕੀ ਨਿਰਦੇਸ਼ ਜਾਰੀ ਕੀਤੇ। ਇਕੱਤਰਤਾ ਦੌਰਾਨ ਅਧਿਕਾਰੀਆਂ ਨੂੰ ਕਿਹਾ ਗਿਆ ਕਿ ਉਹ ਆਪਣੇ ਤੋਂ ਹੇਠਲੇ ਦਰਜ਼ਾ-ਬ-ਦਰਜ਼ਾ ਮੁਲਾਜ਼ਮਾਂ ਨੂੰ ਜਵਾਬਦੇਹ ਬਣਾਉਣ ਲਈ ਆਪਣੇ ਵਿਭਾਗਾਂ ਦਾ ਮੁਲਾਂਕਣ ਕਰਨ ਅਤੇ ਹਰ ਰੋਜ਼ ਕੀਤੇ ਗਏ ਕੰਮਾਂ ਦੀ ਰਿਪੋਰਟ ਲਈ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਅਧਿਕਾਰੀ ਕਰਮਚਾਰੀਆਂ ਅੰਦਰ ਜ਼ੁੰਮੇਵਾਰੀ ਦਾ ਅਹਿਸਾਸ ਪੈਦਾ ਕਰਨ ਅਤੇ ਸਮੇਂ ਦੇ ਪਾਬੰਦ ਰਹਿਣ ਲਈ ਕਹਿਣ। ਮੁੱਖ ਸਕੱਤਰ ਨੇ ਕਿਹਾ ਕਿ ਜਿਨ੍ਹਾਂ ਕਰਮਚਾਰੀਆਂ ਨੂੰ ਵਰਦੀ ਮਿਲਦੀ ਹੈ, ਉਹ ਬਕਾਇਦਾ ਵਰਦੀ ਪਹਿਨ ਕੇ ਦਫ਼ਤਰ ਆਉਣ। ਮੁਲਾਜ਼ਮ ਦਸਤਾਰਾਂ ਅਤੇ ਦੁਪੱਟੇ ਪ੍ਰਵਾਨਿਤ ਰੰਗਾਂ ਅਨੁਸਾਰ ਹੀ ਸਜਾਉਣ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਨੇ ਪ੍ਰਬੰਧ ਵਿਚ ਅਨੁਸ਼ਾਸਨ ਬਣਾਈ ਰੱਖਣ ਲਈ ਵੀ ਕਿਹਾ। ਉਨ੍ਹਾਂ ਕਿਹਾ ਕਿ ਜੇਕਰ ਕੋਈ ਮੁਲਾਜ਼ਮ ਡਿਊਟੀ ਪ੍ਰਤੀ ਕੁਤਾਹੀ ਕਰਦਾ ਹੈ ਜਾਂ ਅਨੁਸ਼ਾਸਨ ਭੰਗ ਕਰਦਾ ਹੈ ਤਾਂ ਉਸ ਵਿਰੁੱਧ ਸਖ਼ਤ ਵਿਭਾਗੀ ਕਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਡਾ. ਰੂਪ ਸਿੰਘ ਨੇ ਹਰ ਵਿਭਾਗ ਨੂੰ ਕੇਸਾਂ ਦਾ ਨਿਪਟਾਰਾ ਸਮੇਂ ਸਿਰ ਕਰਨ ਲਈ ਵੀ ਕਿਹਾ।

ਇਕੱਤਰਤਾ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਤਿੰਦਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਸੁਲੱਖਣ ਸਿੰਘ ਭੰਗਾਲੀ, ਸ. ਨਿਸ਼ਾਨ ਸਿੰਘ, ਸ. ਗੁਰਮੀਤ ਸਿੰਘ ਬੁੱਟਰ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਇੰਚਾਰਜ ਮੌਜੂਦ ਸਨ। ੧੯ ਦਸੰਬਰ

## ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਸੈਣ ਜੀ ਦਾ ਜਨਮ ਦਿਹਾੜਾ ਮਨਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਗਤ ਸੈਣ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਦੀਪ ਸਿੰਘ ਦੇ ਰਾਗੀ ਜੱਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਸਰਵਣ ਕਰਵਾਇਆ। ਅਰਦਾਸ ਭਾਈ ਪ੍ਰੇਮ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ। ਇਸ ਸਮੇਂ ਹਾਜ਼ਰ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦਿਆਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਕਿਹਾ ਕਿ ਭਗਤ ਸੈਣ ਜੀ ਦੀ ਬਾਣੀ ਮਾਨਵਤਾ ਲਈ ਰਾਹ ਦਸੇਰਾ ਹੈ ਜਿਸ 'ਤੇ ਚੱਲ ਕੇ ਅਸੀਂ ਆਪਣਾ ਜੀਵਨ ਸਵਾਰ ਸਕਦੇ ਹਾਂ। ਉਨ੍ਹਾਂ ਨੇ ਅਜੋਕੀ ਨੌਜੁਆਨੀ ਨੂੰ ਗੁਰਬਾਣੀ ਦੇ ਲੜ ਲੱਗਣ ਦੀ ਵੀ ਅਪੀਲ ਕੀਤੀ। ਇਸ ਮੌਕੇ ਭਗਤ ਸੈਣ ਜੀ ਸਭਾ ਦੇ ਮੈਂਬਰਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਮੁੱਖ ਸਕੱਤਰ ਡਾ. ਰੂਪ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਇੰਜ: ਸੁਖਮਿੰਦਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਦਰਸ਼ਨ ਸਿੰਘ ਪੀ.ਏ., ਐਡੀਸ਼ਨਲ ਮੈਨੇਜਰ ਸ. ਬਘੇਲ ਸਿੰਘ, ਇੰਚਾਰਜ ਸ. ਮਨਜੀਤ ਸਿੰਘ ਤਲਵੰਡੀ, ਸ. ਗੁਰਨਾਮ ਸਿੰਘ, ਸ. ਗੁਰਿੰਦਰ ਸਿੰਘ ਠਰੂ, ਭਾਈ ਅਮਰੀਕ ਸਿੰਘ ਠੱਠੀ ਸੋਹਲ, ਸ. ਜਸਵੰਤ ਸਿੰਘ ਜੋੜਾ ਫਾਟਕ, ਸ.

ਬਲਦੇਵ ਸਿੰਘ, ਸ. ਅਮਰ ਸਿੰਘ, ਸ. ਮਨਮੋਹਨ ਸਿੰਘ ਬਾਸਰਕੇ, ਸ. ਦਿਲਬਾਗ ਸਿੰਘ ਠੱਠੀ ਸੋਹਲ ਅਤੇ ਸੰਗਤਾਂ ਹਾਜ਼ਰ ਸਨ। ੧੨ ਦਸੰਬਰ

## ਪ੍ਰੋ. ਕਿਰਪਾਲ ਸਿੰਘ ਬਡੂੰਗਰ ਵੱਲੋਂ ਗੁਰਮਤਿ ਪ੍ਰਕਾਸ਼ ਦੇ ਸੰਪਾਦਕ ਸ. ਸਤਵਿੰਦਰ ਸਿੰਘ ਫੂਲਪੁਰ ਸਨਮਾਨਿਤ

ਅੰਮ੍ਰਿਤਸਰ- ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ 'ਗੁਰਮਤਿ ਪ੍ਰਕਾਸ਼' ਦੇ ਸੰਪਾਦਕ ਸ. ਸਤਵਿੰਦਰ ਸਿੰਘ ਫੂਲਪੁਰ ਦੀ ਕਾਰਗੁਜ਼ਾਰੀ ਦੀ ਪ੍ਰਸ਼ੰਸਾ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਉਨ੍ਹਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਪ੍ਰੋ. ਬਡੂੰਗਰ ਨੇ ਆਖਿਆ ਕਿ ਸਿੱਖ ਸੰਗਤਾਂ ਅੰਦਰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸਿੱਖ ਇਤਿਹਾਸ ਦਾ ਪ੍ਰਚਾਰ ਕਰਨ ਲਈ ਗੁਰਮਤਿ ਪ੍ਰਕਾਸ਼ ਦਾ ਨਿਵੇਕਲਾ ਸਥਾਨ ਹੈ ਅਤੇ ਸ. ਸਤਵਿੰਦਰ ਸਿੰਘ ਫੂਲਪੁਰ ਨੇ ਸਖ਼ਤ ਮਿਹਨਤ ਨਾਲ ਪਰਚੇ ਵਿਚ ਨਿਖਾਰ ਲਿਆਂਦਾ ਹੈ। ਇਸ ਮੌਕੇ ਸਾਬਕਾ ਪ੍ਰਧਾਨ ਨੇ ਕਿਹਾ ਕਿ ਇਹ ਪਰਚਾ ਕੇਵਲ ਡਾਕ ਖਰਚੇ ਵਿਚ ਪਾਠਕਾਂ ਤੱਕ ਪੁੱਜਦਾ ਅਤੇ ਸਮੁੱਚੇ ਸਿੱਖ ਜਗਤ ਨੂੰ ਗੁਰਮਤਿ ਪ੍ਰਕਾਸ਼ ਆਪਣਾ ਘਰ ਦਾ ਸ਼ਿੰਗਾਰ ਬਣਾਉਣ ਲਈ ਇਸ ਦੇ ਮੈਂਬਰ ਬਣਨਾ ਚਾਹੀਦਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ ਆਦਿ ਹਾਜ਼ਰ ਸਨ। ੧੯ ਦਸੰਬਰ

## ਬਿਹਾਰ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਨਾ ਹੋਣ ਕਾਰਨ ਬੇਅਦਬੀ ਦਾ ਸ਼੍ਰੋਮਣੀ ਕਮੇਟੀ ਵੱਲੋਂ ਨੋਟਿਸ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ੍ਰੀ ਪਟਨਾ ਸਾਹਿਬ ਨੇੜਲੇ ਪਿੰਡ ਮੰਗੇਰ ਜਵਾਲਪੁਰ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੇਵਾ ਸੰਭਾਲ ਠੀਕ ਢੰਗ ਨਾਲ ਨਾ ਕਰਨ ਕਰਕੇ ਹੋ ਰਹੀ ਬੇਅਦਬੀ ਦਾ ਸਖ਼ਤ ਨੋਟਿਸ ਲਿਆ ਹੈ। ਸੋਸ਼ਲ ਮੀਡੀਆ 'ਤੇ ਇਸ ਸਬੰਧੀ ਵਾਇਰਲ ਹੋਈ ਵੀਡੀਓ ਮਗਰੋਂ ਭਾਈ ਲੌਂਗੋਵਾਲ ਨੇ ਘਟਨਾ ਸਥਾਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕਾਂ ਨੂੰ ਭੇਜਿਆ ਹੈ। ਭਾਈ ਲੌਂਗੋਵਾਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸੇਵਾ ਸੰਭਾਲ ਮਰਯਾਦਾ ਅਨੁਸਾਰ ਜ਼ਰੂਰੀ ਹੈ ਅਤੇ ਅਣਗਹਿਲੀ ਕਰਨ ਵਾਲੇ ਲੋਕਾਂ ਨੂੰ ਬਖ਼ਸ਼ਿਆ ਨਹੀਂ ਜਾ ਸਕਦਾ। ਉਨ੍ਹਾਂ ਆਖਿਆ ਕਿ ਸੋਸ਼ਲ ਮੀਡੀਆ ਰਾਹੀਂ ਬਿਹਾਰ 'ਚ ਪੈਂਦੇ ਪਿੰਡ ਜਵਾਲਪੁਰ ਮੰਗੇਰ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦਾ ਮਾਮਲਾ ਸਾਹਮਣੇ ਆਇਆ ਹੈ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਸ੍ਰੀ ਪਟਨਾ ਸਾਹਿਬ ਲਈ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਦੀ ਟੀਮ ਰਵਾਨਾ ਕੀਤੀ ਗਈ ਹੈ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਜਿਥੇ ਸੇਵਾ ਸੰਭਾਲ 'ਚ ਅਣਗਹਿਲੀ ਵਰਤਣ ਦੇ ਮਾਮਲੇ ਦੀ ਪੜਤਾਲ ਕਰਨਗੇ, ਉਥੇ ਹੀ ਪ੍ਰਭਾਵਿਤ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਲਿਆਂਦਾ ਜਾਵੇਗਾ। ਭਾਈ ਲੌਂਗੋਵਾਲ ਨੇ ਕਿਹਾ ਕਿ ਜਿਥੇ-ਜਿਥੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਗਤਾਂ ਵੱਲੋਂ ਪਾਵਨ ਸਰੂਪ ਰੱਖੇ ਗਏ ਹਨ, ਉਸ ਦੀ ਸੇਵਾ ਸੰਭਾਲ ਮਰਯਾਦਾ ਅਨੁਸਾਰ ਹੋਣੀ ਚਾਹੀਦੀ ਹੈ। ਇਸ ਵਿਚ ਕਿਸੇ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਭਾਈ ਲੌਂਗੋਵਾਲ ਨੇ ਕਿਹਾ ਕਿ ਜੋ ਲੋਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਸੰਭਾਲ ਨਹੀਂ ਕਰ ਸਕਦੇ, ਉਨ੍ਹਾਂ ਨੂੰ ਪਾਵਨ ਸਰੂਪ ਰੱਖਣ ਦਾ ਕੋਈ ਅਧਿਕਾਰ ਨਹੀਂ ਹੈ। ੧੯ ਦਸੰਬਰ

# ਕੇਂਦਰੀ ਸਿੱਖ ਅਜਾਇਬ ਘਰ 'ਚ ਤਸਵੀਰਾਂ ਲਗਾਉਣ ਲਈ ਪੁੱਜੀਆਂ ਮੰਗਾਂ ਸਬੰਧੀ ਹੋਈ ਸਬ-ਕਮੇਟੀ ਦੀ ਇਕੱਤਰਤਾ

ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੇਂਦਰੀ ਸਿੱਖ ਅਜਾਇਬ ਘਰ 'ਚ ਵੱਖ-ਵੱਖ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਲਗਾਉਣ ਲਈ ਪੁੱਜੀਆਂ ਮੰਗਾਂ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਸਬ-ਕਮੇਟੀ ਦੀ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਦੀ ਅਗਵਾਈ ਵਿਚ ਹੋਈ ਇਸ ਇਕੱਤਰਤਾ 'ਚ ਸਿੰਘ ਸਾਹਿਬ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ ਸ਼ਾਮਲ ਸਨ। ਇਸ ਸਬੰਧੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਕਿਹਾ ਕਿ ਕੇਂਦਰੀ ਸਿੱਖ ਅਜਾਇਬ ਘਰ ਵਿਚ ਸਿੱਖ ਪੰਥ ਦੀਆਂ ਮਹਾਨ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਲਗਾਉਣ ਲਈ ਵੱਖ-ਵੱਖ ਸਮੇਂ ਸ਼੍ਰੋਮਣੀ ਕਮੇਟੀ ਪਾਸ ਮੰਗਾਂ ਪੁੱਜਦੀਆਂ ਰਹਿੰਦੀਆਂ ਹਨ। ਬੀਤੇ ਸਮੇਂ ਦੌਰਾਨ ਆਈਆਂ ਮੰਗਾਂ ਸਬੰਧੀ ਵਿਚਾਰ ਕੀਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ ਨੇ ਦੱਸਿਆ ਕਿ ੨੦ ਦੇ ਕਰੀਬ ਪੁੱਜੀਆਂ ਮੰਗਾਂ ਨੂੰ ਵਿਚਾਰਿਆ ਗਿਆ ਹੈ। ਇਸ ਸਬੰਧ ਵਿਚ ਅੰਤਮ ਨਿਰਣਾ ਅੰਤ੍ਰਿੰਗ ਕਮੇਟੀ ਵੱਲੋਂ ਲਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਪਾਸ ਭੇਜੀਆਂ ਜਾਣਗੀਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ ਤੇ ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਵੀ ਮੌਜੂਦ ਸਨ। ੨੦ ਦਸੰਬਰ

# ਬਾਬਾ ਅਟੱਲ ਰਾਇ ਜੀ ਦੇ 400 ਸਾਲਾ ਜਨਮ ਦਿਹਾੜੇ ਸਬੰਧੀ ਗੁਰਮਤਿ ਸਮਾਗਮ ਕਰਵਾਏ

ਅੰਮ੍ਰਿਤਸਰ- ਬਾਬਾ ਅਟੱਲ ਰਾਇ ਜੀ ਦੇ ੪੦੦ ਸਾਲਾ ਜਨਮ ਦਿਹਾੜੇ ਸਬੰਧੀ ਸ੍ਰੀ ਦਰਬਾਰ ਸਾਹਿਬ ਨਜ਼ਦੀਕ ਗੁਰਦੁਆਰਾ ਬਾਬਾ ਅਟੱਲ ਰਾਇ ਜੀ ਵਿਖੇ ਹੋਏ ਗੁਰਮਤਿ ਸਮਾਗਮ ਸਮੇਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਸਮੇਤ ਹੋਰ ਕੀਰਤਨੀ ਜਥਿਆਂ ਨੇ ਸੰਗਤ ਨੂੰ ਗੁਰਮਤਿ ਵਿਚਾਰਾਂ ਅਤੇ ਗੁਰਬਾਣੀ ਕੀਰਤਨ ਦੀ ਸਾਂਝ ਪਾਈ। ਇਸੇ ਤਹਿਤ ਅੱਜ ਸ੍ਰੀ ਅੰਮ੍ਰਿਤਸਰ ਸ਼ਹਿਰ ਦੀਆਂ ਬੀਬੀਆਂ ਦੀਆਂ ਸਭਾ-ਸੁਸਾਇਟੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦਾ ਸਮੂਹਕ ਰੂਪ ਵਿਚ ਪਾਠ ਕੀਤਾ ਗਿਆ। ਇਸ ਉਪਰੰਤ ਸਜਾਏ ਗਏ ਗੁਰਮਤਿ ਸਮਾਗਮ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਹਰਪ੍ਰੀਤ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਬਾਬਾ ਅਟੱਲ ਰਾਇ ਜੀ ਦੇ ਜੀਵਨ ਇਤਿਹਾਸ ਅਤੇ ਗੁਰਬਾਣੀ ਦੇ ਸਿਧਾਂਤਾਂ ਨਾਲ ਸੰਗਤ ਨੂੰ ਜੋੜਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਵੀ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਸਮਾਗਮ ਸਮੇਂ ਵੱਖ-ਵੱਖ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ

ਸਨਮਾਨਿਤ ਕੀਤਾ ਗਿਆ। ਇਸੇ ਦੌਰਾਨ ਭਾਈ ਕੁਲਦੀਪ ਸਿੰਘ, ਭਾਈ ਅਮਰੀਕ ਸਿੰਘ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਰਾਜਿੰਦਰਪਾਲ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਗੁਰਸ਼ਰਨ ਸਿੰਘ ਤੇ ਗੁਰਵਿੰਦਰ ਸਿੰਘ ਦੇ ਰਾਗੀ ਜਥਿਆਂ ਨੇ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਇਸ ਮੌਕੇ ਡਾ. ਧਰਮਜੀਤ ਸਿੰਘ ਕਾਰਸੇਵਾ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ, ਸ. ਗੁਰਦੀਪ ਸਿੰਘ ਸਲੂਜਾ, ਸ. ਹਰਿੰਦਰ ਸਿੰਘ, ਸ. ਅਮਰਜੀਤ ਸਿੰਘ, ਸ. ਟਹਿਲਇੰਦਰ ਸਿੰਘ, ਸ. ਇੰਦਰਪਾਲ ਸਿੰਘ, ਸ. ਸਤਨਾਮ ਸਿੰਘ, ਸ. ਗੁਰਮੀਤ ਸਿੰਘ ਠੇਕੇਦਾਰ ਆਦਿ ਮੌਜੂਦ ਸਨ। ੨੦ ਦਸੰਬਰ

## ਜਥੇਦਾਰ ਅਵਤਾਰ ਸਿੰਘ ਮੱਕੜ ਦੇ ਚਲਾਣੇ 'ਤੇ ਭਾਈ ਲੌਂਗੋਵਾਲ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਮੱਕੜ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਮੱਕੜ ਵਲੋਂ ਸਿੱਖ ਪੰਥ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਵਜੋਂ ਗਿਆਰਾਂ ਸਾਲ ਨਿਭਾਈਆਂ ਸੇਵਾਵਾਂ ਸਦਾ ਯਾਦ ਰੱਖੀਆਂ ਜਾਣਗੀਆਂ। ਭਾਈ ਲੌਂਗੋਵਾਲ ਨੇ ਜਥੇਦਾਰ ਮੱਕੜ ਨੂੰ ਇੱਕ ਦਰਵੇਸ਼ ਆਗੂ ਦੱਸਦਿਆਂ ਉਨ੍ਹਾਂ ਵੱਲੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਵਿਚ ਪਾਏ ਯੋਗਦਾਨ ਨੂੰ ਵੀ ਯਾਦ ਕੀਤਾ। ਉਨ੍ਹਾਂ ਜਥੇਦਾਰ ਮੱਕੜ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਮੁੱਖ ਸਕੱਤਰ ਡਾ. ਰੂਪ ਸਿੰਘ ਤੇ ਸਕੱਤਰ ਸ. ਮਨਜੀਤ ਸਿੰਘ ਨੇ ਵੀ ਜਥੇਦਾਰ ਮੱਕੜ ਦੇ ਦਿਹਾਂਤ 'ਤੇ ਅਫਸੋਸ ਪ੍ਰਗਟ ਕੀਤਾ ਹੈ। ਇਸੇ ਦੌਰਾਨ ਡਾ. ਰੂਪ ਸਿੰਘ ਨੇ ਦੱਸਿਆ ਕਿ ਜਥੇਦਾਰ ਮੱਕੜ ਦੇ ਅਕਾਲ ਚਲਾਣੇ ਦੇ ਸ਼ੋਕ ਵਿਚ ਭਲਕੇ ੨੧ ਦਸੰਬਰ ਨੂੰ ੧੧ ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼੍ਰੋਮਣੀ ਕਮੇਟੀ ਮੁਲਾਜਮਾਂ ਵੱਲੋਂ ਸ਼ੋਕ ਸਭਾ ਕੀਤੀ ਜਾਵੇਗੀ। ੨੦ ਦਸੰਬਰ

## ਜਥੇਦਾਰ ਅਵਤਾਰ ਸਿੰਘ ਦੇ ਚਲਾਣੇ ਸਬੰਧੀ ਸ਼ੋਕ ਸਭਾ ਮਗਰੋਂ ਸ਼੍ਰੋਮਣੀ ਕਮੇਟੀ ਦਫ਼ਤਰ ਰਹੇ ਬੰਦ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਅਕਾਲ ਚਲਾਣੇ ਦੇ ਸਬੰਧ ਵਿਚ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਤੇ ਸਾਬਕਾ ਮੁਲਾਜ਼ਮਾਂ ਵੱਲੋਂ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸ਼ੋਕ ਇਕੱਤਰਤਾ ਦੌਰਾਨ ਉਨ੍ਹਾਂ ਦੀਆਂ ਸੇਵਾਵਾਂ ਨੂੰ ਯਾਦ ਕੀਤਾ ਗਿਆ। ਇਸ ਮਗਰੋਂ ਸੋਗ ਵਜੋਂ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਸਮੇਤ ਸਮੂਹ ਅਦਾਰੇ ਬੰਦ ਕਰ ਦਿੱਤੇ ਗਏ। ਸ਼ੋਕ ਇਕੱਤਰਤਾ ਮੌਕੇ ਮੂਲ ਮੰਤਰ ਅਤੇ ਗੁਰ ਮੰਤਰ ਦੇ ਜਾਪ ਕਰਕੇ ਵਿਛੜੀ ਰੂਹ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਗਿਆ। ਇਕੱਤਰਤਾ ਦੌਰਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ ਨੇ ਅਰਦਾਸ ਕੀਤੀ, ਜਦ ਕਿ ਵੱਖ-ਵੱਖ ਬੁਲਾਰਿਆਂ ਨੇ ਭਾਵੁਕਤਾ ਨਾਲ ਜਥੇਦਾਰ ਅਵਤਾਰ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸ਼੍ਰੋਮਣੀ ਕਮੇਟੀ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਧਰਮ ਪ੍ਰਚਾਰ ਦੇ ਨਾਲ-ਨਾਲ ਸਿੱਖਿਆ ਦੇ ਵਿਕਾਸ ਲਈ ਵੀ ਅਹਿਮ ਯੋਗਦਾਨ ਪਾਇਆ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਹੁੰਦਿਆਂ ਦੋ ਯੂਨੀਵਰਸਿਟੀਆਂ ਦੀ ਸਥਾਪਨਾ ਦੇ ਨਾਲ-ਨਾਲ ਕਈ ਨਵੇਂ ਵਿੱਦਿਅਕ ਅਦਾਰੇ ਬਣਾਏ। ਉਹ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ ਆਪਣਾ ਪਰਿਵਾਰ ਸਮਝਦੇ ਸਨ।

ਉਨ੍ਹਾਂ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਕੰਮਕਾਜ ਨੂੰ ਪੁਰਾਤਨ ਰਵਾਇਤਾਂ ਦੀ ਰੌਸ਼ਨੀ ਵਿਚ ਸਮੇਂ ਦੇ ਹਾਣੀ ਬਣਾਇਆ। ਇਕੱਤਰਤਾ ਨੂੰ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸਕੱਤਰ ਸ. ਮਨਜੀਤ ਸਿੰਘ ਬਾਠ, ਸਾਬਕਾ ਸਕੱਤਰ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਦਿਲਜੀਤ ਸਿੰਘ ਬੇਦੀ, ਸ. ਸਤਬੀਰ ਸਿੰਘ ਧਾਮੀ ਤੇ ਸ. ਬਲਵਿੰਦਰ ਸਿੰਘ ਜੋੜਾਸਿੰਘਾਂ ਨੇ ਵੀ ਸੰਬੋਧਨ ਕੀਤਾ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਸਕੱਤਰ ਸ. ਅਵਤਾਰ ਸਿੰਘ ਸੈਂਪਲਾ ਅਤੇ ਸ. ਮਹਿੰਦਰ ਸਿੰਘ ਆਹਲੀ ਨੇ ਵੀ ਜਥੇਦਾਰ ਮੱਕੜ ਦੇ ਚਲਾਣੇ ਤੇ ਦੁੱਖ ਪ੍ਰਗਟ ਕੀਤਾ।

ਸ਼ੋਕ ਸਭਾ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਸਤਿੰਦਰ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਬਲਵਿੰਦਰ ਸਿੰਘ ਕਾਹਲਵਾ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਨਿਸ਼ਾਨ ਸਿੰਘ, ਸ. ਤਜਿੰਦਰ ਸਿੰਘ ਪੱਡਾ, ਸ. ਗੁਰਮੀਤ ਸਿੰਘ ਬੁੱਟਰ, ਸਾਬਕਾ ਮੀਤ ਸਕੱਤਰ ਸ. ਹਰਿੰਦਰਪਾਲ ਸਿੰਘ, ਸ. ਬਲਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਜਤਿੰਦਰ ਸਿੰਘ ਸਾਬਕਾ ਮੈਨੇਜਰ ਸਮੇਤ ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦੇ ਮੁਲਾਜ਼ਮ ਮੌਜੂਦ ਸਨ।

੨੧ ਦਸੰਬਰ

# ਦਸਵੇਂ ਪਾਤਸ਼ਾਹ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਬਾਣੀ ਜਾਪ ਸਮਾਗਮ

ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਕੂਲਾਂ/ਕਾਲਜਾਂ ਦੇ ਬੱਚਿਆਂ ਦਾ ਗੁਰਬਾਣੀ ਜਾਪ ਸਮਾਗਮ ਕਰਵਾਇਆ ਗਿਆ। ਦੱਸਣਯੋਗ ਹੈ ਕਿ ਇਸ ਦਿਹਾੜੇ ਸਬੰਧੀ ਹਰ ਸਾਲ ੨੨ ਦਸੰਬਰ ਨੂੰ ਵੱਖ-ਵੱਖ ਥਾਵਾਂ 'ਤੇ ਬੱਚਿਆਂ ਦੇ ਸਮਾਗਮ ਕਰਵਾਏ ਜਾਂਦੇ ਹਨ। ਇਸ ਦੀ ਸ਼ੁਰੂਆਤ ਸੰਨ ੨੦੧੯ ਵਿਚ ਕੀਤੀ ਗਈ ਸੀ। ਗੁਰਦੁਆਰਾ ਮੰਜੀ ਸਾਹਿਬ ਵਿਖੇ ਹੋਏ ਸਮਾਗਮ ਮੌਕੇ ਕਰੀਬ ਪੰਜ ਹਜ਼ਾਰ ਬੱਚਿਆਂ ਨੇ ਹਾਜ਼ਰੀ ਭਰੀ ਅਤੇ ਸੰਗਤੀ ਰੂਪ ਵਿਚ ਜਪੁਜੀ ਸਾਹਿਬ ਦਾ ਪਾਠ ਕੀਤਾ। ਸਮਾਗਮ ਸਮੇਂ ਭਾਈ ਸੁਲਤਾਨ ਸਿੰਘ ਨੇ ਅਰਦਾਸ ਕੀਤੀ ਅਤੇ ਹੁਕਮਨਾਮਾ ਭਾਈ ਹਰਮਿੱਤਰ ਸਿੰਘ ਨੇ ਲਿਆ। ਇਸ ਦੌਰਾਨ ਬੱਚਿਆਂ ਦੇ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਵੀ ਕੀਤਾ ਗਿਆ। ਸਮਾਗਮ ਦੀ ਆਰੰਭਤਾ ਸਮੇਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਐਡੀਸ਼ਨਲ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕੀਤਾ ਅਤੇ ਬੱਚਿਆਂ ਨੂੰ ਮੂਲਮੰਤਰ ਅਤੇ ਗੁਰਮੰਤਰ ਦਾ ਸਿਮਰਨ ਕਰਵਾਇਆ।

ਇਸ ਦੌਰਾਨ ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਨੂੰ ਸਤਿਕਾਰ ਭੇਟ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਸਮੇਤ ਗੁਰੂ ਦੇ ਪਿਆਰੇ ਸਿੱਖਾਂ ਤੇ ਮਾਤਾ ਗੁਜਰੀ ਜੀ ਦੀਆਂ ਸ਼ਹਾਦਤਾਂ ਹੱਕ, ਸੱਚ ਅਤੇ ਧਰਮ ਦੀ ਰੱਖਵਾਲੀ ਲਈ ਉੱਘੜਵੀਂ ਮਿਸਾਲ ਹਨ। ਉਨ੍ਹਾਂ ਇਸ ਸ਼ਾਨਾਮੱਤੇ ਇਤਿਹਾਸ ਤੋਂ ਸੇਧ ਲੈ ਕੇ ਜੀਵਨ ਜਿਊਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਬੱਚਿਆਂ ਨੂੰ ਪ੍ਰੇਰਣਾ ਕਰਦਿਆਂ ਕਿਹਾ ਕਿ ਉਹ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਹੁੰਦਿਆਂ ਘੱਟ-ਘੱਟ ਜਪੁਜੀ ਸਾਹਿਬ ਦਾ ਪਾਠ ਜ਼ੁਬਾਨੀ ਯਾਦ ਕਰਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਨਜੀਤ ਸਿੰਘ ਬਾਠ, ਵਧੀਕ

ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਪ੍ਰਤਾਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸੁਲੱਖਣ ਸਿੰਘ ਭੰਗਾਲੀ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਹਰਜੀਤ ਸਿੰਘ ਲਾਲੂਘੁੰਮਣ, ਸ. ਗੁਰਮੀਤ ਸਿੰਘ ਬੁੱਟਰ, ਸ. ਸਤਨਾਮ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸਹਾਇਕ ਸੁਪ੍ਰਿੰਟੈਂਡੈਂਟ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਬਘੇਲ ਸਿੰਘ, ਸ. ਰਾਜਿੰਦਰ ਸਿੰਘ ਰੂਬੀ, ਸ. ਨਿਸ਼ਾਨ ਸਿੰਘ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸ੍ਰੀ ਦਰਬਾਰ ਸਾਹਿਬ ਦੇ ਸਟਾਫ ਸਮੇਤ ਵੱਖ-ਵੱਖ ਸਕੂਲਾਂ ਦਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ। ੨੨ ਦਸੰਬਰ

# ਉੜੀਸਾ ਦੇ ਗੁਰ-ਅਸਥਾਨਾਂ ਬਾਰੇ ਬੈਂਸ ਭਰਾਵਾਂ ਦਾ ਬਿਆਨ ਸ਼੍ਰੋਮਣੀ ਕਮੇਟੀ ਵੱਲੋਂ ਗੁੰਮਰਾਹਕੁੰਨ ਕਰਾਰ

## ਕੌਮ ਅੰਦਰ ਦੁਬਿਧਾ ਪੈਦਾ ਕਰਨ ਤੋਂ ਗੁਰੇਜ਼ ਕਰਨ ਬੈਂਸ ਭਰਾ- ਭਾਈ ਮਹਿਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੜੀਸਾ ਦੇ ਜਗਨਨਾਥ ਪੁਰੀ 'ਚ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਮੰਗੂ ਮੱਠ ਬਾਰੇ ਸ. ਸਿਮਰਜੀਤ ਸਿੰਘ ਬੈਂਸ ਤੇ ਸ. ਬਲਵਿੰਦਰ ਸਿੰਘ ਬੈਂਸ ਦੇ ਬਿਆਨ ਨੂੰ ਗੁੰਮਰਾਹਕੁੰਨ ਤੇ ਸ਼ੋਸ਼ੇਬਾਜ਼ੀ ਕਰਾਰ ਦਿੱਤਾ ਗਿਆ ਹੈ। ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ ਨੇ ਇਸ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਜਗਨਨਾਥ ਪੁਰੀ ਸਥਿਤ ਪਹਿਲੇ ਪਾਤਸ਼ਾਹ ਨਾਲ ਸਬੰਧਤ ਅਸਥਾਨਾਂ ਸਬੰਧੀ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਵਫ਼ਦ ਵੱਲੋਂ ਸਥਾਨਕ ਪ੍ਰਸਾਸ਼ਨ ਨਾਲ ੧੬ ਦਸੰਬਰ ਨੂੰ ਮੀਟਿੰਗ ਕੀਤੀ ਜਾ ਚੁੱਕੀ ਹੈ, ਜਿਸ ਦੌਰਾਨ ਜਿਲ੍ਹਾ ਕੁਲੈਕਟਰ ਨੇ ਮੰਗੂ ਮੱਠ ਨੂੰ ਸੁਰੱਖਿਅਤ ਰੱਖਣ ਅਤੇ ਇਸ ਦੇ ਆਲੇ-ਦੁਆਲੇ ਲੋੜ ਅਨੁਸਾਰ ਇਮਾਰਤਾਂ ਬਣਾਉਣ ਦਾ ਭਰੋਸਾ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਵਫ਼ਦ ਨੇ ਆਪਣੀ ਰਿਪੋਰਟ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ੧੯ ਦਸੰਬਰ ਦੀ ਇਕੱਤਰਤਾ ਦੌਰਾਨ ਸੌਂਪ ਦਿੱਤੀ ਸੀ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਬਾਉਲੀ ਮੱਠ ਸਾਹਿਬ ਦੇ ਵਿਕਾਸ ਅਤੇ ਸੇਵਾਵਾਂ ਸਬੰਧੀ ਵੀ ਕਰੀਬ ਦੋ ਮਹੀਨੇ ਪਹਿਲਾਂ ਸ਼੍ਰੋਮਣੀ ਕਮੇਟੀ ਵੱਲੋਂ ਉੜੀਸਾ ਸਰਕਾਰ ਨਾਲ ਸਮਝੌਤਾ ਸਹੀਬੱਧ ਕੀਤਾ ਜਾ ਚੁੱਕਾ ਹੈ। ਇਸ ਸਮਝੌਤੇ 'ਤੇ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਤੋਂ ਇਲਾਵਾ ਉੜੀਸਾ ਸਿੱਖ ਪ੍ਰਤੀਨਿਧ ਬੋਰਡ ਦੇ ਨੁਮਾਇੰਦਿਆਂ ਵੱਲੋਂ ਹਸਤਾਖਰ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸਮਝੌਤੇ ਤਹਿਤ ਬਾਉਲੀ ਮੱਠ ਸਾਹਿਬ ਵਿਖੇ ਸੰਗਤੀ ਸਹੂਲਤਾਂ ਤੇ ਲੋੜੀਂਦੀਆਂ ਉਸਾਰੀਆਂ ਸਿੱਖਾਂ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਕਮੇਟੀ ਦੀ ਰਾਏ ਅਨੁਸਾਰ ਤਿਆਰ ਕਰਵਾਉਣ ਦਾ ਫੈਸਲਾ ਹੋਇਆ ਹੈ। ਉਨ੍ਹਾਂ ਆਖਿਆ ਕਿ ਬੈਂਸ ਭਰਾਵਾਂ ਵੱਲੋਂ ਗੁਰਦੁਆਰਾ ਸ੍ਰੀ ਬਾਉਲੀ ਮੱਠ ਸਾਹਿਬ ਸਬੰਧੀ ਜਾਣਬੁਝ ਕੇ ਗਲਤ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਜਦਕਿ ਇਸ ਅਸਥਾਨ ਬਾਰੇ ਸਥਿਤੀ ਪਹਿਲਾਂ ਹੀ ਬਿਲਕੁਲ ਸਪੱਸ਼ਟ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਬੈਂਸ ਭਰਾਵਾਂ ਨੂੰ ੧੯ ਦਸੰਬਰ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਥੇਦਾਰ ਸਾਹਿਬ ਵੱਲੋਂ ਕੀਤੀ ਗਈ ਇਕੱਤਰਤਾ ਦੌਰਾਨ ਇਸ ਗੱਲ ਦੀ ਜਾਣਕਾਰੀ ਮਿਲ ਗਈ ਸੀ ਅਤੇ ਉਨ੍ਹਾਂ ਨੇ ਇਸ ਮਾਮਲੇ ਨੂੰ ਸਿਆਸੀ ਹਿੱਤਾਂ ਲਈ ਵਰਤਣ ਦੀ ਚਲਾਕੀ ਕੀਤੀ ਹੈ। ਉਨ੍ਹਾਂ ਬੈਂਸ ਭਰਾਵਾਂ ਦੀ ਕਾਰਵਾਈ ਨੂੰ ਕੇਵਲ ਸੁਰਖੀਆਂ ਬਟੋਰਨ ਅਤੇ ਕੌਮ ਨੂੰ ਗੁੰਮਰਾਹ ਕਰਨ ਵਾਲੀ ਕਰਾਰ ਦਿੰਦਿਆਂ ਆਖਿਆ ਕਿ ਅਜਿਹਾ ਕਰਨ ਨਾਲ ਕੌਮ ਅੰਦਰ ਦੁਬਿਧਾ ਪੈਦਾ ਹੋਈ ਹੈ।

ਉਨ੍ਹਾਂ ਕਿਹਾ ਕਿ ਕੌਮੀ ਮਸਲਿਆਂ 'ਤੇ ਰਾਜਨੀਤੀ ਨਹੀਂ ਕਰਨੀ ਚਾਹੀਦੀ। ਇਹ ਮਾਮਲੇ ਬੇਹੱਦ

ਸੰਜੀਦਾ ਅਤੇ ਸੰਗਤ ਦੀਆਂ ਭਾਵਨਾਵਾਂ ਨਾਲ ਜੁੜੇ ਹੋਏ ਹਨ। ਜਦੋਂ ਕੋਈ ਇਸ ਨੂੰ ਸਿਆਸੀ ਫਾਇਦਿਆਂ ਲਈ ਵਰਤਣ ਦਾ ਯਤਨ ਕਰਦਾ ਹੈ ਤਾਂ ਉਲਝਣ ਹੋਰ ਵਧਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸ਼੍ਰੋਮਣੀ ਕਮੇਟੀ ਦੇ ਵਫਦ ਨੂੰ ਪਹਿਲਾ ਹੀ ਸਪੱਸ਼ਟ ਕੀਤਾ ਹੋਇਆ ਹੈ ਕਿ ਗੁਰੂ ਸਾਹਿਬ ਨਾਲ ਸਬੰਧਤ ਕਿਸੇ ਵੀ ਵਿਰਾਸਤ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ ਜਾ ਰਿਹਾ। ਇਥੋਂ ਤੱਕ ਮੰਗੂ ਮੱਠ ਨਜ਼ਦੀਕ ਸੁੰਦਰੀਕਰਨ ਦੌਰਾਨ ਸਾਹਮਣੇ ਆਏ ਇੱਕ ਪੁਰਾਤਨ ਖੂਹ ਨੂੰ ਵੀ ਸਰਕਾਰ ਵੱਲੋਂ ਸੰਭਾਲਿਆ ਜਾ ਰਿਹਾ ਹੈ। ਇਸ ਮੌਕੇ ਭਾਈ ਮਹਿਤਾ ਨਾਲ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸਕੱਤਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ ਵੀ ਮੌਜੂਦ ਸਨ। ੨੪ ਦਸੰਬਰ

# ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ

ਅੰਮ੍ਰਿਤਸਰ- ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਅਤੇ ਮਾਤਾ ਗੁਜਰ ਕੌਰ ਜੀ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਮਿੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਦੀਪ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ। ਇਸ ਦੇ ਨਾਲ ਹੀ ਸਵੇਰੇ ੧੦:੪੫ ਤੋਂ ੧੧:੦੦ ਵਜੇ ਤੀਕ (੧੫ ਮਿੰਟ) ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਸਮੁੱਚੇ ਸਟਾਫ ਤੇ ਸੰਗਤਾਂ ਨੇ ਗੁਰ ਮੰਤਰ ਦਾ ਜਾਪ ਕਰਕੇ ਲਾਸਾਨੀ ਸ਼ਹਾਦਤਾਂ ਨੂੰ ਸ਼ਰਧਾ-ਸਤਿਕਾਰ ਭੇਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਅਤੇ ਸੰਸਾਰ ਦੀ ਮਹਾਨ ਮਾਤਾ ਗੁਜਰ ਕੌਰ ਜੀ ਦੀਆਂ ਲਾਸਾਨੀ ਸ਼ਹਾਦਤਾਂ ਦਾ ਜ਼ਿਕਰ ਕਰਦਿਆਂ ਸਮੁੱਚੀ ਕੌਮ ਨੂੰ ਬੇਨਤੀ ਕੀਤੀ ਕਿ ਆਪਣਾ ਸਮਾਂ ਸਾਰਥਿਕ ਕਰਨ ਲਈ ਇਨ੍ਹਾਂ ਲਾਸਾਨੀ ਸ਼ਹਾਦਤਾਂ ਤੋਂ ਪ੍ਰੇਰਨਾ ਲੈਣ ਲਈ ਬਹੁਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇੰਨੀ ਛੋਟੀ ਉਮਰ ਵਿਚ ਸਾਹਿਬਜ਼ਾਦਿਆਂ ਅਤੇ ਲੱਗਭਗ ੮੩ ਸਾਲ ਦੀ ਵਡੇਰੀ ਉਮਰ 'ਚ ਮਾਤਾ ਗੁਜਰੀ ਜੀ ਦੀ ਸ਼ਹਾਦਤ ਸਦਕਾ ਅੱਜ ਕੌਮ ਦੀ ਨੀਂਹ ਮਜ਼ਬੂਤ ਹੈ। ਉਨ੍ਹਾਂ ਸਮੁੱਚੇ ਮੁਲਾਜ਼ਮਾਂ ਨੂੰ ਪ੍ਰੇਰਤ ਕਰਦਿਆਂ ਕਿਹਾ ਕਿ ਅੱਜ ਦੇ ਦਿਨ ਲੱਖਾਂ ਸਿੱਖ ਸੰਗਤਾਂ ਆਪਣੇ ਛੋਟੇ-ਛੋਟੇ ਬੱਚਿਆਂ ਅਤੇ ਪਰਿਵਾਰ ਨਾਲ ਜਿਥੇ ਇਹ ਸ਼ਹਾਦਤਾਂ ਹੋਈਆਂ ਉਸ ਅਸਥਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਦਰਸ਼ਨ ਕਰਕੇ ਇਨ੍ਹਾਂ ਸ਼ਹਾਦਤਾਂ ਨੂੰ ਨਤਮਸਤਕ ਹੋ ਰਹੀਆਂ ਹਨ।

ਇਸ ਮੌਕੇ ਸਕੱਤਰ ਸ. ਮਨਜੀਤ ਸਿੰਘ, ਐਡੀ. ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ਼੍ਰੋਮਣੀ ਕਮੇਟੀ ਦੇ ਬੁਲਾਰੇ ਸ. ਕੁਲਵਿੰਦਰ ਸਿੰਘ ਰਮਦਾਸ, ਮੀਤ ਸਕੱਤਰ ਸ. ਸਤਿੰਦਰ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਨਿਸ਼ਾਨ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਬਲਵਿੰਦਰ ਸਿੰਘ ਕਾਹਲਵਾ, ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਐਡੀ. ਮੈਨੇਜਰ ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਸਤਨਾਮ ਮਾਂਗਾਸਰਾਏ, ਸੁਪ੍ਰਿੰਟੈਂਡੈਂਟ ਸ. ਸਤਨਾਮ ਸਿੰਘ ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦਾ ਸਟਾਫ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ੨੮ ਦਸੰਬਰ

# ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਹਮੇਸ਼ਾ ਰਹੇਗਾ -ਭਾਈ ਲੌਂਗੋਵਾਲ

## ਵਰਤਮਾਨ ਸਮੇਂ ਸਿੱਖ ਇਤਿਹਾਸ ਅਤੇ ਰਵਾਇਤਾਂ ਸਬੰਧੀ ਪਾਏ ਜਾ ਰਹੇ ਸ਼ੰਕਿਆਂ ਤੋਂ ਸੁਚੇਤ ਰਹੇ ਸਿੱਖ ਕੌਮ -ਗਿਆਨੀ ਹਰਪ੍ਰੀਤ ਸਿੰਘ

ਇਸੇ ਦੌਰਾਨ ਨਗਰ ਕੀਰਤਨ ਦੀ ਸਮਾਪਤੀ ਮੌਕੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਗੁਰਮਤਿ ਸਮਾਗਮ 'ਚ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਕੌਮ ਲਈ ਮਾਰਗ ਦਰਸ਼ਨ ਹੈ ਅਤੇ ਸਮੁੱਚੀ ਕੌਮ ਦਾ ਫ਼ਰਜ਼ ਬਣਦਾ ਹੈ ਕਿ ਆਪਣੇ ਮਹਾਨ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਣਾ ਪ੍ਰਾਪਤ ਕਰੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਬਿਖੜੇ ਸਮੇਂ ਹਿੰਮਤ ਦਾ ਪੱਲਾ ਫੜ੍ਹ ਕੇ ਧਰਮ ਵਿਚ ਪਰਪੱਕ ਰਹਿਣ ਦਾ ਰਾਹ ਦਿਖਾਉਂਦੀਆਂ ਹਨ। ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਹਮੇਸ਼ਾ ਰਹੇਗਾ। ਭਾਈ ਲੌਂਗੋਵਾਲ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਨਾਲ-ਨਾਲ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਪਰਿਵਾਰ ਦਾ ਸਾਥ ਦੇਣ ਵਾਲੀਆਂ ਮਹਾਨ ਸ਼ਖ਼ਸੀਅਤਾਂ ਦੀ ਸ਼ਹੀਦੀ ਨੂੰ ਵੀ ਯਾਦ ਕੀਤਾ। ਭਾਈ ਲੌਂਗੋਵਾਲ ਨੇ ਉਨ੍ਹਾਂ ਸਮੂਹ ਧਾਰਮਿਕ ਸ਼ਖਸੀਅਤਾਂ, ਸਿੱਖ ਜਥੇਬੰਦੀਆਂ, ਸਭਾ-ਸੁਸਾਇਟੀਆਂ, ਸਕੂਲਾਂ/ਕਾਲਜਾਂ, ਪ੍ਰਸ਼ਾਸਨ ਤੇ ਸੰਗਤਾਂ ਦਾ ਸ਼ਹੀਦੀ ਸਭਾ ਦੌਰਾਨ ਸਹਿਯੋਗ ਕਰਨ ਲਈ ਧੰਨਵਾਦ ਕੀਤਾ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਕੌਮ ਲਾਸਾਨੀ ਵਿਰਸੇ ਦੀ ਵਾਰਸ ਹੈ ਅਤੇ ਕੌਮ ਦੇ ਇਤਿਹਾਸ ਅੰਦਰ ਸ਼ਹਾਦਤਾਂ ਦੀ ਲੰਮੀ ਲੜੀ ਮੌਜੂਦ ਹੈ। ਉਨ੍ਹਾਂ ਕਿਹਾ ਕਿ ਅਜੋਕੀ ਨੌਜੁਆਨੀ ਨੂੰ ਆਪਣੇ ਇਤਿਹਾਸ ਤੋਂ ਵਾਕਫ ਕਰਵਾਉਣ ਦੀ ਵੱਡੀ ਲੋੜ ਹੈ। ਉਨ੍ਹਾਂ ਸਿੱਖ ਕੌਮ ਨੂੰ ਗੁਰਬਾਣੀ, ਇਤਿਹਾਸ, ਮਰਯਾਦਾ ਅਤੇ ਪ੍ਰੰਪਰਾਵਾਂ ਦੇ ਗਿਆਨ ਤੋਂ ਜਾਣੂ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਵਰਤਮਾਨ ਸਮੇਂ ਅੰਦਰ ਸਿੱਖ ਇਤਿਹਾਸ ਅਤੇ ਰਵਾਇਤਾਂ ਸਬੰਧੀ ਪਾਏ ਜਾ ਰਹੇ ਸ਼ੰਕਿਆਂ ਤੋਂ ਸੁਚੇਤ ਰਹੇ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੇ ਕਿਹਾ ਕਿ ਕੌਮ ਅੰਦਰ ਭੁਲੇਖੇ ਪੈਦਾ ਕਰਨ ਵਾਲਿਆਂ ਤੋਂ ਸੁਚੇਤ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਧਰਮ ਅੰਦਰ ਸ਼ਰਧਾ ਦਾ ਵੱਡਾ ਮਹੱਤਵ ਹੁੰਦਾ ਹੈ ਅਤੇ ਤਰਕ ਦੀ ਥਾਂ ਬਿਬੇਕ ਸਿੱਖ ਚਿੰਤਨ ਦਾ ਅਹਿਮ ਅੰਗ ਹੈ। ਉਨ੍ਹਾਂ ਕਿਹਾ ਕਿ ਕੌਮ ਨੂੰ ਅੱਜ ਬਿਬੇਕ ਨਾਲ ਅੱਗੇ ਵਧਣਾ ਚਾਹੀਦਾ ਹੈ ਅਤੇ ਆਪਣੀਆਂ ਰਵਾਇਤਾਂ, ਪ੍ਰੰਪਰਾਵਾਂ ਅਤੇ ਵਿਰਾਸਤ ਦੀ ਅਗਵਾਈ ਵਿਚ ਕੌਮੀ ਇਕਜੁਟਤਾ ਲਈ ਯਤਨ ਕਰਨੇ ਚਾਹੀਦੇ ਹਨ। ਇਸ ਸਮੇਂ ਸਟੇਜ ਦੀ ਸੇਵਾ ਨਿਭਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਭਾਵੁਕ ਪਲਾਂ ਨੂੰ ਸੰਗਤ ਨਾਲ ਸਾਂਝਾ ਕੀਤਾ। ੨੮ ਦਸੰਬਰ

# ਉੱਤਰ ਪ੍ਰਦੇਸ਼ 'ਚ ਨਗਰ ਕੀਰਤਨ ਸਜਾਉਣ ਤੋਂ ਰੋਕਣਾ ਸਿੱਖਾਂ ਦੀ ਧਾਰਮਿਕ ਆਜ਼ਾਦੀ 'ਤੇ ਹਮਲਾ -ਭਾਈ ਲੌਂਗੋਵਾਲ

ਅੰਮ੍ਰਿਤਸਰ- ਉੱਤਰ ਪ੍ਰਦੇਸ਼ ਅੰਦਰ ਨਗਰ ਕੀਰਤਨ ਕੱਢਣ ਸਮੇਂ ਪੁਲਿਸ ਵੱਲੋਂ ਸੰਗਤਾਂ ਖਿਲਾਫ ਕੇਸ ਦਰਜ ਕਰਨ ਦੀ ਨਿਖੇਧੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਇਹ ਸਿੱਖਾਂ ਦੀ ਧਾਰਮਿਕ ਅਜ਼ਾਦੀ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਬਰਦਾਸ਼ਤ

ਨਹੀਂ ਕੀਤਾ ਜਾ ਸਕਦਾ। ਦੱਸਣਯੋਗ ਹੈ ਕਿ ਯੂਪੀ ਅੰਦਰ ਪੀਲੀਭੀਤ ਦੇ ਪਿੰਡ ਖੇੜੀ ਨੌਬਰਾਮਾਦ ਵਿਚ ਸੰਗਤਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜਾਦਿਆਂ ਦੇ ਸ਼ਹੀਦੀ ਦਿਹਾੜੇ ਸਮੇਂ ਨਗਰ ਕੀਰਤਨ ਸਜਾਉਣ ਤੋਂ ਰੋਕਿਆ ਗਿਆ ਹੈ। ਜਾਣਕਾਰੀ ਅਨੁਸਾਰ ਇਸ ਦੌਰਾਨ ੫੫ ਸਿੱਖ ਸੰਗਤਾਂ 'ਤੇ ਕੇਸ ਵੀ ਦਰਜ ਕਰ ਦਿੱਤਾ ਗਿਆ। ਇਸ ਘਟਨਾ ਨੂੰ ਸ਼੍ਰੋਮਣੀ ਕਮੇਟੀ ਨੇ ਨਾਦਰਸ਼ਾਹੀ ਫੈਸਲਾ ਕਰਾਰ ਦਿੱਤਾ ਹੈ ਅਤੇ ਇਸ ਦੀ ਘੋਰ ਨਿਖੇਧੀ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਆਖਿਆ ਹੈ ਕਿ ਸਿੱਖ ਸੰਗਤਾਂ ਦੇਸ਼ ਦੁਨੀਆ ਅੰਦਰ ਗੁਰਪੁਰਬਾਂ ਅਤੇ ਹੋਰ ਇਤਿਹਾਸਕ ਦਿਹਾੜਿਆਂ ਮੌਕੇ ਨਗਰ ਕੀਰਤਨ ਸਜਾ ਕੇ ਸ਼ਰਧਾ ਪ੍ਰਗਟਾਉਂਦੀਆਂ ਹਨ ਪਰੰਤੂ ਦੁੱਖ ਦੀ ਗੱਲ ਹੈ ਕਿ ਉੱਤਰ ਪ੍ਰਦੇਸ਼ ਅੰਦਰ ਪੀਲੀਭੀਤ ਦੇ ਇੱਕ ਪਿੰਡ ਵਿਚ ਪੁਲਿਸ ਵੱਲੋਂ ਨਗਰ ਕੀਰਤਨ ਸਜਾ ਰਹੇ ਸਿੱਖਾਂ ਵਿਰੁੱਧ ਕੇਸ ਦਰਜ ਕਰ ਦਿੱਤਾ ਗਿਆ। ਭਾਈ ਲੌਂਗੋਵਾਲ ਨੇ ਕਿਹਾ ਕਿ ਸਿੱਖਾਂ ਦੀ ਧਾਰਮਿਕ ਆਜ਼ਾਦੀ ਵਿਰੁੱਧ ਉੱਤਰ ਪ੍ਰਦੇਸ਼ ਪੁਲਿਸ ਦੇ ਸਿੱਖ ਵਿਰੋਧੀ ਫੈਸਲੇ ਨਾਲ ਸਿੱਖਾਂ ਅੰਦਰ ਭਾਰੀ ਰੋਸ ਹੈ। ਪੁਲਿਸ ਦੀ ਕਾਰਵਾਈ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜੀ ਹੈ। ਉਨ੍ਹਾਂ ਕਿਹਾ ਕਿ ਨਗਰ ਕੀਰਤਨ ਕੱਢਣ 'ਤੇ ਰੋਕ ਲਗਾਉਣ ਦੀ ਕੋਈ ਤੁਕ ਨਹੀਂ ਸੀ ਬਣਦੀ, ਕਿਉਂਕਿ ਸਿੱਖ ਕੌਮ ਵੱਲੋਂ ਸਜਾਏ ਜਾਂਦੇ ਨਗਰ ਕੀਰਤਨ ਆਪਣੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਪ੍ਰਗਟਾਉਣ ਦੇ ਨਾਲ ਨਾਲ ਮਨੁੱਖੀ ਭਾਚੇਚਾਰੇ ਨੂੰ ਜੋੜਦੇ ਹਨ। ਇਸ ਸਮੇਂ ਹਰ ਧਰਮ ਦੇ ਲੋਕ ਰਲ ਮਿਲ ਕੇ ਗੁਰੂ ਘਰਾਂ ਅੰਦਰ ਸ਼ਮੂਲੀਅਤ ਕਰਦੇ ਹਨ, ਪਰੰਤੂ ਹੈਰਾਨੀਜਨਕ ਗੱਲ ਹੈ ਕਿ ਉਤਰ ਪ੍ਰਦੇਸ਼ ਪੁਲਿਸ ਵੱਲੋਂ ਨਗਰ ਕੀਰਤਨ ਸਜਾਉਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਇਸ ਸਬੰਧੀ ਯੂਪੀ ਸਰਕਾਰ ਨੂੰ ਦੋਸ਼ੀ ਪੁਲਿਸ ਕਰਮੀਆਂ ਖਿਲਾਫ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਆਖਿਆ ਕਿ ਸਿੱਖ ਕੌਮ ਅਜਿਹਾ ਧੱਕਾ ਹਰਗਿਜ ਬਰਦਾਸ਼ਤ ਨਹੀਂ ਕਰੇਗੀ ਕਿ ਉਸ ਨੂੰ ਆਪਣੇ ਧਾਰਮਿਕ ਦਿਹਾੜੇ ਮਨਾਉਣ ਤੋਂ ਰੋਕਿਆ ਜਾਵੇ। ੩੦ ਦਸੰਬਰ

# ਸ਼੍ਰੋਮਣੀ ਕਮੇਟੀ ਦੇ ਸੇਵਾ ਮੁਕਤ ਮੁਲਾਜ਼ਮਾਂ ਨੂੰ ਦਿੱਤੀ ਵਿਦਾਇਗੀ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸੇਵਾ ਨਿਭਾਅ ਰਹੇ ਤਿੰਨ ਮੁਲਾਜ਼ਮਾਂ ਨੂੰ ਸੇਵਾ ਮੁਕਤ ਹੋਣ 'ਤੇ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਖੇਪ ਵਿਦਾਇਗੀ ਸਮਾਰੋਹ ਦੌਰਾਨ ਸੇਵਾਮੁਕਤ ਹੋਏ ਮੁਲਾਜ਼ਮਾਂ ਸ. ਸੁਖਦੇਵ ਸਿੰਘ ਸੁਪਰਵਾਈਜ਼ਰ ਫਲਾਇੰਗ, ਸ. ਕੁਲਦੀਪ ਸਿੰਘ ਸਹਾਇਕ ਸੁਪਰਵਾਈਜ਼ਰ ਆਰ.ਟੀ.ਆਈ. ਅਤੇ ਸ. ਸਵਰੂਪ ਸਿੰਘ ਮੈਂਬਰ ਸੇਵਾਦਲ ਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਆਖਿਆ ਕਿ ਪੁਰਾਣੇ ਮਲਾਜ਼ਮਾਂ ਦੇ ਤਜ਼ਰਬੇ ਤੋਂ ਨਵੇਂ ਮੁਲਾਜ਼ਮਾਂ ਨੂੰ ਸੇਧ ਲੈਣੀ ਚਾਹੀਦੀ ਹੈ। ਉਨ੍ਹਾਂ ਸੇਵਾ ਮੁਕਤ ਹੋਏ ਮੁਲਾਜ਼ਮਾਂ ਦੀਆਂ ਸੇਵਾਵਾਂ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ ਤੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਨੇ ਵੀ ਸੰਬੋਧਨ ਕੀਤਾ। ਇਸ ਦੌਰਾਨ ਸ. ਸੁਖਦੇਵ ਸਿੰਘ, ਸ. ਕੁਲਦੀਪ ਸਿੰਘ ਤੇ ਸ. ਸਵਰੂਪ ਸਿੰਘ ਨੂੰ ਗੁਰੂ ਬਖ਼ਸ਼ਿਸ ਸਿਰੋਪਾਓ, ਸ੍ਰੀ ਸਾਹਿਬ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਸੁਲੱਖਣ ਸਿੰਘ ਭੰਗਾਲੀ, ਸਹਾਇਕ ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਅਤੇ ਸੇਵਾਮੁਕਤ ਹੋਏ ਮੁਲਾਜ਼ਮਾਂ ਦੇ ਪਰਿਵਾਰਕ ਮੈਂਬਰ ਤੇ ਰਿਸ਼ਤੇਦਾਰ ਮੌਜੂਦ ਸਨ। ੩੧ ਦਸੰਬਰ



ਕੇਂਦਰੀ ਸਿੱਖ ਅਜਾਇਬ ਘਰ ਵਿਖੇ ਲਗਾਈਆਂ ਜਾਣ ਵਾਲੀਆਂ ਤਸਵੀਰਾਂ ਸਬੰਧ ਸਬ-ਕਮੇਟੀ ਦੀ ਇਕੱਤਰਤਾ 'ਚ ਸ਼ਾਮਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖ਼ਾਲਸਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ/ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਤੇ ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ। (20 ਦਸੰਬਰ)



ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨਾਲ ਪ੍ਰਬੰਧਾਂ ਸਬੰਧੀ ਕੀਤੀ ਗਈ ਇਕੱਤਰਤਾ 'ਚ ਸ਼ਾਮਲ ਸੀਨੀਅਰ ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਅਤੇ ਹੋਰ। (9 ਦਸੰਬਰ)



ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਨਾਂ ਉਨ੍ਹਾਂ ਦੇ ਨਿੱਜੀ ਸਹਾਇਕ ਸ. ਜਸਪਾਲ ਸਿੰਘ ਨੂੰ ਸੁਖਜਿੰਦਰ ਸਿੰਘ ਰੰਧਾਵਾ ਵਿਰੁੱਧ ਕਾਰਵਾਈ ਲਈ ਮੰਗ ਪੱਤਰ ਸੌਂਪਦੇ ਹੋਏ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਮਨਜੀਤ ਸਿੰਘ, ਭਾਈ ਰਾਮ ਸਿੰਘ, ਸ. ਸੁਰਜੀਤ ਸਿੰਘ ਭਿੱਟੇਵਡ, ਸ. ਹਰਜਾਪ ਸਿੰਘ ਸੁਲਤਾਨਵਿੰਡ ਤੇ ਸ. ਗੁਰਪ੍ਰੀਤ ਸਿੰਘ ਝੱਬਰ। (31 ਦਸੰਬਰ)



ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਅਤੇ ਮਾਤਾ ਗੁਜਰ ਕੌਰ ਜੀ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਅੰਮ੍ਰਿਤਸਰ ਵਿਖੇ ਕਰਵਾਏ ਗਏ ਸ੍ਰੀ ਅਖੰਡਪਾਠ ਸਾਹਿਬ ਉਪਰੰਤ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਅਤੇ ਸੰਗਤਾਂ। (28 ਦਸੰਬਰ)



ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਸਮੇਂ ਕੀਤੀ ਗਈ ਸ਼ੋਕ ਸਭਾ ਦੌਰਾਨ ਅਰਦਾਸ 'ਚ ਸ਼ਾਮਲ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਕਰਮਚਾਰੀ। (21 ਦਸੰਬਰ)




ਸ਼੍ਰੋਮਣੀ ਕਮੇਟੀ ਦੇ ਸੇਵਾ ਮੁਕਤ ਮੁਲਾਜ਼ਮਾਂ ਨੂੰ ਭਲਾਈ ਫੰਡ ਸਕੀਮ ਤਹਿਤ ਸਨਮਾਨਿਤ ਕਰਨ ਸਮੇਂ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਮਨਜੀਤ ਸਿੰਘ ਬਾਠ ਤੇ ਹੋਰ। (9 ਦਸੰਬਰ)



ਉੜੀਸਾ ਦੇ ਜਗਨਨਾਥ ਪੁਰੀ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਅਸਥਾਨਾਂ ਬਾਰੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਸੀਨੀ: ਮੀਤ ਪ੍ਰਧਾਨ ਭਾਈ ਰਜਿੰਦਰ ਸਿੰਘ ਮਹਿਤਾ, ਨਾਲ ਹਨ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਸੁਖਦੇਵ ਸਿੰਘ ਭੂਰਾ ਕੋਹਨਾ, ਸ. ਕੁਲਵਿੰਦਰ ਸਿੰਘ ਰਮਦਾਸ ਤੇ ਸ. ਸਕੱਤਰ ਸਿੰਘ। (24 ਦਸੰਬਰ)



ਸ਼੍ਰੋਮਣੀ ਕਮੇਟੀ ਦੇ ਸੇਵਾ-ਮੁਕਤ ਹੋਏ ਮੁਲਾਜ਼ਮਾਂ ਨੂੰ ਸਨਮਾਨਤ ਕਰਦੇ ਹੋਏ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਰਾਮ ਸਿੰਘ, ਸ. ਗੁਰਪ੍ਰੀਤ ਸਿੰਘ ਝੱਬਰ, ਮੁੱਖ ਸਕੱਤਰ ਡਾ. ਰੂਪ ਸਿੰਘ, ਸਕੱਤਰ ਸ. ਅਵਤਾਰ ਸਿੰਘ ਸੈਂਪਲਾ, ਸ. ਮਹਿੰਦਰ ਸਿੰਘ ਆਹਲੀ ਅਤੇ ਹੋਰ। (31 ਦਸੰਬਰ)

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

## ਚਿੱਠਾ ਆਮਦਨ/ਖ਼ਰਚ ਜਨਰਲ ਬੋਰਡ ਫੰਡ, ਮਹੀਨਾ ਅਗਸਤ ੨੦੧੯

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਅਣਦਿੱਤੀ ਤਨਖ਼ਾਹ | ੬੯੬/੨ | | ੬੭੪੬੪.੦੦ |
| ੨ | ਆਈ.ਸੀ.ਆਈ.ਸੀ.ਆਈ. ਬੈਂਕ ਖਾਤਾ ਨੰ.<br>੦੦੬੬੦੧/੦੧੧੨੭੫ | ੧੬੯੨/੪ | | ੨੧੯੮੬੭੫.੦੦ |
| ੩ | ਆਮਦਨ ਗੁ: ਗਜ਼ਟ | ੧੯੭/੧ | | ੧੨੦੦੦.੦੦ |
| ੪ | ਇਮਾਰਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਖ਼ਾਲਸਾ ਕਾਲਜ<br>ਭਗਤਾ ਭਾਈ | ੧੨੩੬/੩ | ੪੧੦੭੦੮.੦੦ | |
| ੫ | ਇਮਾਰਤ ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫਾਰ ਗਰਲਜ਼<br>ਆਕੜ ਪਟਿਆਲਾ | ੧੩੨੪/੩ | ੧੦੭੬੫੫.੦੦ | |
| ੬ | ਇਮਾਰਤ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਗਰਲਜ਼<br>ਕਰਹਾਲੀ ਸਾਹਿਬ | ੧੨੭੬/੩ | ੨੦੧੪੯੮੭.੦੦ | |
| ੭ | ਇੰਟਰਨਲ ਆਡਿਟ ਫ਼ੀਸ | ੫੫੭/੨ | ੫੨੬੫੭੫.੦੦ | |
| ੮ | ਇੰਟਰਨੈਟ | ੮੭੩/੨ | ੧੦੯੧੫੦.੦੦ | |
| ੯ | ਇਨਕਮ ਟੈਕਸ ਫਰਮਾਂ | ੧੭੮੭/੪ | ੧੧੩੨੮੬.੦੦ | ੧੧੩੨੮੬.੦੦ |
| ੧੦ | ਇਨਕਮ ਟੈਕਸ ਮੁਲਾਜ਼ਮਾਂ | ੧੮੪੨/੪ | ੯੦੩੮੫੦.੦੦ | ੯੦੩੮੫੦.੦੦ |
| ੧੧ | ਐਂਟਰਟੇਨਮੈਂਟ | ੨੩੧/੧ | ੨੬੨੦੬.੦੦ | |
| ੧੨ | ਐਚ.ਡੀ.ਐਫ.ਸੀ. ਬੈਂਕ ਖ਼ਾਤਾ ਨੰ. ੩੧੬੦੨੭ | ੧੫੯੭/੪ | ੧੬੪੯੫੦੬੩.੦੦ | ੧੫੨੧੦੮੨੧.੦੦ |
| ੧੩ | ਐਚ.ਡੀ.ਐਫ.ਸੀ. ਬੈਂਕ ਘੰਟਾ ਘਰ ਖ਼ਾਤਾ ਨੰ.<br>੧੪੩੧੩/੯੪੭੪੯ | ੧੫੯੪/੪ | | ੬੪.੯੦ |
| ੧੪ | ਕਿਰਾਇਆ ਕੁਆਰਟਰ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ | ੨੧੫/੧ | | ੩੩੦੧੪.੦੦ |
| ੧੫ | ਕੈਸ਼ ਹੋਣ ਯੋਗ ਚੈਕ | ੭੨੨/੨ | ੫੦੦੦.੦੦ | |
| ੧੬ | ਕੰਪਿਊਟਰ ਖ਼ਰਚ | ੩੯੩/੧ | ੧੩੭੦੬.੦੦ | |
| ੧੭ | ਖ਼ਰਚ ਗੁਰਦੁਆਰਾ ਗਜ਼ਟ | ੨੦੬/੧ | ੨੨੪੭੪੮.੦੦ | |
| ੧੮ | ਖ਼ਰਚ ਗੱਡੀਆਂ (ਤੇਲ, ਮੁਰੰਮਤ, ਬੀਮਾ) | ੭੭੭/੨ | ੪੦੯੪੮੧.੦੦ | |
| ੧੯ | ਖ਼ਰਚ ਸਬ-ਆਫਿਸ ਚੰਡੀਗੜ੍ਹ | ੨੬੪/੧ | ੧੦੩੮੮੧੦.੦੦ | |
| ੨੦ | ਖ਼ਰਚ ਸ੍ਰੀ ਕਲਗੀਧਰ ਨਿਵਾਸ ਚੰਡੀਗੜ੍ਹ | ੨੭੪/੧ | ੩੫੦੯੪੧.੦੦ | |
| ੨੧ | ਜਮਾਨਤਾਂ ਠੇਕੇਦਾਰਾਂ | ੧੭੩੧/੪ | | ੧੦੦੭੫੦.੦੦ |
| ੨੨ | ਟੀ.ਡੀ.ਐਸ. ਆਨ ਐਸ.ਜੀ.ਐਸ.ਟੀ. ਫਰਮਾਂ | ੧੭੯੯/੪ | | ੨੫੩੪੦.੦੦ |

| | | | | |
|---|---|---|---|---|
| ੨੩ | ਟੀ.ਡੀ.ਐਸ. ਆਨ ਐਸ.ਜੀ.ਐਸ.ਟੀ. ਫਰਮਾਂ | ੧੮੦੩/੪ | | ੨੫੩੪੦.੦੦ |
| ੨੪ | ਟੈਲੀਫੋਨ ਇੰਟਰਨਲ | ੫੧੮/੨ | ੮੧੯੨.੦੦ | |
| ੨੫ | ਟੈਲੀਫੋਨ ਦਫ਼ਤਰ | ੫੦੩/੨ | ੧੪੩੦੩.੦੦ | |
| ੨੬ | ਠੇਕਾ ਜ਼ਮੀਨ ਗੁਰਦੁਆਰਾ ਸਾਹਿਬ ਪਿੰਡ ਕੰਗਮਾਈ | ੩੮੧/੧ | | ੮੪੦੦੦.੦੦ |
| ੨੭ | ਡਾਕ ਖ਼ਰਚ | ੪੦੧/੧ | ੧੦੪੪੫.੦੦ | |
| ੨੮ | ਤਨਖ਼ਾਹ ਅਤੇ ਬਿੱਲ ਸਬ-ਆਫਿਸ ਕੁਰੂਕਸ਼ੇਤਰ ਹਰਿਆਣਾ | ੮੪੪/੨ | ੧੯੪੫੩੦.੦੦ | |
| ੨੯ | ਤਨਖ਼ਾਹ ਇੰਸਪੈਕਸ਼ਨ ਵਿਭਾਗ | ੫੪੬/੨ | ੪੧੮੮੫੫੪.੦੦ | |
| ੩੦ | ਤਨਖ਼ਾਹ ਜਨਰਲ ਵਿਭਾਗ ਕਲਰਕ | ੫੩੨/੨ | ੧੪੭੩੯੮੧੭.੦੦ | ੪੦੭੦੮.੦੦ |
| ੩੧ | ਤਨਖ਼ਾਹ ਸਟਾਫ਼ ਆਨ ਡੈਪੂਟੇਸ਼ਨ | ੫੬੮/੨ | ੧੭੮੭੮੨.੦੦ | ੧੫੦੧੫੪.੦੦ |
| ੩੨ | ਦਫ਼ਾ ੮੫ ਦੇ ਗੁਰਦੁਆਰਾ ਸਾਹਿਬਾਨ ਪਾਸੋਂ ਆਮਦਨ | ੦੯/੧ | | ੩੭੮੮੮੨੦੨.੦੦ |
| ੩੩ | ਦਫ਼ਾ ੮੭ ਦੇ ਗੁਰਦੁਆਰਾ ਸਾਹਿਬਾਨ ਪਾਸੋਂ ਆਮਦਨ | ੮੩/੧ | | ੧੭੭੬੩੩੫.੦੦ |
| ੩੪ | ਪਬਲੀਸਿਟੀ | ੩੪੮/੧ | ੧੧੧੨੭੮੪.੦੦ | |
| ੩੫ | ਪੇਸ਼ਗੀ ਜਨਰਲ | ੧੦੧੦/੩ | ੧੩੫੪੫੦੦.੦੦ | ੫੪੫੦੪੫.੦੦ |
| ੩੬ | ਪੇਸ਼ਗੀ ਤਨਖ਼ਾਹ | ੧੧੧੩/੩ | ੧੧੧੮੫੦੦੦.੦੦ | ੧੨੨੨੩੭੨.੦੦ |
| ੩੭ | ਪੰਜਾਬ ਐਂਡ ਸਿੰਧ ਬੈਂਕ ਖਾਤਾ ਨੰ. ੨੧੨੩ | ੧੫੩੭/੪ | ੧੯੫੪੨੧੨੩.੦੦ | ੪੪੦੯੮੦੪.੦੦ |
| ੩੮ | ਪੰਜਾਬ ਨੈਸ਼ਨਲ ਬੈਂਕ ਮਾਤਾ ਗੰਗਾ ਜੀ ਨਿਵਾਸ | | | |
| | ਖ਼ਾਤਾ ਨੰ. ੫੭੪੪ | ੧੬੨੪/੪ | ੧੭੦੪੦੦੦.੦੦ | ੧੫੪੧੦੧੯.੦੦ |
| ੩੯ | ਫੁਟਕਲ | ੩੬੬/੧ | ੭੨੮੫੫.੯੦ | ੧੦੩੭੫.੦੦ |
| ੪੦ | ਬੈਂਕ ਆਫ਼ ਇੰਡੀਆ ਖ਼ਾਤਾ ਨੰ. ੪੬੧੨ | ੧੭੦੨/੪ | | ੨੭੪੦੩੮.੦੦ |
| ੪੧ | ਮੁਰੰਮਤ ਸਮਾਨ | ੩੧੨/੧ | ੧੬੩੯੪.੦੦ | |
| ੪੨ | ਮੁਕੱਦਮੇ ਸਮੇਤ ਖ਼ਰਚਾ ਜੁਡੀਸ਼ਲ ਕਮਿਸ਼ਨ | ੩੨੭/੧ | ੯੧੭੯੩੦.੦੦ | |
| ੪੩ | ਰੌਸ਼ਨੀ | ੮੬੦/੨ | ੪੮੪੮੨.੦੦ | |
| ੪੪ | ਲੈਣ-ਦੇਣ ਟਰੱਸਟ ਫੰਡ | ੭੩੧/੨ | ੫੫੦੦੦੦.੦੦ | ੨੦੦੦੦੦.੦੦ |
| ੪੫ | ਲੈਣ-ਦੇਣ ਧਰਮ ਪ੍ਰਚਾਰ ਕਮੇਟੀ | ੮੩੩/੨ | | ੫੩੬੬੫੭.੦੦ |
| ੪੬ | ਲੈਣ-ਦੇਣ ਵਿਦਿਆ ਫੰਡ | ੮੨੧/੨ | | ੩੦੦੦੦੦.੦੦ |
| ੪੭ | ਵਰਦੀਆਂ ਮੁਲਾਜ਼ਮਾਂ | ੬੭੧/੨ | ੭੩੪੦੪.੦੦ | |
| ੪੮ | ਵਿਕਰੀ ਸਟਾਕ ਸਟੇਸ਼ਨਰੀ | ੧੮੩/੧ | | ੨੬੦.੦੦ |
| ੪੯ | ਸ/ਖ਼ਰਚ ਪ੍ਰਧਾਨ ਸਾਹਿਬ ਅਤੇ ਮੈਂਬਰ ਸਾਹਿਬਾਨ | ੬੪੭/੨ | ੭੧੭੨੪੨.੦੦ | |
| ੫੦ | ਸਟੇਟ ਬੈਂਕ ਆਫ਼ ਪਟਿਆਲਾ ਖਾਤਾ ਨੰ. | | | |
| | ੬੫੦੨੨੧੬੭੦੭੫ | ੧੬੬੨/੪ | ੩੦੨੩੫੨੯੩.੦੦ | ੧੪੮੪੮੪੨੯.੦੦ |
| ੫੧ | ਸਟੇਸ਼ਨਰੀ ਦਫ਼ਤਰ | ੨੮੮/੧ | ੭੭੦੬੫.੦੦ | |

| | | | | |
|---|---|---|---|---|
| ੫੨ | ਸਫ਼ਰ ਖ਼ਰਚ ਮੁਲਾਜ਼ਮਾਂ | ੬੧੪/੨ | ੩੫੩੭੪੮.੦੦ | |
| ੫੩ | ਸਬ-ਆਫ਼ਿਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ੪੨੭/੧ | ੨੧੮੩੭੬.੦੦ | |
| ੫੪ | ਸਬ-ਆਫ਼ਿਸ ਤਲਵੰਡੀ ਸਾਬੋ, ਬਠਿੰਡਾ | ੪੨੧/੧ | ੩੮੬੭੫੦.੦੦ | |
| ੫੫ | ਸਮਾਨ ਕੰਪਿਊਟਰ | ੩੮੬/੧ | ੧੮੭੭੪੦.੦੦ | |
| ੫੬ | ਸਮਾਨ ਤੇ ਕਿਤਾਬਾਂ ਸਬ-ਆਫ਼ਿਸ ਚੰਡੀਗੜ੍ਹ | ੨੮੨/੧ | ੭੦੦੦.੦੦ | |
| ੫੭ | ਸਮਾਨ ਤੇ ਫ਼ਰਨੀਚਰ ਦਫ਼ਤਰ | ੨੯੮/੧ | ੮੭੪੪.੦੦ | |
| ੫੮ | ਸਰੀਆ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਕਾਲਜ ਕਰਹਾਲੀ | ੧੨੭੮/੩ | ੨੦੯੮੮੩.੦੦ | |
| ੫੯ | ਸਹਾਇਤਾ ਗਰੀਬ ਬੱਚਿਆਂ ਦੀ ਪੜ੍ਹਾਈ | ੧੦੪੪/੩ | ੧੪੧੫੦੦.੦੦ | |
| ੬੦ | ਸਹਾਇਤਾ ਮੀਰੀ-ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਹਰਿਆਣਾ | ੮੨੫/੨ | ੫੦੦੦੦੦੦.੦੦ | ੧੫੦੦੦੦੦੦.੦੦ |
| ੬੧ | ਸਹਾਇਤਾ ਸ੍ਰੀ ਗੁਰੂ ਗ੍ਰੰਥ ਸਾਹਿਬ ਮੈਮੋਰੀਅਲ ਟਰੱਸਟ, ਫਤਹਿਗੜ੍ਹ ਸਾਹਿਬ | ੮੨੮/੨ | ੫੦੦੦੦੦੦.੦੦ | ੧੦੦੦੦੦੦੦.੦੦ |
| ੬੨ | ਸੀਮੈਂਟ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਖ਼ਾਲਸਾ ਗਰਲਜ਼ ਕਰਹਾਲੀ | ੧੨੮੩/੩ | | ੧੬੫੩੦.੦੦ |
| ੬੩ | ਸੇਫ਼ ਅਕਾਊਂਟ | ੭੦੩/੨ | | ੩੪੪੪੩੦੮.੦੦ |
| | | ਜੋੜ:- | ੧੧੧੧੩੯੧੦੨.੯੦ | ੧੧੦੯੬੮੮੪੦.੯੦ |
| | | ਹੱਥ ਦੀ ਬਾਕੀ:- | ੧੪੧੬੦੪ | ੩੧੧੮੬੬ |
| | | ਕੁੱਲ ਜੋੜ:- | ੧੧੧੨੮੦੭੦੬.੯੦ | ੧੧੧੨੮੦੭੦੬.੯੦ |

ਸਹੀ/-
ਚੀਫ਼ ਅਕਾਊਂਟੈਂਟ,

ਸਹੀ/-
ਮੀਤ ਸਕੱਤਰ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।